ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

## Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਸੋਮਵਾਰ, 19 ਜਨਵਰੀ 2026 (ਨਾਨਕਸ਼ਾਹੀ ਸੰਮਤ : ੫੫੭, ੬ ਮਾਘ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## 4 ਮਹੀਨੇ ਪਹਿਲਾਂ ਯੂ.ਕੇ.ਗਏ ਨੌਜਵਾਨ ਦੀ ਮੌਤ, ਭੈਣ ਦੀ ਮੰਗਣੀ 'ਤੇ ਆਉਣਾ ਸੀ ਘਰ

**ਚੰਡੀਗੜ੍ਹ, 18 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਪਿੰਡ ਨੰਗਲ ਬ੍ਰਾਹਮਣਾਂ ਦਾ ਨੌਜਵਾਨ ਕੇਸ਼ਵ ਸ਼ਰਮਾ, ਜੋ ਕੇਵਲ ਚਾਰ ਮਹੀਨੇ ਪਹਿਲਾਂ ਹੀ ਇੰਗਲੈਂਡ ਗਿਆ ਸੀ, ਉੱਥੇ ਇੱਕ ਭਿਆਨਕ ਸੜਕ ਹਾਦਸੇ ਦਾ ਸ਼ਿਕਾਰ ਹੋ ਗਿਆ। ਜਾਣਕਾਰੀ ਮੁਤਾਬਕ ਕਾਰਾਂ ਦੀ ਆਪਸੀ ਟੱਕਰ ਦੌਰਾਨ ਕੇਸ਼ਵ ਦੀ ਮੌਤ ਹੋ ਗਈ, ਜਿਸ ਨਾਲ ਪਿੰਡ ਅਤੇ ਪਰਿਵਾਰ 'ਚ ਸੋਗ ਦੀ ਲਹਿਰ ਦੌੜ ਗਈ ਹੈ। ਕੇਸ਼ਵ ਸ਼ਰਮਾ ਦੋ ਭੈਣਾਂ ਦਾ ਇਕਲੌਤਾ ਭਰਾ ਸੀ। ਪਰਿਵਾਰਕ ਨੇ ਦੱਸਿਆ ਕਿ ਕੇਸ਼ਵ ਆਪਣੀ ਭੈਣ ਦੀ ਅਗੇਂਸਟਮੈਂਟ ਲਈ ਭਾਰਤ ਵਾਪਸ ਆਉਣ ਦੀ ਤਿਆਰੀ ਕਰ ਰਿਹਾ ਸੀ, ਪਰ ਇਸ ਤੋਂ ਪਹਿਲਾਂ ਹੀ ਇਹ ਦਰਦਨਾਕ ਹਾਦਸਾ ਵਾਪਰ ਗਿਆ। ਇਸ ਘਟਨਾ ਤੋਂ ਬਾਅਦ ਪਿੰਡ ਨੰਗਲ ਬ੍ਰਾਹਮਣਾਂ ਵਿੱਚ ਮਾਤਮ ਛਾਇਆ ਹੋਇਆ ਹੈ। ਹਰ ਕਿਸੇ ਦੀਆਂ ਅੱਖਾਂ ਨਮ ਹਨ ਕਿਉਂਕਿ ਕੇਸ਼ਵ ਹਾਲੇ ਕੁਝ ਮਹੀਨੇ ਪਹਿਲਾਂ ਹੀ ਸੁਪਨੇ ਲੈ ਕੇ ਵਿਦੇਸ਼ ਗਿਆ ਸੀ ਅਤੇ ਕਿਸੇ ਨੂੰ ਅੰਦਾਜ਼ਾ ਨਹੀਂ ਸੀ ਕਿ ਉਹ ਮੁੜ ਆਪਣੇ ਘਰ ਵਾਪਸ ਨਹੀਂ ਆ ਸਕੇਗਾ। ਕੇਸ਼ਵ ਦੀ ਮੌਤ ਦੀ ਖ਼ਬਰ ਸੁਣਦਿਆਂ ਹੀ ਪਰਿਵਾਰ 'ਤੇ ਦੁੱਖਾਂ ਦਾ ਪਹਾੜ ਟੁੱਟ ਪਿਆ ਹੈ ਅਤੇ ਇਸ ਵੇਲੇ ਘਰ ਵਿੱਚ ਗ.ਮਗੀਨ ਮਾਹੌਲ ਬਣਿਆ ਹੋਇਆ ਹੈ। ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਵੀ ਦੀਨਾਨਗਰ ਦੇ ਨੌਜਵਾਨ ਨਮਨ ਕੂਲਰ ਦੀ ਇੰਗਲੈਂਡ ਵਿੱਚ ਮੌਤ ਹੋ ਚੁੱਕੀ ਹੈ। ਉਸ ਮਾਮਲੇ ਵਿੱਚ ਵੀ ਪਰਿਵਾਰ ਵੱਲੋਂ ਮੈਂਬਰ ਪਾਰਲੀਮੈਂਟ ਸੁਖਜਿੰਦਰ ਸਿੰਘ ਰੰਧਾਵਾ ਕੋਲ ਅਪੀਲ ਕੀਤੀ ਗਈ ਸੀ ਕਿ ਨੌਜਵਾਨ ਦੀ ਦੇਹ ਭਾਰਤ ਵਾਪਸ ਲਿਆਂਦੀ ਜਾਵੇ।

# "ਜਦੋਂ ਚਾਹੁੰਦੇ ਜਥੇਦਾਰ ਲਗਾ ਦਿੰਦੇ, ਜਿਸ ਮਰਜ਼ੀ ਨੂੰ ਮੁਆਫ਼ੀ ਦੇ ਦਿੰਦੇ…", ਮੁੱਖ ਮੰਤਰੀ ਨੇ ਪੰਥਕ ਧਿਰਾਂ ਲਈ ਮੁੜ ਵਰਤੇ ਇਤਰਾਜ਼ਯੋਗ ਸ਼ਬਦ

**ਚੰਡੀਗੜ੍ਹ, 18 ਜਨਵਰੀ (ਆਵਾਜ਼ਿ ਕੌਮ ਬਿਊਰੋ)**-"ਜਦੋਂ ਚਾਹੁੰਦੇ ਜਥੇਦਾਰ ਲਗਾ ਦਿੰਦੇ, ਜਦੋਂ ਚਾਹੁੰਦੇ ਬਦਲ ਦਿੰਦੇ, ਜਿਸ ਮਰਜ਼ੀ ਨੂੰ ਮੁਆਫ ਕਰ ਦਿਓ, ਜਿਸ ਮਰਜ਼ੀ ਦੀ ਮੁਆਫ਼ੀ ਰੱਦ ਕਰ ਦਿਓ…"। ਇਸ ਬਿਆਨਬਾਜ਼ੀ ਨਾਲ ਮੁੱਖ ਮੰਤਰੀ ਭਗਵੰਤ ਮਾਨ ਨੇ ਇੱਕ ਵਾਰ ਮੁੜ ਪੰਥਕ ਧਿਰਾਂ 'ਤੇ ਸਵਾਲ ਚੁੱਕੇ ਹਨ। ਉਨ੍ਹਾਂ ਨੇ ਜਥੇਦਾਰ ਸਾਹਿਬਾਨ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਬੰਧੀ ਇਤਰਾਜ਼ਯੋਗ ਬਿਆਨਬਾਜ਼ੀ ਕਰਦਿਆਂ ਕਿਹਾ ਕਿ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੂੰ ਪ੍ਰਧਾਨਗੀ ਤੋਂ ਅਸਤੀਫਾ ਦੇ ਕੇ ਰਾਜਨੀਤੀ ਕਰਨ ਲਈ ਕਿਹਾ। ਦੱਸ ਦਈਏ ਕਿ ਮੁੱਖ ਮੰਤਰੀ ਨੇ ਅਜੇ ਲੰਘੀ 15 ਜਨਵਰੀ ਨੂੰ ਹੀ ਪੇਸ਼ੀ ਦੌਰਾਨ ਸ਼੍ਰੀ ਅਕਾਲ ਤਖ਼ਤ ਸਾਹਿਬ ਵਿਖੇ ਮੁੜ ਤੋਂ ਅਜਿਹੇ ਬਿਆਨ ਨਾ ਦੇਣ ਦਾ ਭਰੋਸਾ ਦਿੱਤਾ ਸੀ। ਮੁੱਖ ਮੰਤਰੀ ਨੇ ਇਹ ਇਤਰਾਜ਼ਯੋਗ ਬਿਆਨ ਅੰਮ੍ਰਿਤਸਰ ਦੇ ਹਲਕਾ ਮਜੀਠਾ ਦੀ ਦਾਣਾ ਮੰਡੀ ਵਿਖੇ ਰੱਖੇ ਰਾਜ ਪੱਧਰੀ ਸਮਾਗਮ 'ਚ ਇਕੱਠ ਨੂੰ ਸੰਬੋਧਨ ਕਰਦਿਆਂ ਦਿੱਤਾ। ਦੂਜੇ ਪਾਸੇ, ਮੁੱਖ ਮੰਤਰੀ ਵੱਲੋਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਬਾਰੇ ਕੀਤੀ ਗਈ ਬਿਆਨਬਾਜ਼ੀ ਸਬੰਧੀ ਅੰਤ੍ਰਿੰਗ ਕਮੇਟੀ ਮੈਂਬਰ ਗੁਰਪ੍ਰੀਤ ਸਿੰਘ ਝੱਬਰ ਨੇ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ।





**ਸੀਐਮ ਮਾਨ ਨੇ ਕੀ ਕਿਹਾ ?**

ਹਾਲਾਂਕਿ, ਇਸ ਸਭ ਦੇ ਬਾਵਜੂਦ ਹੁਣ ਮਜੀਠਾ ਵਿਖੇ ਸੀਐਮ ਮਾਨ ਨੇ ਕਿਹਾ, "ਮੈਨੂੰ ਤਾਂ ਐਵੇਂ ਬਦਨਾਮ ਕਰੀ ਜਾਂਦੇ ਨੇ, ਕਿ ਇਸ ਨੇ ਮੱਥਾ ਲਾ ਲਿਆ, ਕੀ ਮੈਂ ਮੱਥਾ ਲਾਉਣ ਦੀ ਔਕਾਤ ਰੱਖਦਾਂ, ਕੀ ਮੈਂ ਮੱਥਾ ਲਾਉਣ ਦੀ ਹਿੰਮਤ ਰੱਖਦਾਂ, ਨਹੀਂ ਹੋ ਸਕਦਾ, ਕਦੇ ਵੀ ਨਹੀਂ ਹੋ ਸਕਦਾ। ਮੱਥਾ ਇਨ੍ਹਾਂ ਨੇ ਲਾਇਆ ਸੀ, ਜਦੋਂ ਚਾਹੁੰਦੇ ਨੇ ਜਥੇਦਾਰ ਬਦਲ ਦਿਓ, ਜਦੋਂ ਚਾਹੁੰਦੇ ਐ ਜਥੇਦਾਰ ਨੂੰ ਘਰੇ ਬੁਲਾ ਲਓ, ਜਦੋਂ ਚਾਹੁੰਦੇ ਐ ਜੀਹਨੂੰ ਮਰਜ਼ੀ ਮਾਫ ਕਰਦੋ ਤੇ ਜਦੋਂ ਚਾਹੁੰਦੇ ਐ ਜਿਸ ਮਰਜ਼ੀ ਦੀ ਮਾਫੀ ਕੈਂਸਲ ਕਰ ਦਿਓ। ਮੱਥਾ ਇਨ੍ਹਾਂ ਨੇ ਲਾਇਆ ਹੋਇਐ।" ਉਨ੍ਹਾਂ ਨੇ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੂੰ ਵੀ ਕਿਹਾ ਕਿ ਉਹ ਰਾਜਨੀਤੀ ਲਈ ਕਿਸੇ ਮਰਜ਼ੀ ਪਾਰਟੀ ਵਿੱਚ ਚਲੇ ਜਾਣ, ਪਰ ਪਹਿਲਾਂ ਸ਼੍ਰੋਮਣੀ ਕਮੇਟੀ ਨੂੰ ਛੱਡ ਦੇਣ। ਉਨ੍ਹਾਂ ਕਿਹਾ ਕਿ ਪਹਿਲਾਂ ਵਿਰੋਧੀ ਲੋਕਾਂ ਨੂੰ ਬੇਵਕੂਫ਼ ਬਣਾ ਕੇ ਸਿਆਸਤ ਦੀਆਂ ਰੋਟੀਆਂ ਸੇਕਦੇ ਰਹੇ। ਪਰ ਹੁਣ ਉਨ੍ਹਾਂ ਦੇ ਆਪਣੇ ਬਿਆਨਾਂ ਰਾਹੀਂ ਹੀ ਉਨ੍ਹਾਂ ਦੀ ਅਸਲੀਅਤ ਸਾਹਮਣੇ ਆ ਰਹੀ ਹੈ। ਦੱਸ ਦਈਏ ਕਿ 15 ਜਨਵਰੀ ਨੂੰ ਮੁੱਖ ਮੰਤਰੀ ਨੇ ਪੇਸ਼ੀ ਤੋਂ ਬਾਅਦ ਮੀਡੀਆ ਰੂਬਰੂ ਹੁੰਦੇ ਕਿਹਾ ਸੀ ਕਿ, ਉਹ ਇੱਕ ਨਿਮਾਣੇ ਸਿੱਖ ਵੱਜੋਂ ਪੇਸ਼ ਹੋਏ ਹਨ ਅਤੇ ਜਥੇਦਾਰ ਸਾਹਿਬ ਨੂੰ ਸਪੱਸ਼ਟੀਕਰਨ ਦਿੱਤਾ ਹੈ। ਉਨ੍ਹਾਂ ਕਿਹਾ ਕਿ ਸੀ ਕਿ ਸ੍ਰੀ ਅਕਾਲ ਤਖਤ ਸਾਹਿਬ ਨੂੰ ਚੈਲੰਜ ਕਰਨ ਦੀ ਮੇਰੀ ਕੋਈ ਸੋਚ ਨਹੀਂ ਅਤੇ ਹੁਣ ਅਗਲੇ ਫੈਸਲੇ ਬਾਰੇ ਸਿੰਘ ਸਾਹਿਬ ਦੱਸਣਗੇ, ਸਿੰਘ ਸਾਹਿਬ ਦਾ ਫੈਸਲਾ ਸਿਰ ਮੱਥੇ ਹੋਵੇਗਾ। ਇਸ ਪਿੱਛੋਂ ਜਥੇਦਾਰ ਕੁਲਦੀਪ ਸਿੰਘ ਗੜਗੱਜ ਨੇ ਵੀ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਸੀਐਮ ਮਾਨ ਵੱਲੋਂ ਧਾਰਮਿਕ ਮਸਲਿਆਂ 'ਤੇ ਆਪਣੀ ਬਿਆਨਬਾਜ਼ੀ 'ਤੇ ਖੇਦ ਜਤਾਉਂਦਿਆਂ ਭਵਿੱਖ 'ਚ ਟਿੱਪਣੀ ਨਾ ਕਰਨ ਦਾ ਭਰੋਸਾ ਦੇਣ ਬਾਰੇ ਜਾਣਕਾਰੀ ਦਿੱਤੀ ਸੀ।

## ਅੰਮ੍ਰਿਤਸਰ 'ਚ ਧਾਰਮਿਕ ਬੇਅਦਬੀ ਦੀ ਮੰਦਭਾਗੀ ਘਟਨਾ; ਨਿਹੰਗ ਜਥੇਬੰਦੀਆਂ ਨੇ ਜਤਾਇਆ ਰੋਸ, ਸੇਵਾਦਾਰ ਨੇ ਮੰਗੀ ਮੁਆਫੀ

**ਅੰਮ੍ਰਿਤਸਰ, 18 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ ਦੇ ਬਟਾਲਾ ਰੋਡ ਸਥਿਤ ਸਨ ਸਿਟੀ ਦੇ ਬਾਹਰਵਾਰ ਹਨੂੰਮਾਨ ਮੰਦਰ ਦੇ ਅੰਦਰ ਬੇਅਦਬੀ ਦੀ ਇੱਕ ਅਤਿ ਮੰਦਭਾਗੀ ਘਟਨਾ ਸਾਹਮਣੇ ਆਈ ਹੈ। ਜਾਣਕਾਰੀ ਅਨੁਸਾਰ ਕੁਝ ਅਣਪਛਾਤੇ ਵਿਅਕਤੀਆਂ ਵੱਲੋਂ ਗੁਰੂ ਸਾਹਿਬ ਦੀਆਂ ਤਸਵੀਰਾਂ, ਮਾਤਾ ਰਾਣੀ ਦੀਆਂ ਮੂਰਤੀਆਂ ਅਤੇ ਸ਼ਿਵਲਿੰਗ ਦੀ ਬੇਅਦਬੀ ਕੀਤੀ ਗਈ। ਇਹ ਧਾਰਮਿਕ ਚਿੰਨ੍ਹ ਮੰਦਰ ਪਰਿਸਰ ਵਿੱਚ ਲਵਾਰਿਸ ਅਤੇ ਇਤਰਾਜ਼ਯੋਗ ਹਾਲਤ ਵਿੱਚ ਮਿਲੇ, ਜਿਸ ਤੋਂ ਬਾਅਦ ਇਲਾਕੇ ਵਿੱਚ ਤਣਾਅ ਪੈਦਾ ਹੋ ਗਿਆ। ਘਟਨਾ ਦੀ ਸੂਚਨਾ ਮਿਲਦੇ ਹੀ ਵੱਖ-ਵੱਖ ਨਿਹੰਗ ਸਿੱਖ ਜਥੇਬੰਦੀਆਂ ਮੌਕੇ 'ਤੇ ਪਹੁੰਚੀਆਂ ਅਤੇ ਇਸ ਘਟਨਾ 'ਤੇ ਸਖ਼ਤ ਰੋਸ ਪ੍ਰਗਟਾਇਆ। ਨਿਹੰਗ ਸਿੰਘਾਂ ਨੇ ਦੱਸਿਆ ਕਿ ਜਿਵੇਂ ਹੀ ਉਨ੍ਹਾਂ ਨੂੰ ਗੁਰੂ ਸਾਹਿਬ ਦੀਆਂ ਤਸਵੀਰਾਂ ਦੀ ਬੇਅਦਬੀ ਬਾਰੇ ਪਤਾ ਲੱਗਾ, ਉਹ ਤੁਰੰਤ ਉੱਥੇ ਪਹੁੰਚੇ। ਉਨ੍ਹਾਂ ਨੇ ਪੂਰੀ ਮਰਯਾਦਾ ਅਤੇ ਸਤਿਕਾਰ ਸਹਿਤ ਉਨ੍ਹਾਂ ਤਸਵੀਰਾਂ ਨੂੰ ਉੱਥੋਂ ਲਿਜਾ ਕੇ ਸਸਕਾਰ ਕੀਤਾ। ਜਥੇਬੰਦੀਆਂ ਨੇ ਪ੍ਰਸ਼ਾਸਨ ਤੋਂ ਦੋਸ਼ੀਆਂ ਖਿਲਾਫ ਸਖ਼ਤ ਕਾਰਵਾਈ ਦੀ ਮੰਗ ਕੀਤੀ ਹੈ। ਦੂਜੇ ਪਾਸੇ, ਮੰਦਰ ਵਿੱਚ ਪਿਛਲੇ 30-40 ਸਾਲਾਂ ਤੋਂ ਸੇਵਾ ਨਿਭਾ ਰਹੇ ਸੇਵਾਦਾਰ ਨੇ ਇਸ ਘਟਨਾ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ। ਸੇਵਾਦਾਰ ਨੇ ਕਿਹਾ ਕਿ ਮੰਦਰ ਦੀਆਂ ਕੰਧਾਂ ਛੋਟੀਆਂ ਹੋਣ ਕਾਰਨ ਕੋਈ ਸ਼ਰਾਰਤੀ ਅਨਸਰ ਅੰਦਰ ਦਾਖਲ ਹੋ ਕੇ ਮੰਦਰ ਦੀ ਛਵੀ ਖਰਾਬ ਕਰਨ ਅਤੇ ਕਬਜ਼ਾ ਕਰਨ ਦੀ ਨੀਅਤ ਨਾਲ ਅਜਿਹੀਆਂ ਕੋਝੀਆਂ ਹਰਕਤਾਂ ਕਰ ਰਿਹਾ ਹੈ। ਉਨ੍ਹਾਂ ਨੇ ਹੱਥ ਜੋੜ ਕੇ ਸੰਗਤਾਂ ਤੋਂ ਮਾਫ਼ੀ ਮੰਗਦਿਆਂ ਕਿਹਾ ਕਿ ਉਹ ਇਸ ਘਟਨਾ ਦੀ ਕੜੀ ਨਿੰਦਾ ਕਰਦੇ ਹਨ ਅਤੇ ਕਿਸੇ ਦੀ ਆਸਥਾ ਨੂੰ ਠੇਸ ਪਹੁੰਚਾਉਣਾ ਉਨ੍ਹਾਂ ਦਾ ਮਕਸਦ ਨਹੀਂ ਸੀ। ਸੇਵਾਦਾਰ ਵੱਲੋਂ ਜਨਤਕ ਤੌਰ 'ਤੇ ਮਾਫ਼ੀ ਮੰਗਣ ਤੋਂ ਬਾਅਦ ਨਿਹੰਗ ਜਥੇਬੰਦੀਆਂ ਨੇ ਵੱਡਾ ਦਿਲ ਦਿਖਾਉਂਦੇ ਹੋਏ ਮਾਮਲੇ ਨੂੰ ਸ਼ਾਂਤ ਕੀਤਾ। ਉਨ੍ਹਾਂ ਕਿਹਾ ਕਿ ਜੇਕਰ ਸੇਵਾਦਾਰ ਆਪਣੀ ਗਲਤੀ ਜਾਂ ਅਣਗਹਿਲੀ ਦੀ ਮਾਫ਼ੀ ਮੰਗ ਰਿਹਾ ਹੈ, ਤਾਂ ਉਹ ਇਸ ਨੂੰ ਮਾਫ਼ ਕਰਦੇ ਹਨ, ਪਰ ਨਾਲ ਹੀ ਚੇਤਾਵਨੀ ਦਿੱਤੀ ਕਿ ਭਵਿੱਖ ਵਿੱਚ ਅਜਿਹੀ ਘਟਨਾ ਦੁਬਾਰਾ ਨਹੀਂ ਵਾਪਰਨੀ ਚਾਹੀਦੀ ਅਤੇ ਧਾਰਮਿਕ ਅਸਥਾਨਾਂ ਦੀ ਸੁਰੱਖਿਆ ਦਾ ਪੂਰਾ ਖਿਆਲ ਰੱਖਿਆ ਜਾਵੇ।

## ਪੰਜਾਬ 'ਚ ਸੰਘਣੀ ਧੁੰਦ ਦਾ ਕਹਿਰ, ਵਾਪਰੇ ਹਾਦਸੇ, 2 ਦੀ ਹੋਈ ਮੌਤ, ਕਈ ਜ਼ਖ਼ਮੀ



**ਬਠਿੰਡਾ, 18 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਐਤਵਾਰ ਨੂੰ ਵੀ ਪੰਜਾਬ ਦੀਆਂ ਸੜਕਾਂ 'ਤੇ ਧੁੰਦ ਦਾ ਕਹਿਰ ਜਾਰੀ ਰਿਹਾ। ਘੱਟ ਦ੍ਰਿਸ਼ਟੀ ਕਾਰਨ ਜਲੰਧਰ ਵਿੱਚ ਚਾਰ ਅਤੇ ਬਠਿੰਡਾ ਵਿੱਚ ਇੱਕ ਹਾਦਸਾ ਵਾਪਰਿਆ। ਇਨ੍ਹਾਂ ਹਾਦਸਿਆਂ ਵਿੱਚ ਦੋ ਲੋਕਾਂ ਦੀ ਮੌਤ ਹੋ ਗਈ, ਜਦਕਿ ਕਈ ਹੋਰ ਜ਼ਖਮੀ ਹੋ ਗਏ। ਪੁਲਿਸ ਨੇ ਜ਼ਖਮੀਆਂ ਨੂੰ ਵੱਖ-ਵੱਖ ਹਸਪਤਾਲਾਂ ਵਿੱਚ ਦਾਖਲ ਕਰਵਾਇਆ, ਜਦਕਿ ਮ੍ਰਿਤਕਾਂ ਦੀਆਂ ਲਾਸ਼ਾਂ ਨੂੰ ਪੋਸਟਮਾਰਟਮ ਲਈ ਭੇਜ ਦਿੱਤਾ ਗਿਆ। ਇਹ ਹਾਦਸਾ ਜਲੰਧਰ-ਭੋਗਪੁਰ ਹਾਈਵੇਅ 'ਤੇ ਕਿਸ਼ਨਗੜ੍ਹ ਚੌਕ ਨੇੜੇ ਸੰਘਣੀ ਧੁੰਦ ਕਾਰਨ ਵਾਪਰਿਆ। ਜਲੰਧਰ ਤੋਂ ਭੋਗਪੁਰ ਜਾ ਰਿਹਾ ਇੱਕ ਟਰੱਕ ਇੱਕ ਟਰੈਕਟਰ-ਟਰਾਲੀ ਨਾਲ ਟਕਰਾ ਗਿਆ। ਟਰਾਲੀ ਅਲਾਵਲਪੁਰ ਤੋਂ ਕਰਤਾਰਪੁਰ ਜਾ ਰਹੇ ਸ਼ਰਧਾਲੂਆਂ ਨੂੰ ਲੈ ਕੇ ਜਾ ਰਹੀ ਸੀ। ਹਾਦਸੇ 'ਚ ਟਰੱਕ ਪਲਟ ਗਿਆ, ਜਿਸ ਨਾਲ ਗੱਡੀ ਚਾਲਕ ਦੀ ਮੌਤ ਹੋ ਗਈ। ਟਰਾਲੀ ਵਿੱਚ ਸਵਾਰ ਇੱਕ ਸ਼ਰਧਾਲੂ ਦੀ ਸਿਰ ਵਿੱਚ ਸੱਟ ਲੱਗਣ ਕਾਰਨ ਮੌਤ ਹੋ ਗਈ। ਹਾਦਸੇ ਕਾਰਨ ਆਵਾਜਾਈ ਵਿੱਚ ਵਿਘਨ ਪਿਆ। ਪੁਲਿਸ ਨੇ ਕਰੇਨ ਨਾਲ ਵਾਹਨਾਂ ਨੂੰ ਹਟਾ ਦਿੱਤਾ। ਇਸ ਤੋਂ ਇਲਾਵਾ ਬਠਿੰਡਾ ਦੀ ਮੌੜ ਮੰਡੀ ਵਿੱਚ, ਇੱਕ ਪੀਆਰਟੀਸੀ ਬੱਸ ਟਰੱਕ ਨਾਲ ਟਕਰਾ ਗਈ। ਇਸ ਦੌਰਾਨ ਕਈ ਵਾਹਨ ਵੀ ਆਪਸ 'ਚ ਟਕਰਾ ਗਏ। ਇਸ ਹਾਦਸੇ 'ਚ ਕਈ ਬੱਸ ਸਵਾਰ ਲੋਕ ਜ਼ਖਮੀ ਹੋ ਗਏ। ਬੱਸ ਦਾ ਅਗਲਾ ਹਿੱਸਾ ਪੂਰੀ ਤਰ੍ਹਾਂ ਚਕਨਾਚੂਰ ਹੋ ਗਿਆ। ਬੱਸ ਬਠਿੰਡਾ ਤੋਂ ਮਾਨਸਾ ਜਾ ਰਹੀ ਸੀ। ਹਾਦਸੇ ਤੋਂ ਬਾਅਦ ਸੜਕ 'ਤੇ ਟ੍ਰੈਫਿਕ ਜਾਮ ਹੋ ਗਿਆ। ਪੁਲਿਸ ਨੇ ਮੌਕੇ 'ਤੇ ਪਹੁੰਚ ਕੇ ਆਵਾਜਾਈ ਬਹਾਲ ਕੀਤੀ। ਖੁਸ਼ਕਿਸਮਤੀ ਨਾਲ, ਟਰੱਕ ਵਿੱਚ ਲੱਦੇ ਸਿਲੰਡਰ ਸੁਰੱਖਿਅਤ ਰਹੇ। ਜੇਕਰ ਸਿਲੰਡਰ ਫਟ ਜਾਂਦੇ ਤਾਂ ਵੱਡਾ ਹਾਦਸਾ ਹੋ ਸਕਦਾ ਸੀ।




**ਬੰਗਾ/ਚੰਡੀਗੜ੍ਹ, 18 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਬੰਗਾ ਸਥਿਤ ਨਾਭ ਕੰਵਲ ਰਾਜਾ ਸਾਹਿਬ ਦੇ ਮੁੱਦੇ 'ਤੇ ਆਮ ਆਦਮੀ ਪਾਰਟੀ ਨੂੰ ਵੱਡਾ ਝਟਕਾ ਲੱਗਿਆ ਹੈ। ਦੱਸ ਦਈਏ ਕਿ ਵਿਧਾਇਕ ਡਾ. ਸੁਖਵਿੰਦਰ ਕੁਮਾਰ ਸੁੱਖੀ ਨੇ ਕੈਬਨਿਟ ਰੈਂਕ ਤੋਂ ਅਸਤੀਫਾ ਦੇ ਦਿੱਤਾ ਹੈ। ਇਸ ਤੋਂ ਇਲਾਵਾ ਉਨ੍ਹਾਂ ਨੇ ਵੇਅਰਹਾਊਸ ਕਾਰਪੋਰੇਸ਼ਨ ਦੇ ਚੇਅਰਮੈਨ ਦਾ ਵੀ ਅਹੁਦਾ ਛੱਡ ਦਿੱਤਾ ਹੈ। ਉਨ੍ਹਾਂ ਨੇ ਸੋਸ਼ਲ ਮੀਡੀਆ 'ਤੇ ਲਾਈਵ ਹੋ ਕੇ ਆਪਣੇ ਅਸਤੀਫੇ ਦੀ ਪੁਸ਼ਟੀ ਕੀਤੀ ਹੈ। ਦੱਸ ਦਈਏ ਕਿ ਡਾ. ਸੁਖਵਿੰਦਰ ਕੁਮਾਰ ਸੁੱਖੀ ਬੰਗਾ ਤੋਂ ਵਿਧਾਇਕ ਹਨ। ਉਨ੍ਹਾਂ ਨੇ ਲਾਈਵ ਹੋ ਕੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੇ ਸ਼ਬਦਾਂ ਨੇ ਮੇਰੇ ਵਰਗੀ ਸਾਰੀ ਸੰਗਤ ਦੇ ਮਨ ਨੂੰ ਠੇਸ ਪਹੁੰਚਾਈ ਹੈ। ਉਹ ਰਾਜਾ ਸਾਹਿਬ ਦੇ ਸਨਮਾਨ ਲਈ ਕੁਝ ਵੀ ਕਰ ਸਕਦੇ ਹਨ। ਕਾਬਿਲੇਗੌਰ ਹੈ ਕਿ ਕਾਬਿਲੇਗੌਰ ਹੈ ਕਿ ਮੁੱਖ ਮੰਤਰੀ ਭਗਵੰਤ ਮਾਨ ਨੇ ਸ੍ਰੀ ਮੁਕਤਸਰ ਸਾਹਿਬ ਵਿੱਚ ਮਾਘੀ ਮੇਲੇ ਦੌਰਾਨ ਬੰਗਾ ਹਲਕੇ ਦੇ ਇੱਕ ਡੇਰੇ ਵਿੱਚੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਦੀਆਂ 328 ਕਾਪੀਆਂ ਚੋਰੀ ਹੋਣ ਸਬੰਧੀ ਬਿਆਨ ਦਿੱਤਾ ਸੀ। ਇਹ ਬਿਆਨ ਹੁਣ ਜ਼ੋਰ ਫੜਦਾ ਜਾ ਰਿਹਾ ਹੈ। ਇਸ ਮਾਮਲੇ ਨੇ ਰਾਜਨੀਤਿਕ ਅਤੇ ਧਾਰਮਿਕ ਹਲਕਿਆਂ ਵਿੱਚ ਹਲਚਲ ਮਚਾ ਦਿੱਤੀ ਹੈ।

## ਤਬਾਹੀ ਦਾ ਮੰਜ਼ਰ ਵੇਖ ਕੰਬੀ ਰੂਹ : ਇਕੋ ਰਾਤ 'ਚ ਦਾਗੇ ਗਏ 200 ਤੋਂ ਵੱਧ ਡਰੋਨ




**ਮਾਸਕੋ, 18 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਇਸ ਸਮੇਂ ਰੂਸ ਅਤੇ ਯੂਕਰੇਨ ਵਿਚਾਲੇ ਭਿਆਨਕ ਜੰਗ ਚੱਲ ਰਹੀ ਹੈ। ਦੱਸ ਦੇਈਏ ਕਿ ਇਹ ਲਗਾਤਾਰ ਵੱਧਦੀ ਜਾ ਰਹੀ ਹੈ। ਰੂਸੀ ਫੌਜ ਨੇ ਬੀਤੀ ਰਾਤ ਯੂਕਰੇਨ ਦੇ ਵੱਖ-ਵੱਖ ਇਲਾਕਿਆਂ 'ਤੇ 200 ਤੋਂ ਵੱਧ ਸਟ੍ਰਾਈਕ ਡਰੋਨਾਂ ਨਾਲ ਹਮਲਾ ਕੀਤਾ ਹੈ। ਇਸ ਹਮਲੇ ਨੇ ਯੂਕਰੇਨ ਦੇ 6 ਮੁੱਖ ਸੂਬਿਆਂ- ਸੁਮੀ, ਖਾਰਕੀਵ, ਨੀਪ੍ਰੋ, ਜ਼ਾਪੋਰਿਜ਼ੀਆ, ਖਮੇਲਨਿਤਸਕੀ ਅਤੇ ਓਡੇਸਾ ਵਿੱਚ ਭਾਰੀ ਤਬਾਹੀ ਮਚਾਈ ਹੈ। ਜਾਣਕਾਰੀ ਲਈ ਦੱਸ ਦੇਈਏ ਕਿ ਇਸ ਭਿਆਨਕ ਹਮਲੇ ਵਿੱਚ ਹੁਣ ਤੱਕ 2 ਲੋਕਾਂ ਦੀ ਮੌਤ ਹੋਣ ਦੀ ਖ਼ਬਰ ਹੈ ਅਤੇ ਇੱਕ ਬੱਚੇ ਸਣੇ ਦਰਜਨਾਂ ਲੋਕ ਜ਼ਖਮੀ ਹੋਏ ਹਨ। ਰਾਸ਼ਟਰਪਤੀ ਵੋਲੋਦੀਮੀਰ ਜ਼ੇਲੈਂਸਕੀ ਨੇ ਸੋਸ਼ਲ ਮੀਡੀਆ ਰਾਹੀਂ ਜਾਣਕਾਰੀ ਦਿੱਤੀ ਕਿ ਇਨ੍ਹਾਂ ਹਮਲਿਆਂ ਕਾਰਨ ਦੇਸ਼ ਦੀ ਊਰਜਾ ਪ੍ਰਣਾਲੀ ਬੁਰੀ ਤਰ੍ਹਾਂ ਪ੍ਰਭਾਵਿਤ ਹੋਈ ਹੈ। ਕਈ ਸ਼ਹਿਰਾਂ ਵਿੱਚ ਬਿਜਲੀ, ਪਾਣੀ ਅਤੇ ਹੀਟਿੰਗ ਦੀ ਸਪਲਾਈ ਠੱਪ ਹੋ ਗਈ ਹੈ, ਜਿਸ ਕਾਰਨ ਆਮ ਜਨਜੀਵਨ ਬੁਰੀ ਤਰ੍ਹਾਂ ਪ੍ਰਭਾਵਿਤ ਹੋਇਆ ਹੈ। ਰਾਸ਼ਟਰਪਤੀ ਜ਼ੇਲੈਂਸਕੀ ਨੇ ਕੜਾਕੇ ਦੀ ਠੰਢ ਅਤੇ ਖਰਾਬ ਮੌਸਮ ਦੇ ਬਾਵਜੂਦ 24 ਘੰਟੇ ਕੰਮ ਕਰ ਰਹੇ ਮੁਰੰਮਤ ਦਸਤਿਆਂ ਦੀ ਸ਼ਲਾਘਾ ਕੀਤੀ ਹੈ। ਉਨ੍ਹਾਂ ਕਿਹਾ ਕਿ ਰੂਸ ਦਾ ਮੁੱਖ ਉਦੇਸ਼ ਯੂਕਰੇਨ ਦੇ ਊਰਜਾ ਖੇਤਰ ਨੂੰ ਤਬਾਹ ਕਰਨਾ ਹੈ, ਪਰ ਮੁਰੰਮਤ ਟੀਮਾਂ ਹਰ ਸ਼ਹਿਰ ਵਿੱਚ ਸੇਵਾਵਾਂ ਬਹਾਲ ਕਰਨ ਲਈ ਜੁੱਟੀਆਂ ਹੋਈਆਂ ਹਨ। ਜ਼ੇਲੈਂਸਕੀ ਨੇ ਦੱਸਿਆ ਕਿ ਪਿਛਲੇ 7 ਦਿਨਾਂ ਵਿੱਚ ਰੂਸ ਨੇ 1,300 ਤੋਂ ਵੱਧ ਅਟੈਕ ਡਰੋਨ, ਲਗਭਗ 1,050 ਗਾਈਡਡ ਏਰੀਅਲ ਬੰਬ ਅਤੇ 29 ਮਿਜ਼ਾਈਲਾਂ ਨਾਲ ਹਮਲੇ ਕੀਤੇ ਹਨ। ਉਨ੍ਹਾਂ ਨੇ ਕੌਮਾਂਤਰੀ ਭਾਈਚਾਰੇ ਅਤੇ ਸਹਿਯੋਗੀ ਦੇਸ਼ਾਂ ਨੂੰ ਅਪੀਲ ਕੀਤੀ ਹੈ ਕਿ ਰੂਸ 'ਤੇ ਦਬਾਅ ਵਧਾਇਆ ਜਾਵੇ ਅਤੇ ਯੂਕਰੇਨ ਨੂੰ ਵਧੇਰੇ ਹਵਾਈ ਰੱਖਿਆ ਪ੍ਰਣਾਲੀਆਂ ਮੁਹੱਈਆ ਕਰਵਾਈਆਂ ਜਾਣ ਤਾਂ ਜੋ ਇਨ੍ਹਾਂ ਹਵਾਈ ਹਮਲਿਆਂ ਨੂੰ ਹਵਾ ਵਿੱਚ ਹੀ ਨਾਕਾਮ ਕੀਤਾ ਜਾ ਸਕੇ।


ਘੜੀਐ ਸਬਦੁ ਸਚੀ ਟਕਸਾਲ ॥
ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਵੱਲੋਂ ਵਰੋਸਾਈ ਹੋਈ ਦਮਦਮੀ ਟਕਸਾਲ ਦੇ
ਪਹਿਲੇ ਮੁਖੀ ਅਮਰ ਸ਼ਹੀਦ ਧੰਨ ਧੰਨ ਬਾਬਾ ਦੀਪ ਸਿੰਘ ਜੀ ਦੇ
ਜਨਮ ਦਿਹਾੜੇ ਨੂੰ ਸਮਰਪਿਤ 3 ਰੋਜ਼ਾ ਗੁਰਮਤਿ ਸਮਾਗਮ
22-23-24 ਜਨਵਰੀ 2026 ਨੂੰ ਸਮੂਹ ਨੌਜਵਾਨ ਸੇਵਾਦਾਰਾਂ ਵੱਲੋਂ
ਗੁਰੂ ਨਾਨਕ ਰੋਡ, ਗੁਰਦੁਆਰਾ ਸਿੰਘ ਸਭਾ ਸਾਊਥਹਾਲ ਵਿਖੇ ਬੜੀ ਸ਼ਰਧਾ ਭਾਵਨਾ ਨਾਲ ਕਰਵਾਇਆ ਜਾ ਰਿਹਾ ਹੈ।
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ 020 8574 4311
Guru Nanak Road, Southall UB2 4NP
ਵਿਸ਼ੇਸ਼ ਨੋਟ
ਸ੍ਰੀ ਅਖੰਡ ਪਾਠ ਸਾਹਿਬ


!! ਪੂਜਾ ਅਕਾਲ ਕੀ !!
!! ਪਰਚਾ ਸ਼ਬਦ ਕਾ !!
!! ਦੀਦਾਰ ਖਾਲਸੇ ਕਾ !!
ਸਮੂੰਹ ਇਲਾਕਾ ਨਿਵਾਸੀਆਂ ਨੂੰ ਇਹ ਜਾਣ ਕੇ ਬੜੀ ਖੁਸ਼ੀ ਹੋਵੇਗੀ ਕਿ ਹਰ ਸਾਲ ਦੀ ਤਰ੍ਹਾਂ
ਸੱਤਵੇਂ ਪਾਤਸ਼ਾਹ ਧੰਨ ਧੰਨ ਸ੍ਰੀ ਗੁਰੂ ਹਰਿ ਰਾਏ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਦੀ ਖੁਸ਼ੀ ਵਿੱਚ ਅਤੇ
ਸੱਚਖੰਡ ਵਾਸੀ ਸੰਤ ਬਾਬਾ ਲਾਭ ਸਿੰਘ ਜੀ ਅਤੇ ਸੰਤ ਬਾਬਾ ਹਰੀ ਸਿੰਘ ਜੀ
ਦੇਸੂਯੋਧਾ ਵਾਲਿਆਂ ਦੀ ਮਿੱਠੀ ਯਾਦ ਨੂੰ ਸਮਰਪਿਤ
20ਵਾਂ ਸਾਲਾਨਾ ਧਾਰਮਿਕ ਸਮਾਗਮ
ਮਿਤੀ 29-30-31 ਜਨਵਰੀ 2026
ਦਿਨ ਵੀਰਵਾਰ, ਸ਼ੁੱਕਰਵਾਰ ਅਤੇ ਸ਼ਨੀਵਾਰ
ਸਮਾਂ : ਸਵੇਰੇ 11 ਵਜੇ ਤੋਂ 2 ਵਜੇ ਤੱਕ
ਸਥਾਨ : ਪਿੰਡ ਜੋਗੇਵਾਲਾ
ਕੋਠੇ ਹਰਿ ਰਾਏ ਸਾਹਿਬ ਜੀ
ਨੇੜੇ ਡੱਬਵਾਲੀ ਮੰਡੀ ਸਿਰਸਾ ਵਿਖੇ
ਮਿਤੀ 31 ਜਨਵਰੀ, 3 ਵਜੇ ਅੰਮ੍ਰਿਤ ਸੰਚਾਰ ਵੀ ਹੋਵੇਗਾ
ਅੰਬੈਸਡਰ ਫਾਰ ਪੀਸ
ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ
ਸੰਤ ਬਾਬਾ ਬੂਟਾ ਸਿੰਘ ਗੁਰਥੜੀ ਵਾਲੇ,
ਭਾਈ ਗੁਰਸੇਵਕ ਸਿੰਘ ਰੰਗੀਲਾ ਹਜ਼ੂਰੀ ਜੱਥਾ ਗੁਰਦੁਆਰਾ ਦਾਦੂ ਸਾਹਿਬ, ਬਾਬਾ ਜਸਵਿੰਦਰ ਸਿੰਘ ਤਿਉਣਾ ਵਾਲੇ
ਗੁਰਬਾਣੀ ਕਥਾ ਕੀਰਤਨ ਦੁਆਰਾ ਸਿੱਖ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਨਗੇ।
ਸਰਬੱਤ ਸੰਗਤਾਂ ਸਮੇਂ ਸਿਰ ਹਾਜਰੀ ਭਰ ਕੇ ਗੁਰਬਾਣੀ ਕਥਾ ਕੀਰਤਨ ਦਾ ਲਾਹਾ ਪ੍ਰਾਪਤ ਕਰੋ ਜੀ।
ਬੇਨਤੀ ਕਰਤਾ -
ਸਮੂੰਹ ਸਾਧ ਸੰਗਤ, ਪਿੰਡ ਜੋਗੇਵਾਲਾ, ਨੇੜੇ ਡੱਬਵਾਲੀ, ਸਿਰਸਾ
86840-10671, 94167-69745, 95887-20116
94679-08015, 87088-48139

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

ਨਾਮ ਜਪੋ
ਕਿਰਤ ਕਰੋ
ਵੰਡ ਛੱਕੋ

ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net

Naam Japo
Kirat Karo
Vand Shako

ਵਾਹਿਗੁਰੂ ਜੀ ਕਾ ਖਾਲਸਾ॥
ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA
WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for **AWAZE QAUM** Channel
https://youtu.be/LQwolgxDu7I
Contact :
+447458381111
+447976210161
+919729091243


ਆਵਾਜ਼ਿ ਕੌਮ AWAZE QAUM TV




ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਸੰਤ ਗਿਆਨੀ ਗੁਰਬਚਨ ਸਿੰਘ ਜੀ
ਖਾਲ਼ਸਾ ਮੈਮੋਰੀਅਲ ਹਸਪਤਾਲ



ਇੱਥੇ ਹਰ ਸ਼ਨੀਵਾਰ ਅੱਖਾਂ ਦੇ ਫ੍ਰੀ ਆਪ੍ਰੇਸ਼ਨ ਕੀਤੇ ਜਾਂਦੇ ਹਨ।
+91 98767-50784 +91 98767-50784

ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲੇ
ਮੁਖੀ ਦਮਦਮੀ ਟਕਸਾਲ, ਪ੍ਰਧਾਨ ਸੰਤ ਸਮਾਜ


ਮਹਿਤਾ ਚੌਂਕ, ਅੰਮ੍ਰਿਤਸਰ

# ਸਾਂਝਾ ਪੰਜਾਬ

## VEG & NON-VEG INDIAN

WE CATER FOR
★★★★★






SANJHA PUNJAB
VEG & NON-VEG INDIAN
TAKE AWAY MENU

0116 291 1565
075 9999 5787
47 BELGRAVE ROAD
LEICESTER LE4 6AR
visit us : www.sanjhapunjab.co.uk
email: sanjha47@hotmail.com

## SANJHA PUNJAB

VEG & NON-VEG INDIAN

0116 291 1565

visit us : www.sanjhapunjab.co.uk
email: sanjha47@hotmail.com

ALLERGY ADVICE !!

Please ask a member of staff if you have any food intolerance or allergies.


ਆਵਾਜ਼ਿ ਕੌਮ
AWAZE QAUM
International Newspaper & WEB TV




# SAROA DENTAL CLINIC & IMPLANT CENTRE

**A Multispeciality Dental Clinic...**

- DENTAL CHECKUP
- CLEANING
- ROOT CANALS
- PREVENTIVE CARE

**LATEST FACILITIES AVAILABLE :**

Dental Implants
Dental Laset
Tooth Coloured Braces
Digital IOPA x-ray
Digital OPG x-ray

**DR. KAMALJIT SAROA**
B.D.S., Dental Surgeon
Moti Nagar, Near Railway
Crossing, Maqsudan
Jalandhar-144 008
Contact :
**98150-83338**
**70879-59639**



ਮੈਂ ਖ਼ੁਦ ਆਪਣਾ ਇਲਾਜ ਆਪਣੀ ਇੰਡੀਆ ਵਿਜਿਟ ਦੌਰਾਨ ਇੱਥੋਂ ਕਰਵਾਇਆ ਹੈ ਅਤੇ ਮੈਂ ਸਮੂਹ ਐਨ. ਆਰ. ਆਈਜ਼ ਅਤੇ ਲੋਕਲ ਵਸਨੀਕਾਂ ਨੂੰ ਵਿਸ਼ਵਾਸ ਦਿਵਾਉਂਦਾ ਹਾਂ ਕਿ ਸਰੋਆ ਡੈਂਟਲ ਕਲੀਨਿਕ ਅਤੇ ਇੰਪਲਾਂਟ ਸੈਂਟਰ ਵੱਲੋਂ ਬਹੁਤ ਹੀ ਵਧੀਆ ਅਤੇ ਵਾਜਬ ਸੇਵਾਵਾਂ ਪ੍ਰਦਾਨ ਕੀਤੀਆਂ ਹਨ ਅਤੇ ਇਸੇ ਕਾਰਨ ਮੈਂ ਅਪੀਲ ਕਰਦਾ ਹਾਂ ਕਿ ਜੇਕਰ ਕਿਸੇ ਨੂੰ ਵੀ, ਕਿਸੇ ਵੀ ਤਰ੍ਹਾਂ ਦੀ ਦੰਦਾਂ ਨਾਲ ਸੰਬੰਧਤ ਕੋਈ ਤਕਲੀਫ਼ ਹੈ ਤਾਂ ਇੱਕ ਵਾਰ ਇੱਥੇ ਜ਼ਰੂਰ ਵਿਜ਼ਿਟ ਕਰੋ।

-ਰਘਵੀਰ ਸਿੰਘ ਵਾਲਸਾਲ, ਮੁੱਖ ਸੰਪਾਦਕ 'ਆਵਾਜ਼ਿ ਕੌਮ, ਯੂ. ਕੇ.'

# ਲੰਡਨ ਵਿੱਚ ਸਿੱਖ ਬੱਚੀ ਨਾਲ ਵਾਪਰੀ ਗਰੂਮਿੰਗ ਗੈਂਗ ਦੀ ਘਟਨਾ ਅੱਤਨਿੰਦਣਯੋਗ - ਸ਼੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ

**ਲੰਡਨ, 18 ਜਨਵਰੀ (ਆਵਾਜ਼ਿ ਕੌਮ ਬਿਊਰੋ)-** ਪਿਛਲੇ ਦਿਨੀਂ ਲੰਡਨ ਦੇ ਇੱਕ ਸ਼ਹਿਰ ਵਿੱਚ ਇੱਕ ਸਿੱਖ ਬੱਚੀ ਨਾਲ ਵਾਪਰੀ ਗਰੂਮਿੰਗ ਗੈਂਗ ਦੀ ਗੰਭੀਰ ਘਟਨਾ ਨੇ ਪੂਰੀ ਸਿੱਖ ਕੌਮ ਨੂੰ ਝੰਜੋੜ ਕੇ ਰੱਖ ਦਿੱਤਾ ਹੈ। ਇਸ ਮਾਮਲੇ ਵਿੱਚ ਜਿੱਥੇ ਦੋਸ਼ੀ ਅਨਸਰਾਂ ਦੀ ਕਰਤੂਤ ਅੱਤਨਿੰਦਣਯੋਗ ਹੈ, ਉੱਥੇ ਹੀ ਸਿੱਖ ਨੌਜਵਾਨਾਂ ਅਤੇ ਸਿੱਖ ਜਥੇਬੰਦੀਆਂ ਵੱਲੋਂ ਅੱਗੇ ਆ ਕੇ ਸਿੱਖ ਬੱਚੀ ਨੂੰ ਸੁਰੱਖਿਅਤ ਤਰੀਕੇ ਨਾਲ ਉਸਦੇ ਪਰਿਵਾਰ ਤੱਕ ਪਹੁੰਚਾਇਆ ਗਿਆ।

ਇਸ ਸੰਬੰਧ ਵਿੱਚ ਦਮਦਮੀ ਟਕਸਾਲ ਦੇ ਮੁਖੀ


ਆਵਾਜ਼ਿ ਕੌਮ
AWAZE QAUM
International Newspaper & WEB TV

ਅਤੇ ਸੰਤ ਸਮਾਜ ਦੇ ਪ੍ਰਧਾਨ ਸ੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਵੱਲੋਂ ਕਿਹਾ ਕਿ ਲੰਡਨ ਵਿੱਚ ਵਾਪਰੀ ਇਹ ਘਟਨਾ ਬਹੁਤ ਹੀ ਗੰਭੀਰ ਅਤੇ ਚਿੰਤਾਜਨਕ ਹੈ, ਜੋ ਵਿਦੇਸ਼ਾਂ ਵਿੱਚ ਵੱਸ ਰਹੀ ਸਿੱਖ ਕੌਮ ਲਈ ਵੱਡੀ ਚੇਤਾਵਨੀ ਹੈ।

ਸੰਤ ਗਿਆਨੀ ਹਰਨਾਮ ਸਿੰਘ ਜੀ ਨੇ ਕਿਹਾ (ਏ ਕੇ ਮੀਡੀਆ ਦੇ ਭਾਈ ਜੱਸਾ ਸਿੰਘ) ਸ਼ੇਰੇ ਏ ਪੰਜਾਬ ਲੰਡਨ ਦੇ ਸਮੂਹ ਨੌਜਵਾਨਾਂ ਅਤੇ ਸਿੱਖ ਯੂਥ ਯੂ.ਕੇ ਦੇ ਭਾਈ ਦੀਪਾ ਸਿੰਘ ਸਮੇਤ ਹੋਰ ਸਿੱਖ ਨੌਜਵਾਨਾਂ ਵੱਲੋਂ ਨਿਭਾਇਆ ਗਿਆ ਰੋਲ ਬੇਹੱਦ ਸਲਾਹੁਣਯੋਗ ਹੈ।ਉਹਨਾਂ ਨੌਜਵਾਨਾਂ ਨੇ ਆਪਣੀ ਜਾਨ ਦੀ ਪਰਵਾਹ ਕੀਤੇ ਬਿਨਾਂ ਅੱਗੇ ਆ ਕੇ ਸਿੱਖ ਬੱਚੀ ਦੇ ਹੱਕ ਵਿੱਚ ਖੜ੍ਹ ਕੇ ਉਸਨੂੰ ਸੁਰੱਖਿਅਤ ਉਸਦੇ ਘਰ ਤੱਕ ਪਹੁੰਚਾਇਆ।

ਉਹਨਾਂ ਨੇ ਕਿਹਾ ਕਿ ਜਿਹੜੇ ਨੌਜਵਾਨਾਂ ਨੇ ਦੋਸ਼ੀਆਂ ਦੇ ਖ਼ਿਲਾਫ਼ ਆਵਾਜ਼ ਉਠਾਈ ਅਤੇ ਸਿੱਖ ਬੱਚੀ ਦੀ ਰੱਖਿਆ ਲਈ ਕਦਮ ਚੁੱਕੇ, ਉਹ ਨੌਜਵਾਨ ਪੂਰੀ ਸਿੱਖ ਕੌਮ ਵੱਲੋਂ ਸ਼ਾਬਾਸ਼ ਦੇ ਹੱਕਦਾਰ ਹਨ।ਨਾਲ ਹੀ ਉਹਨਾਂ ਨੇ ਗਰੂਮਿੰਗ ਵਰਗੀਆਂ ਸਮਾਜਿਕ ਬੁਰਾਈਆਂ ਦੇ ਖ਼ਿਲਾਫ਼ ਸਮੇਂ-ਸਮੇਂ ਤੇ ਸਰਗਰਮ ਹੋ ਕੇ ਕੰਮ ਕਰਨ ਵਾਲੀਆਂ ਹੋਰ ਸਿੱਖ ਜਥੇਬੰਦੀਆਂ ਦੀ ਵੀ ਖੁੱਲ੍ਹ ਕੇ ਪ੍ਰਸ਼ੰਸਾ ਕੀਤੀ।

ਸ਼੍ਰੀ ਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਨੇ




ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਅਤੇ ਸਿੱਖ ਜਥੇਬੰਦੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਜੋ ਨੌਜਵਾਨ ਕੌਮ ਦੀ ਰੱਖਿਆ ਲਈ ਆਪਣੀ ਜਾਨ ਹਥੇਲੀ 'ਤੇ ਰੱਖ ਕੇ ਸੰਘਰਸ਼ ਕਰ ਰਹੇ ਹਨ, ਸਾਨੂੰ ਡੱਟ ਕੇ ਉਹਨਾਂ ਦਾ ਸਾਥ ਦੇਣਾ ਚਾਹੀਦਾ ਹੈ। ਉਹਨਾਂ ਨੇ ਕਿਹਾ ਕਿ ਗੁਰਦੁਆਰਿਆਂ ਵਿੱਚ ਜਾਗਰੂਕਤਾ ਅਵੇਅਰਨੈਸ ਦੇ ਕੈਂਪ ਲਗਾ ਕੇ ਨੌਜਵਾਨਾਂ ਬੱਚਿਆਂ ਅਤੇ ਮਾਪਿਆਂ ਨੂੰ ਗਰੂਮਿੰਗ ਵਰਗੀਆਂ ਘਟਨਾਵਾਂ ਤੋਂ ਸੁਚੇਤ ਕਰਨਾ ਸਮੇਂ ਦੀ ਵੱਡੀ ਲੋੜ ਹੈ।

ਆਖਰ ਵਿੱਚ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਨੇ ਸਪਸ਼ਟ ਕੀਤਾ ਕਿ ਦਮਦਮੀ ਟਕਸਾਲ ਪਹਿਲਾਂ ਵੀ ਇਨ੍ਹਾਂ ਨੌਜਵਾਨਾਂ ਦੇ ਨਾਲ ਖੜੀ ਸੀ ਅਤੇ ਭਵਿੱਖ ਵਿੱਚ ਵੀ ਪੂਰੀ ਤਾਕਤ ਨਾਲ ਉਹਨਾਂ ਦਾ ਸਾਥ ਦੇਵੇਗੀ। ਉਹਨਾਂ ਨੇ ਸਿੱਖ ਸੰਗਤਾਂ ਨੂੰ ਅਪੀਲ ਕੀਤੀ ਕਿ ਇੰਗਲੈਂਡ ਹੀ ਨਹੀਂ, ਸਗੋਂ ਅਮਰੀਕਾ, ਕਨੇਡਾ, ਜਰਮਨੀ ਅਤੇ ਯੂਰਪ ਦੇ ਹੋਰ ਦੇਸ਼ਾਂ ਵਿੱਚ ਵੀ ਜਿੱਥੇ ਅਜਿਹੀਆਂ ਘਟਨਾਵਾਂ ਵਾਪਰਦੀਆਂ ਹਨ, ਸਿੱਖ ਅੱਗੇ ਆ ਕੇ ਆਪਣੇ ਬੱਚਿਆਂ ਦੀ ਰੱਖਿਆ ਲਈ ਸਾਂਝਾ ਰੋਲ ਅਦਾ ਕਰਨ।

ਨਾਲ ਹੀ ਉਹਨਾਂ ਨੇ ਮਾਪਿਆਂ ਨੂੰ ਖ਼ਾਸ ਹਦਾਇਤ ਕਰਦਿਆਂ ਕਿਹਾ ਕਿ ਆਪਣੇ ਬੱਚਿਆਂ, ਖ਼ਾਸ ਕਰਕੇ ਬੱਚੀਆਂ ਨੂੰ ਸਿੱਖੀ ਅਤੇ ਗੁਰਸਿੱਖੀ ਦੀ ਮਜ਼ਬੂਤ ਸਿੱਖਿਆ ਦੇ ਕੇ ਮਾੜੇ ਅਨਸਰਾਂ ਦੇ ਬਹਿਕਾਵੇ ਤੋਂ ਬਚਾਇਆ ਜਾਵੇ ਅਤੇ ਹਰ ਪੱਖੋਂ ਜਾਗਰੂਕ ਕੀਤਾ ਜਾਵੇ।

ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸਰਬੰਸਦਾਨੀ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਮਹਾਰਾਜ ਜੀ ਦੇ ਪਾਵਨ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ

# ਸਲਾਨਾ ਗੁਰਮਤਿ ਸਮਾਗਮ ਕਰਵਾਇਆ ਗਿਆ

## ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ















ਸਰਬੰਸਦਾਨੀ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਮਹਾਰਾਜ ਜੀ ਦੇ ਪਾਵਨ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਸਲਾਨਾ ਗੁਰਮਤਿ ਸਮਾਗਮ ਗੁਰਦੁਆਰਾ ਸੰਗਤਸਰ ਸਾਹਿਬ ਪਿੰਡ ਚੁਨਾਗਰਾ ਨੇੜੇ ਪਾਤੜਾ ਜ਼ਿਲਾ ਪਟਿਆਲਾ ਵਿਖੇ 17 ਜਨਵਰੀ 2026 ਨੂੰ ਕਰਵਾਇਆ ਗਿਆ ਜਿਸ ਵਿੱਚ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ ਭਾਈ ਗੁਰਸੇਵਕ ਸਿੰਘ ਰੰਗੀਲਾ ਹਜ਼ੂਰੀ ਜੱਥਾ ਗੁਰਦੁਆਰਾ ਦਾਦੂ ਸਾਹਿਬ ਵੱਲੋਂ ਰਸਭਿੰਨਾ ਕੀਰਤਨ ਕੀਤਾ ਗਿਆ 15 ਅਤੇ 16 ਜਨਵਰੀ ਰਾਤ ਨੂੰ ਬਾਬਾ ਪ੍ਰਦੀਪ ਸਿੰਘ ਚਾਂਦਪੁਰਾ ਪੰਥਕ ਸੇਵਾ ਲਹਿਰ ਦਾਦੂ ਸਾਹਿਬ ਵੱਲੋਂ ਧਾਰਮਿਕ ਦੀਵਾਨ ਸਜਾਏ ਗਏ ਇਸ ਸਮੇਂ ਹੋਏ ਅੰਮ੍ਰਿਤ ਸੰਚਾਰ ਵਿੱਚ 42 ਪ੍ਰਾਣੀਆਂ ਨੇ ਖੰਡੇ ਬਾਟੇ ਦਾ ਅੰਮ੍ਰਿਤ ਛੱਕ ਕੇ ਗੁਰੂ ਵਾਲੇ ਬਣਨਾ ਕੀਤਾ ਸਮਾਗਮ ਵਿੱਚ ਬਾਬਾ ਪ੍ਰਦੀਪ ਸਿੰਘ ਚਾਂਦਪੁਰਾ,ਬਾਬਾ ਭੀਮ ਸਿੰਘ ਹਰੀਗੜ,ਬਾਬਾ ਦਰਸ਼ਨ ਸਿੰਘ ਹਰਿਆਉ,ਬਾਬਾ ਬਿੰਦਰ ਸਿੰਘ ਢਡਿਆਲ,ਬਾਬਾ ਪ੍ਰਦੀਪ ਸਿੰਘ ਢੈਪਈ,ਹਲਕਾ ਵਿਧਾਇਕ ਕੁਲਵੰਤ ਸਿੰਘ ਬਾਜੀਗਰ,ਸਤਿੰਦਰ ਸਿੰਘ ਮੰਟਾ ਰਸੀਦਾਂ ਮੈਂਬਰ ਹਰਿਆਣਾ ਕਮੇਟੀ,ਚੇਅਰਮੈਨ ਤਜਿੰਦਰ ਸਿੰਘ ਬੂਰੜ,ਬਾਬਾ ਜਗਤਾਰ ਸਿੰਘ ਗੁੱਜਰਾਂ,ਬਾਬਾ ਬਰਮਾ ਸਿੰਘ ਜਨਾਲ,ਗਿਆਨੀ ਮਹਿਲ ਸਿੰਘ ਯੂਐਸਏ,ਗਿਆਨੀ ਬੇਅੰਤ ਸਿੰਘ ਐਸਜੀਪੀਸੀ ਨੇ ਵੀ ਹਾਜ਼ਰੀ ਭਰੀ ਅਸਥਾਨ ਦੇ ਮੁੱਖ ਸੇਵਾਦਾਰ ਬਾਬਾ ਜੀਵਨ ਸਿੰਘ ਚੁਨਾਗਰਾ ਪੰਥਕ ਸੇਵਾ ਲਹਿਰ ਦਾਦੂ ਸਾਹਿਬ ਵੱਲੋਂ ਆਏ ਸੰਤ ਮਹਾਂਪੁਰਖਾਂ ਨੂੰ ਸਿਰਪਾਓ ਭੇਂਟ ਕਰਕੇ ਸਨਮਾਨਿਤ ਕੀਤਾ ਗਿਆ ਗੁਰੂ ਕਾ ਲੰਗਰ ਅਤੁੱਟ ਵਰਤਿਆ। ••

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਆਵਾਜ਼ਿ ਕੌਮ AWAZE QAUM

## ਸਿਹਤ ਸੰਭਾਲ ਦਾ ਉਭਰਦਾ ਕੇਂਦਰ

# ਸਬ ਡਵੀਜ਼ਨਲ ਹਸਪਤਾਲ ਤਲਵੰਡੀ ਸਾਬੋ






ਹਸਪਤਾਲ ਮਨੁੱਖੀ ਜੀਵਨ ਲਈ ਬਹੁਤ ਹੀ ਮਹੱਤਵਪੂਰਨ ਸਥਾਨ ਹੁੰਦਾ ਹੈ ਇਹ ਉਹ ਥਾਂ ਹੁੰਦਾ ਹੈ ਜਿੱਥੇ ਬਿਮਾਰ ਜਖਮੀ ਅਤੇ ਲੋੜਵੰਦ ਲੋਕਾਂ ਦਾ ਇਲਾਜ ਕੀਤਾ ਜਾਂਦਾ ਹੈ ਆਧੁਨਿਕ ਯੁੱਗ ਵਿੱਚ ਹਸਪਤਾਲ ਸਿਰਫ ਇਲਾਜ ਦਾ ਕੇਂਦਰ ਨਹੀਂ ਸਗੋਂ ਸਿਹਤ ਜਾਗਰੂਕਤਾ ਸੁਰੱਖਿਆ ਅਤੇ ਸਿਹਤ ਸਬੰਧੀ ਸਿੱਖਿਆ ਦਾ ਵੀ ਸਾਧਨ ਹੈ ਇਸੇ ਤਰ੍ਹਾਂ ਦਾ ਹਰੇਕ ਪੱਖ ਤੋਂ ਸੰਪੂਰਨ ਸਰਕਾਰੀ ਹਸਪਤਾਲ ਦੇਖਣ ਨੂੰ ਮਿਲਦਾ ਹੈ ਜੋ ਕਿ ਜਿਲਾ ਬਠਿੰਡਾ ਦੀ ਹਦੂਦ ਅੰਦਰ ਪੈਂਦੀ ਗੁਰੂਆਂ ਦੀ ਚਰਨ ਛੋਹ ਪ੍ਰਾਪਤ ਧਰਤੀ ਤਖਤ ਸ਼੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਦੇ ਉੱਪਰ ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਨਾਮ ਨਾਲ ਸੁਸ਼ੋਭਿਤ ਸਰਕਾਰੀ ਸਬ ਡਵੀਜ਼ਨਲ ਹਸਪਤਾਲ ਤਲਵੰਡੀ ਸਾਬੋ ਬਣਿਆ ਹੋਇਆ ਹੈ ਇਹ ਸਭ ਸੰਭਵ ਹੋਇਆ ਹੈ ਇਕ ਇਨਸਾਨ ਦੀ ਯੋਗ ਅਗਵਾਈ ਕਰਕੇ ਤਲਵੰਡੀ ਸਾਬੋ ਦੇ ਸਰਕਾਰੀ ਹਸਪਤਾਲ ਨੂੰ ਪਿਛਲੇ ਸਮਿਆਂ ਦੇ ਵਿੱਚ ਜਿੱਥੇ ਕੋਈ ਵੀ ਨਹੀਂ ਜਾਣਦਾ ਸੀ ਅੱਜ ਪੂਰੇ ਬਠਿੰਡੇ ਜ਼ਿਲ੍ਹੇ ਵਿੱਚ ਪਹਿਲੇ ਨੰਬਰ ਉੱਪਰ ਆਉਂਦਾ ਹੈ। ਅੱਜ ਗੱਲ ਕਰਾਂਗੇ ਇਸ ਹਸਪਤਾਲ ਦੀ ਕਿ ਕਿਵੇਂ ਇੱਕ ਸਹੀ ਸੋਚ ਅਤੇ ਇਮਾਨਦਾਰ ਨੀਤੀ ਦੇ ਮਾਲਕ ਨਵ ਨਿਯੁਕਤ ਐਸਐਮਓ ਡਾਕਟਰ ਰਵੀਕਾਂਤ ਗੁਪਤਾ ਨੇ ਆਪਣੀ ਸੁਚੱਜੀ ਅਗਵਾਈ ਨਾਲ ਇੱਕ ਸਰਕਾਰੀ ਹਸਪਤਾਲ ਨੂੰ ਫਰਸ਼ ਤੋਂ ਅਰਸ਼ ਉੱਪਰ ਪਹਿਚਾ ਦਿੱਤਾ ਇਹ ਲੇਖ ਤਲਵੰਡੀ ਸਾਬੋ ਦੇ ਸ਼ਹੀਦ ਬਾਬਾ ਦੀਪ ਸਿੰਘ ਜੀ ਸਬ ਡਵੀਜ਼ਨਲ ਹਸਪਤਾਲ ਦੇ ਮਾਰਚ 2025 ਤੋਂ ਬਾਅਦ ਆਏ ਬਦਲਾਅ ਅਤੇ ਸੁਚੱਜੇ ਲੀਡਰ ਦੀ ਅਗਵਾਈ ਉੱਪਰ ਹੈ। ਅੱਜ ਜਿੱਥੇ ਆਮ ਲੋਕ ਸਰਕਾਰੀ ਹਸਪਤਾਲ ਦੀ ਜਗ੍ਹਾ ਪ੍ਰਾਈਵੇਟ ਹਸਪਤਾਲ ਨੂੰ ਤਵੱਜੋ ਦਿੰਦੇ ਹਨ ਉੱਥੇ ਅੱਜ ਤਲਵੰਡੀ ਸਾਬੋ ਦੇ ਲਾਗਲੇ ਪਿੰਡਾਂ ਦੇ ਲੋਕ ਅਤੇ ਸ਼ਹਿਰੀ ਲੋਕ ਇਸ ਸਰਕਾਰੀ ਹਸਪਤਾਲ ਨੂੰ ਇਲਾਜ ਦੇ ਲਈ ਪਹਿਲ ਦੇ ਤੌਰ 'ਤੇ ਪਸੰਦ ਕਰਦੇ ਹਨ ਇਹ ਸੰਭਵ ਹੋਇਆ ਹੈ ਇੱਥੋਂ ਦੇ ਮਾਰਚ 2025 ਦੇ ਨਵ ਨਿਯੁਕਤ ਸੀਨੀਅਰ ਮੈਡੀਕਲ ਅਫਸਰ ਰਵੀਕਾਂਤ ਗੁਪਤਾ ਦੀ ਮਿਹਨਤ ਯੋਗ ਅਗਵਾਹੀ ਇਮਾਨਦਾਰ ਅਤੇ ਸਾਰੇ ਸਟਾਫ ਨੂੰ ਨਾਲ ਲੈ ਕੇ ਚੱਲਣ ਦੀ ਸੋਚ ਦੇ ਨਾਲ ਜਿੱਥੇ ਮਾਰਚ ਮਹੀਨੇ ਤੋਂ ਪਹਿਲਾਂ ਇਸ ਹਸਪਤਾਲ ਦੀ ਓਪੀਡੀ ਕੋਈ ਜਿਆਦਾ ਨਹੀਂ ਸੀ। ਸਫਾਈ ਆਦਿ ਦਾ ਕੋਈ ਖਾਸ ਪ੍ਰਬੰਧ ਨਹੀਂ ਸੀ, ਸਟਾਫ ਦਾ ਵੀ ਪੂਰਾ ਪ੍ਰਬੰਧ ਨਹੀਂ ਸੀ, ਡਾਕਟਰ ਪੂਰੇ ਨਹੀਂ ਸਨ। ਉੱਥੇ ਹੀ ਐਸਐਮਓ ਡਾਕਟਰ ਰਵੀਕਾਂਤ ਗੁਪਤਾ ਜੀ ਨੇ ਆਪਣੀ ਨਿਯੁਕਤੀ ਤੋਂ ਹੀ ਕੰਮ ਕਰਕੇ ਇਹਨਾਂ ਸਭ ਕਮੀਆਂ ਨੂੰ ਦੂਰ ਕਰਦੇ ਹੋਏ ਹੋਰ ਜਿਆਦਾ ਮਿਹਨਤ ਕਰਦੇ ਹੋਏ ਇਸ ਸਰਕਾਰੀ ਹਸਪਤਾਲ ਨੂੰ ਚੰਗੇ ਹਸਪਤਾਲਾਂ ਦੀ ਸੂਚੀ ਵਿੱਚ ਖੜਾ ਕਰ ਦਿੱਤਾ ਹੈ। ਇਸ ਲੇਖ ਦੇ ਰਾਹੀਂ ਅਸੀਂ ਪਿਛਲੇ ਨੌ ਮਹੀਨਿਆਂ ਵਿੱਚ ਹੋਈਆਂ ਤਬਦੀਲੀਆਂ ਅਤੇ ਵਿਸ਼ੇਸ਼ ਥਾਵਾਂ ਉੱਪਰ ਚਾਨਣਾ ਪਾਵਾਂਗੇ ਤਾਂ ਜੋ ਲੋੜਵੰਦ ਲੋਕਾਂ ਤਾਂ ਜੋ ਲੋੜਵੰਦ ਲੋਕ ਇਸ ਹਸਪਤਾਲ ਵਿੱਚ ਚੰਗੀਆਂ ਸਿਹਤ ਸੇਵਾਵਾਂ ਲੈ ਸਕਣ ਪਹਿਲ ਦੇ ਵਿੱਚ ਗੱਲ ਕਰਦੇ ਹਾਂ ਹਸਪਤਾਲ ਦੀ ਸਫਾਈ ਦੀ ਸਫਾਈ ਦੇ ਪੱਖ ਤੋਂ ਹਸਪਤਾਲ ਇੱਕ ਨੰਬਰ ਤੇ ਹੈ ਇਸ ਹਸਪਤਾਲ ਦੇ ਵਿੱਚ ਸਫਾਈ ਦੇ ਉੱਪਰ ਵਿਸ਼ੇਸ਼ ਧਿਆਨ ਦਿੱਤਾ ਜਾਂਦਾ ਹੈ ਸਵੇਰੇ ਤੋਂ ਲੈ ਕੇ ਸ਼ਾਮ ਤੱਕ ਸਫਾਈ ਕਰਮਚਾਰੀਆਂ ਦੇ ਵੱਲੋਂ ਹਰੇਕ ਵਾਰਡ ਦੇ ਵਿੱਚ ਸਫਾਈ ਕੀਤੀ ਜਾਂਦੀ ਹੈ। ਐਮਰਜੈਂਸੀ ਵਾਰਡ ਦੇ ਵਿੱਚ ਵੀ ਸਪੈਸ਼ਲ ਸਫਾਈ ਕਰਮਚਾਰੀ ਤਾਇਨਾਤ ਕੀਤੇ ਹੋਏ ਹਨ ਤਾਂ ਜੋ ਸਮੇਂ-ਸਮੇਂ 'ਤੇ ਐਮਰਜੈਂਸੀ ਹਾਲਾਤਾਂ ਦੇ ਵਿੱਚ ਆਉਣ ਵਾਲੇ ਮਰੀਜ਼ਾਂ ਦੀ ਸਫਾਈ ਭਰਪੂਰ ਵਾਰਡ ਅਤੇ ਮਾਈਨਰ ਆਪਰੇਸ਼ਨ ਥੀਏਟਰ ਦੇ ਵਿੱਚ ਇਲਾਜ ਕੀਤਾ ਜਾ ਸਕੇ। ਜਿਵੇਂ ਕਹਾਵਤ ਵੀ ਹੈ ਕਿ ਸਫਾਈ ਦੇ ਵਿੱਚ ਹੀ ਖੁਦਾਈ ਹੁੰਦੀ ਹੈ, ਇਹ ਕਹਾਵਤ ਇਸ ਹਸਪਤਾਲ ਦੇ ਉੱਪਰ ਪੂਰੀ ਢੁੱਕਦੀ ਹੈ। ਹਸਪਤਾਲ ਦੇ ਹਰੇਕ ਹਿੱਸੇ ਦੀ ਸਫਾਈ ਦਾ ਖਾਸ ਧਿਆਨ ਰੱਖਿਆ ਜਾਂਦਾ ਹੈ। ਸਫਾਈ ਪੱਖੋਂ ਇਹ ਹਸਪਤਾਲ ਇੱਕ ਨੰਬਰ ਤੇ ਹੈ ਇਸ ਹਸਪਤਾਲ ਦੇ ਵਿੱਚ ਸਫਾਈ ਦੇ ਉੱਪਰ ਵਿਸ਼ੇਸ਼ ਧਿਆਨ ਦਿੱਤਾ ਜਾਂਦਾ ਹੈ। ਸਵੇਰੇ ਤੋਂ ਲੈ ਕੇ ਸ਼ਾਂਤੀ ਤੱਕ ਸਫਾਈ ਕਰਮਚਾਰੀਆਂ ਦੇ ਵੱਲੋਂ ਹਰੇਕ ਵਾਰਡ ਦੇ ਵਿੱਚ ਸਫਾਈ ਕੀਤੀ ਜਾਂਦੀ ਹੈ। ਹਸਪਤਾਲ ਦੇ ਹਰੇਕ ਹਿੱਸੇ ਦੀ ਸਫਾਈ ਦਾ ਖਾਸ ਧਿਆਨ ਰੱਖਿਆ ਜਾਂਦਾ ਹੈ ਸਫਾਈ ਪੱਖੋਂ ਇਹ ਹਸਪਤਾਲ ਪ੍ਰਾਈਵੇਟ ਹਸਪਤਾਲਾਂ ਨੂੰ ਵੀ ਮਾਤ ਪਾਉਂਦਾ ਹੈ ਹਸਪਤਾਲ ਦੀ ਇਮਾਰਤ ਦੀ ਗੱਲ ਕਰੀਏ ਤਾਂ ਮਾਰਚ ਮਹੀਨੇ ਤੋਂ ਬਾਅਦ ਹੀ ਹਸਪਤਾਲ ਦੀ ਇਮਾਰਤ ਦੇ ਉੱਪਰ ਰੰਗ ਕਰਨ ਦਾ ਕੰਮ ਸ਼ੁਰੂ ਕਰਵਾਇਆ ਗਿਆ ਅਤੇ ਥੋੜੀ ਬਹੁਤ ਟੁੱਟ ਭੱਜ ਦੀ ਮੁਰੰਮਤ ਵੀ ਕਰਵਾਈ ਗਈ ਜਿਸ ਦੇ ਸਦਕਾ ਅੱਜ ਇਹ ਹਸਪਤਾਲ ਦੇਖਣ ਦੇ ਵਿੱਚ ਇੱਕ ਬਹੁਤ ਸੋਹਣਾ ਹਸਪਤਾਲ ਲੱਗਦਾ ਹੈ। ਇੱਕ ਪ੍ਰਾਈਵੇਟ ਹਸਪਤਾਲ ਦੀ ਝਾਤ ਪਵਾਉਂਦਾ ਹੈ ਬਾਕੀ ਜਿਹਨੇ ਇਸ ਹਸਪਤਾਲ ਦੀ ਬਾਹਰੀ ਦੀਵਾਰ ਦੇ ਨਾਲ ਖਸਤਾ ਹਾਲਤ ਦੇ ਵਿੱਚ ਕੁਆਰਟਰ ਮੌਜੂਦ ਸਨ ਅਤੇ ਹਸਪਤਾਲ ਦੀ ਦਿੱਖ ਨੂੰ ਭੱਦਾ ਕਰਦੇ ਸਨ। ਉਹ ਵੀ ਚੰਗੀ ਪ੍ਰਸ਼ਾਸਨ ਨੀਤੀ ਦੇ ਨਾਲ ਉਹਨਾਂ ਨੂੰ ਸਰਕਾਰ ਤੋਂ ਮਨਜ਼ੂਰੀ ਲੈ ਕੇ ਖਸਤਾ ਹਾਲ ਕੁਆਟਰਾਂ ਨੂੰ ਤੁੜਵਾਇਆ ਗਿਆ ਤਾਂ ਜੋ ਇਸ ਥਾਂ ਉੱਪਰ ਹਸਪਤਾਲ ਦੀ ਦਿੱਖ ਨੂੰ ਸੁੰਦਰ ਬਣਾਉਣ ਦੇ ਲਈ ਇੱਕ ਸੁੰਦਰ ਪਾਰਕ ਬਣਾਇਆ ਜਾ ਸਕੇ। ਹਸਪਤਾਲ ਦੇ ਵਿੱਚ ਜਿੱਥੇ ਵੀ ਕੋਈ ਖਾਲੀ ਜਗ੍ਹਾ ਹੈ ਉਸ ਨੂੰ ਵਿਸ਼ੇਸ਼ ਤੌਰ 'ਤੇ ਸੁੰਦਰ ਦਿਖ ਦੇ ਕੇ ਸੋਹਣਾ ਬਣਾਇਆ ਜਾ ਰਿਹਾ ਹੈ। ਹਸਪਤਾਲ ਦੇ ਵਿੱਚ ਮਰੀਜ਼ਾਂ ਦੇ ਲਈ ਅਤੇ ਉਹਨਾਂ ਦੇ ਘਰ ਵਾਲਿਆਂ ਦੇ ਲਈ ਪੀਣ ਵਾਲੇ ਪਾਣੀ ਦਾ ਪ੍ਰਬੰਧ ਪੂਰੇ ਵਧੀਆ ਢੰਗ ਨਾਲ ਕੀਤਾ ਹੋਇਆ ਹੈ। ਆਰ.ਓ ਸਿਸਟਮ ਲਗਾ ਕੇ ਸ਼ੁੱਧ ਪਾਣੀ ਦਾ ਪ੍ਰਬੰਧ ਕੀਤਾ ਹੋਇਆ ਹੈ ਤਾਂ ਜੋ ਮਰੀਜ਼ਾਂ ਨੂੰ ਸ਼ੁੱਧ ਪਾਣੀ ਪੀਣ ਨੂੰ ਦਿੱਤਾ ਜਾ ਸਕੇ। ਇਸ ਤੋਂ ਇਲਾਵਾ ਸੀਵਰੇਜ ਦੇ ਪਾਣੀ ਨੂੰ ਟਰੀਟ ਕਰਨ ਦੇ ਲਈ ਵੀ ਹਸਪਤਾਲ ਦੇ ਵਿੱਚ ਸੀਵਰੇਜ ਵਾਟਰ ਟ੍ਰੀਟਮੈਂਟ ਪਲਾਂਟ ਵੀ ਲਗਾਇਆ ਹੋਇਆ ਹੈ। ਹਸਪਤਾਲ ਦੀ ਸਕਿਉਰਟੀ ਦੇ ਲਈ ਪੰਜਾਬ ਪੁਲਿਸ ਦੇ ਵੱਲੋਂ ਐਸਐਮਓ ਸਾਹਿਬ ਦੀ ਯਤਨਾ ਸਦਕਾ ਹਮੇਸ਼ਾ ਹਸਪਤਾਲ ਦੇ ਏਰੀਏ 'ਚ ਗਸ਼ਤ ਕੀਤੀ ਜਾਂਦੀ ਹੈ ਅਤੇ ਇੱਕ ਪੁਲਿਸ ਮੁਲਾਜ਼ਮ ਦੇ ਵੱਲੋਂ ਹਸਪਤਾਲ ਦੇ ਵਿੱਚ ਡਿਊਟੀ ਵੀ ਕੀਤੀ ਜਾਂਦੀ ਹੈ। ਇਸ ਦੇ ਨਾਲ ਹੀ ਹਸਪਤਾਲ ਨੂੰ ਪੂਰੀ ਤਰ੍ਹਾਂ ਕੈਮਰਿਆਂ ਦੀ ਨਿਗਰਾਨੀ ਹੇਠ ਕੀਤਾ ਹੋਇਆ ਹੈ ਤਾਂ ਜੋ ਕੋਈ ਵੀ ਅਣਸਖਾਵੀ ਘਟਨਾ ਨਾ ਘਟ ਸਕੇ ਹਸਪਤਾਲ ਦੇ ਵਿੱਚ ਮਾਨਾ ਨੂੰ ਸਹੀ ਢੰਗ ਨਾਲ ਪਾਰਕ ਕਰਨ ਦੇ ਲਈ ਵਿਸ਼ੇਸ਼ ਪਾਰਕਿੰਗ ਏਰੀਏ ਦਾ ਪ੍ਰਬੰਧ ਕੀਤਾ ਹੋਇਆ ਜਿਸ ਤੋਂ ਹਸਪਤਾਲ ਦੇ ਅੰਦਰ ਹਰੇਕ ਵਾਹਨ ਨੂੰ ਸੁਚੱਜੇ ਰੂਪ ਨਾਲ ਖੜਾ ਕੀਤਾ ਜਾ ਸਕਦਾ ਹੈ। ਹਸਪਤਾਲ ਦੀਆਂ ਸੇਵਾਵਾਂ ਦੇ ਉੱਪਰ ਜੇ ਚਾਨਣਾ ਪਾਈਏ ਤਾਂ ਕੁੱਜੇ ਵਿੱਚ ਸਮੁੰਦਰ ਬੰਦ ਕਰਨ ਵਾਲੀ ਗੱਲ ਹੀ ਹੋਵੇਗੀ। ਹਸਪਤਾਲ ਦੀ ਸ਼ੁਰੂਆਤ ਦੇ ਵਿੱਚ ਓਪੀਡੀ ਸਲਿਪ ਕਾਊਂਟਰ ਬਣਿਆ ਹੋਇਆ ਹੈ ਜਿੱਥੇ ਲੋੜਵੰਦ ਲੋਕਾਂ ਦੀ ਸੇਵਾ ਦੇ ਵਿੱਚ ਹਸਪਤਾਲ ਦੇ ਦੋ ਕਾਉਂਟਰ ਚਲਦੇ ਹਨ ਜਿਹੜੇ ਕਿ ਦੋ ਮਿਹਨਤੀ ਆਪਰੇਟਰ ਆਪਰੇਟਰਾਂ ਦੇ ਵੱਲੋਂ ਚਲਾਏ ਜਾਂਦੇ ਹਨ। ਤਾਂ ਕਿ ਮਰੀਜ਼ਾਂ ਦੀ ਓਪੀਡੀ ਸਲਿਪ ਨੂੰ ਲੈ ਕੇ ਕੋਈ ਵੀ ਦੇਰੀ ਨਾ ਹੋਵੇ ਹਸਪਤਾਲ ਦੇ ਵਿੱਚ ਵੱਖ-ਵੱਖ ਵਿਭਾਗਾਂ ਦੇ ਵਿੱਚ ਬੜੇ ਹੀ ਸੂਝਵਾਨ ਡਾਕਟਰ ਤਾਇਨਾਤ ਹਨ। ਇਹਨਾਂ ਵਿਭਾਗਾਂ ਵਿੱਚ ਮੁੱਖ ਵਿਭਾਗ ਹਨ ਮੈਡੀਸਨ ਵਿਭਾਗ, ਆਰਥੋ ਵਿਭਾਗ, ਸਰਜਰੀ, ਬੱਚਿਆਂ ਦਾ ਵਿਭਾਗ, ਜਿਸ ਨੂੰ ਖੁਦ ਐਸਐਮਓ ਡਾਕਟਰ ਰਵੀਕਾਂਤ ਗੁਪਤਾ ਲੀਡ ਕਰਦੇ ਹਨ। ਗਾਇਨੀ ਵਿਭਾਗ, ਐਕਸਰੇ ਵਿਭਾਗ, ਮਨੋਵਿਗਿਆਨ ਵਿਭਾਗ, ਅੱਖਾਂ ਦਾ ਵਿਭਾਗ, ਨੱਕ-ਕੰਨ ਗਲੇ ਦਾ ਵਿਭਾਗ, ਅਲਟਰਾਸਾਊਂਡ ਵਿਭਾਗ, ਐਨਸੀਡੀ ਵਿਭਾਗ ਇਹਨਾਂ ਸਭ ਵਿਭਾਗਾਂ ਦੇ ਵਿੱਚ ਸਾਰੇ ਹੀ ਡਾਕਟਰ ਬੜੇ ਹੀ ਮਿਹਨਤੀ ਹਨ ਜੋ ਕਿ ਮਰੀਜ਼ਾਂ ਦੀ ਹਰੇਕ ਪੱਖ ਤੋਂ ਦੇਖਭਾਲ ਕਰਦੇ ਹਨ। ਇਸ ਹਸਪਤਾਲ ਦਾ ਮੁੱਖ ਲੋੜਵੰਦ ਕੰਮ ਲੋਕਾਂ ਦੀ ਸੇਵਾ ਕਰਨਾ ਅਤੇ ਬਿਨਾਂ ਕਿਸੇ ਫਾਇਦੇ ਦੇ ਉਹਨਾਂ ਦਾ ਇਲਾਜ ਕਰਨਾ ਹੈ। ਇਸ ਤੋਂ ਇਲਾਵਾ ਪੰਜਾਬ ਸਰਕਾਰ ਦੀ ਮਦਦ ਦੇ ਨਾਲ ਜਲਦ ਹੀ ਜੱਚਾ ਬੱਚਾ ਹਸਪਤਾਲ ਜੋ ਕਿ ਬਣ ਕੇ ਬਿਲਕੁਲ ਤਿਆਰ ਹੋ ਚੁੱਕਿਆ ਹੈ। ਆਮ ਲੋਕਾਂ ਦੀ ਸੇਵਾ ਦੇ ਲਈ ਸਪੁਰਦ ਕੀਤਾ ਜਾਵੇਗਾ। ਜਿਸ ਨਾਲ ਇਸ ਹਸਪਤਾਲ ਦੇ ਵਿੱਚ ਹੋਰ ਵੀ ਜਿਆਦਾ ਮਰੀਜ਼ਾਂ ਨੂੰ ਸੇਵਾਵਾਂ ਦੇਣ ਦੀ ਸਮਰੱਥਾ ਵੱਧ ਜਾਵੇਗੀ। ਇਨਾਂ ਸਭ ਤੋਂ ਇਲਾਵਾ ਐਮਰਜੈਂਸੀ ਵਿਭਾਗ ਦੇ ਵਿੱਚ ਮਾਈਨਰ ਆਪਰੇਸ਼ਨ ਥੀਏਟਰ ਅਤੇ ਐਮਰਜੈਂਸੀ ਵਾਰਡ ਪੂਰਾ ਸਿਹਤ ਸਹੂਲਤਾਂ ਦੇ ਨਾਲ ਭਰਪੂਰ ਹੈ। ਇਸ ਵਿਭਾਗ ਦੇ ਹਰੇਕ ਸ਼ਿਫਟ ਵਿੱਚ ਡਾਕਟਰ ਅਤੇ ਸਬੰਧਤ ਸਟਾਫ ਹਰ ਸਮੇਂ ਮਰੀਜ਼ਾਂ ਦੀ ਦੇਖਭਾਲ ਦੇ ਲਈ ਹਾਜ਼ਰ ਹੁੰਦਾ ਹੈ। ਮਾਈਨਰ ਓਟੀ ਦੇ ਵਿੱਚ ਐਮਰਜੈਂਸੀ ਨਾਲ ਸੰਬੰਧਿਤ ਦਵਾਈਆਂ ਦੀ ਗਿਣਤੀ ਵੀ ਪੂਰੀ ਹੁੰਦੀ ਹੈ ਤਾਂ ਜੋ ਹਰ ਇੱਕ ਮਰੀਜ਼ ਦੇ ਇਲਾਜ ਵਿੱਚ ਕਿਸੇ ਵੀ ਤਰ੍ਹਾਂ ਦੀ ਦੇਰੀ ਨਾ ਹੋ ਸਕੇ ਅਤੇ ਮੌਕੇ 'ਤੇ ਹੀ ਇਲਾਜ ਜਲਦੀ ਤੋਂ ਜਲਦੀ ਹੋ ਸਕੇ। ਦਵਾਈਆਂ ਦੇ ਪੱਖੋਂ ਇਹ ਹਸਪਤਾਲ ਜ਼ਿਲ੍ਹੇ ਦੇ ਸਾਰੇ ਹਸਪਤਾਲਾਂ ਤੋਂ ਅੱਗੇ ਹੈ। ਇੱਥੇ ਐਸਐਮਓ ਸਾਹਿਬ ਦੇ ਯਤਨਾਂ ਦੇ ਲਗਭਗ ਯਤਨਾਂ ਦੇ ਸਦਕਾ ਲਗਭਗ 400 ਦਵਾਈਆਂ ਹਸਪਤਾਲ ਦੀ ਡਿਸਪੈਂਸਰੀ ਜਾਂ ਸਟੋਰ ਦੇ ਵਿੱਚ ਉਪਲਬਧ ਹਨ। ਐਸਐਮਓ ਸਾਹਿਬ ਦੇ ਵੱਲੋਂ ਮਰੀਜ਼ਾਂ ਦੀ ਸਹੂਲਤਾਂ ਦੇ ਲਈ ਖਾਸ ਧਿਆਨ ਰੱਖਿਆ ਜਾਂਦਾ ਹੈ। ਜਦ ਵੀ ਕੋਈ ਦਵਾਈ ਦੀ ਘਾਟ ਪੈਂਦੀ ਹੈ ਤਾਂ ਐਸਐਮਓ ਸਾਹਿਬ ਵੱਲੋਂ ਇੱਕ ਕਮੇਟੀ ਦਾ ਗਠਨ ਕੀਤਾ ਹੋਇਆ ਹੈ ਜੋ ਕਿ ਦਵਾਈਆਂ ਦੀ ਖਰੀਦੋ ਫਰੋਖ਼ਤ ਕਰਦੀ ਹੈ ਤਾਂ ਜੋ ਮਰੀਜ਼ਾਂ ਨੂੰ ਹਰੇਕ ਦਵਾਈ ਹਸਪਤਾਲ ਦੇ ਅੰਦਰੋਂ ਹੀ ਦਿੱਤੀ ਜਾ ਸਕੇ। ਇਸ ਤੋਂ ਇਲਾਵਾ ਮਰੀਜ਼ਾਂ ਦਾ ਇਲਾਜ ਸਸਤਾ ਅਤੇ ਆਯੂਸ਼ਮਾਨ ਕਾਰਡ ਦੇ ਤਹਿਤ ਮੁਫ਼ਤ ਵੀ ਕੀਤਾ ਜਾਂਦਾ ਹੈ। ਹਸਪਤਾਲ ਦੇ ਵਿੱਚ ਐਸਐਮਓ ਸਾਹਿਬ ਦੇ ਵੱਲੋਂ ਵੱਧ ਤੋਂ ਵੱਧ ਆਯੂਸ਼ਮਾਨ ਕਾਰਡ ਦੇ ਅੰਦਰ ਹੀ ਮਰੀਜ਼ ਦਾ ਇਲਾਜ ਕਰਨ ਦੇ ਲਈ ਕਿਹਾ ਜਾਂਦਾ ਹੈ ਤਾਂ ਜੋ ਮਰੀਜ਼ਾਂ ਦਾ ਫਰੀ ਇਲਾਜ ਕੀਤਾ ਜਾ ਸਕੇ ਹਸਪਤਾਲ ਦੇ ਐਸਐਮਓ ਦੇ ਵੱਲੋਂ ਦਰਜਾਚਾਰ ਕਰਮਚਾਰੀ ਤੋਂ ਲੈ ਕੇ ਸਪੈਸ਼ਿਲਸਟ ਡਾਕਟਰ ਤੱਕ ਹਰੇਕ ਨੂੰ ਉਹ ਆਪਣੇ ਨਾਲ ਲੈ ਕੇ ਚਲਦੇ ਹਨ ਤਾਂ ਜੋ ਕਿਸੇ ਵੀ ਤਰ੍ਹਾਂ ਦੀ ਕੋਈ ਵੀ ਕਮੀ ਹਸਪਤਾਲ ਦੇ ਪ੍ਰਬੰਧ ਵਿੱਚ ਨਾ ਰਹੇ। ਇਹਨਾਂ ਦੇ ਵੱਲੋਂ ਹਰੇਕ ਮਹੀਨੇ ਆਸ਼ਾ ਵਰਕਰਾਂ ਤੋਂ ਲੈ ਕੇ ਡਾਕਟਰ ਸਾਹਿਬਾਨਾਂ ਦੇ ਨਾਲ ਉਹਨਾਂ ਦੀਆਂ ਮੁਸ਼ਿਕਲਾਂ ਦੇ ਸੰਬੰਧ ਵਿੱਚ ਸਿਹਤ ਸਹੂਲਤਾਂ ਦੇ ਸੁਧਾਰ ਦੇ ਲਈ ਮੀਟਿੰਗਾਂ ਕੀਤੀਆਂ ਜਾਂਦੀਆਂ ਹਨ ਜਿਨਾਂ ਦੀ ਬਦੌਲਤ ਸਮੂਹ ਸਟਾਫ ਦੇ ਨਾਲ ਸਹੀ ਤਾਲਮੇਲ ਬਣਿਆ ਰਹਿੰਦਾ ਹੈ। ਐਸਐਮਓ ਸਾਹਿਬ ਦੇ ਵੱਲੋਂ ਲੋਕਾਂ ਦੀ ਸੁਣਵਾਈ ਪਹਿਲੇ ਆਧਾਰ 'ਤੇ ਕੀਤੀ ਜਾਂਦੀ ਹੈ। ਇਹਨਾਂ ਦਾ ਮਕਸਦ ਹੈ ਕਿ ਸਰਕਾਰੀ ਹਸਪਤਾਲ ਸਸਤਾ ਅਤੇ ਮੁਫਤ ਇਲਾਜ ਮੁਹਈਆ ਕਰਵਾਵੇ। ਇਹਨਾਂ ਦਾ ਮੁੱਖ ਉਦੇਸ਼ ਲੋਕਾਂ ਨੂੰ ਚੰਗੀ ਸਿਹਤ ਸੇਵਾ ਪ੍ਰਦਾਨ ਕਰਨਾ ਹੈ ਨਾ ਕਿ ਕਿਸੇ ਤੋਂ ਨਫਾ ਕਮਾਉਣਾ। ਐਸਐਮਓ ਰਵੀ ਕਾਂਤ ਗੁਪਤਾ ਦਾ ਕਹਿਣਾ ਹੈ ਕਿ ਇੱਥੇ ਯੋਗ ਅਤੇ ਤਜਰਬੇਕਾਰ ਡਾਕਟਰ, ਨਰਸਾਂ ਅਤੇ ਹੋਰ ਕਰਮਚਾਰੀ ਸਰਕਾਰ ਦੁਆਰਾ ਲੋਕਾਂ ਦੀ ਸੇਵਾ ਲਈ ਨਿਯੁਕਤ ਕੀਤੇ ਹੋਏ ਹਨ। ਇਸ ਹਸਪਤਾਲ ਵਿੱਚ ਜਿਵੇਂ ਪਹਿਲਾਂ ਹੀ ਦੱਸਿਆ ਗਿਆ ਹੈ ਕਿ ਐਮਰਜੈਂਸੀ ਸੇਵਾ ਸਰਜਰੀ, ਮਾਤਾ ਤੇ ਬੱਚੇ ਦੀ ਦੇਖਭਾਲ, ਟੀਕਾਕਰਨ ਤੇ ਖਾਸ ਬਿਮਾਰੀਆਂ ਤੋਂ ਬਚਾਅ ਬਾਰੇ ਜਾਣਕਾਰੀ ਦੇਣ ਵਿੱਚ ਮੁੱਖ ਭੂਮਿਕਾ ਨਿਭਾ ਰਿਹਾ ਹੈ। ਇਸ ਹਸਪਤਾਲ ਦੇ ਵਿੱਚ ਸਫਾਈ ਸੁਰੱਖਿਆ ਅਤੇ ਅਨੁਸ਼ਾਸਨ ਦਾ ਵਿਸ਼ੇਸ਼ ਧਿਆਨ ਰੱਖਿਆ ਜਾਂਦਾ ਹੈ। ਅੱਜ ਦੇ ਸਮੇਂ ਵਿੱਚ ਹਸਪਤਾਲ ਦਾ ਕੰਮ ਇਕੱਲੀਆਂ ਸਿਹਤ ਸੇਵਾਵਾਂ ਦੇਣ ਦੇਣਾ ਹੀ ਨਹੀਂ ਸਗੋਂ ਲੋਕਾਂ ਨੂੰ ਸਿਹਤ ਬਾਰੇ ਜਾਗਰੂਕ ਕਰਨਾ ਵੀ ਹੈ। ਲੋਕਾਂ ਨੂੰ ਸਮੇਂ-ਸਮੇਂ 'ਤੇ ਸੈਮੀਨਾਰ ਲਗਾ ਕੇ ਭਿਆਨਕ ਬਿਮਾਰੀਆਂ ਤੋਂ ਜਾਗਰੂਤ ਕੀਤਾ ਜਾਂਦਾ ਹੈ, ਸਮੇਂ-ਸਮੇਂ 'ਤੇ ਸਕੂਲਾਂ ਵਿੱਚ ਹਸਪਤਾਲ ਦੇ ਸਟਾਫ ਦੁਆਰਾ ਜਾ ਕੇ ਸਿਹਤ ਸਬੰਧੀ ਜਾਣਕਾਰੀ ਦਿੱਤੀ ਜਾਂਦੀ ਹੈ। ਦੇਖਿਆ ਜਾਵੇ ਤਾਂ ਇਹ ਹਸਪਤਾਲ ਮਨੁੱਖਤਾ ਦੀ ਸੇਵਾ ਦਾ ਸਭ ਤੋਂ ਵੱਡਾ ਕੇਂਦਰ ਹੈ। ਇੱਥੇ ਨਸਲ ਜਾਂ ਧਰਮ ਜਾਤ ਜਾਂ ਲਿੰਗ ਦੀ ਪ੍ਰਵਾਹ ਕੀਤੇ ਬਿਨਾਂ ਹਰ ਇੱਕ ਮਰੀਜ਼ ਦੀ ਇੱਕੋ ਜਿਹੀ ਸੰਵੇਦਨਾ ਅਤੇ ਜਿੰਮੇਵਾਰੀ ਨਾਲ ਸੇਵਾ ਕੀਤੀ ਜਾਂਦੀ ਹੈ। ਇਸ ਲਈ ਹਸਪਤਾਲਾਂ ਦੀ ਭੂਮਿਕਾ ਮਨੁੱਖੀ ਜੀਵਨ ਵਿੱਚ ਬੇਮਿਸਾਲ ਹੈ। ਇਸ ਲਈ ਹਰ ਇੱਕ ਲੋੜਵੰਦ ਵਿਅਕਤੀ ਨੂੰ ਅਜਿਹੇ ਹਸਪਤਾਲ ਦੀ ਸੇਵਾ ਜਰੂਰ ਲੈਣੀ ਚਾਹੀਦੀ ਹੈ। ਆਸ ਕਰਦੇ ਹਾਂ ਕਿ ਸਰਕਾਰ ਦੁਆਰਾ ਅਜਿਹੇ ਇਮਾਨਦਾਰ ਅਤੇ ਉੱਚੀ ਸੋਚ ਦੇ ਮਾਲਕ ਅਧਿਕਾਰੀਆਂ ਨੂੰ ਭਰਤੀ ਕਰਕੇ ਹਰੇਕ ਹਸਪਤਾਲ ਵਿੱਚ ਭੇਜੇਗੀ। ਤਾਂ ਜੋ ਪੰਜਾਬ ਦਾ ਹਰੇਕ ਹਸਪਤਾਲ ਤਲਵੰਡੀ ਸਾਬੋ ਦੇ ਹਸਪਤਾਲ ਵਾਂਗ ਚੰਗੀਆਂ ਸਿਹਤ ਸਹੂਲਤਾਂ ਦੇ ਸਕੇ।



ਆਵਾਜ਼ਿ ਕੌਮ AWAZE QAUM International Newspaper & WEB TV

**-ਗੁਰਜੰਟ ਸਿੰਘ ਨਥੇਹਾ**
**ਪੱਤਰਕਾਰ ਰੋਜ਼ਾਨਾ ਆਵਾਜਿ ਕੌਮ (ਯੂ ਕੇ)**
**ਤਲਵੰਡੀ ਸਾਬੋ। ਸੰਪਰਕ: 8968727272**

### ਮੱਸਿਆ ਦੇ ਦਿਹਾੜੇ ਮੌਕੇ

# ਤਖਤ ਸ੍ਰੀ ਦਮਦਮਾ ਸਾਹਿਬ ਵਿਖੇ ਹੋਇਆ ਗੁਰਮਤਿ ਸਮਾਗਮ



ਆਵਾਜ਼ਿ ਕੌਮ AWAZE QAUM International Newspaper & WEB TV

**ਤਲਵੰਡੀ ਸਾਬੋ, 18 ਜਨਵਰੀ (ਗੁਰਜੰਟ ਸਿੰਘ ਨਥੇਹਾ)**- ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਵਿਖੇ ਮੱਸਿਆ ਦੇ ਦਿਹਾੜੇ ਅਤੇ ਹਫਤਾਵਾਰੀ ਗੁਰਮਤਿ ਸਮਾਗਮ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ। ਇਸ ਸਮਾਗਮ ਦੌਰਾਨ ਭਾਈ ਜਗਤਾਰ ਸਿੰਘ ਹੈਡ ਗ੍ਰੰਥੀ, ਭਾਈ ਨਿਰਭੈ ਸਿੰਘ ਹਜੂਰੀ ਰਾਗੀ ਜਥਾ, ਭਾਈ ਜਸਪ੍ਰੀਤ ਸਿੰਘ ਰੋੜਾਂਵਾਲੀ ਪ੍ਰਚਾਰਕ ਅਤੇ ਭਾਈ ਬਲਦੇਵ ਸਿੰਘ ਲੌਂਗੋਵਾਲ ਦੇ ਢਾਡੀ ਜਥੇ ਨੇ ਸੰਗਤਾਂ ਨੂੰ ਗੁਰਬਾਣੀ ਗੁਰ ਇਤਿਹਾਸ ਸੁਣਾ ਕੇ ਨਿਹਾਲ ਕੀਤਾ। ਪੰਜ ਪਿਆਰੇ ਸਾਹਿਬਾਨਾਂ ਵੱਲੋਂ ਆਈਆਂ ਸੰਗਤਾਂ ਨੂੰ ਅੰਮ੍ਰਿਤ ਛਕਾਇਆ ਗਿਆ, ਅੰਮ੍ਰਿਤ ਸੰਚਾਰ ਸਮਾਗਮ ਮੌਕੇ 183 ਪ੍ਰਾਣੀ ਅੰਮ੍ਰਿਤਪਾਨ ਕਰਕੇ ਗੁਰੂ ਵਾਲੇ ਬਣੇ ਸਿੰਘ ਸਾਹਿਬ ਬਾਬਾ ਟੇਕ ਸਿੰਘ ਧਨੌਲਾ ਜਥੇਦਾਰ ਤਖਤ ਸ੍ਰੀ ਦਮਦਮਾ ਸਾਹਿਬ ਵੱਲੋਂ ਆਈਆਂ ਸੰਗਤਾਂ ਨੂੰ ਜੀਓ ਆਇਆਂ ਆਖਿਆ ਗਿਆ ਅਤੇ ਅੰਮ੍ਰਿਤ ਛਕਣ ਵਾਲੇ ਪ੍ਰਾਣੀਆਂ ਨੂੰ ਗੁਰੂ ਵਾਲੇ ਬਣਨ ਲਈ ਵਧਾਈ ਦਿੱਤੀ। ਇਸ ਸਮੇਂ ਤਖਤ ਸਾਹਿਬ ਦੇ ਮੈਨੇਜਰ ਸ. ਨਰਿੰਦਰਜੀਤ ਸਿੰਘ ਅਤੇ ਸਬ ਆਫਿਸ ਧਰਮ ਪ੍ਰਚਾਰ ਦੇ ਇੰਚਾਰਜ ਸ. ਭੋਲਾ ਸਿੰਘ ਹੀਰੇਵਾਲਾ ਹਾਜ਼ਰ ਸਨ।

### ਪੰਜਾਬ ਵਿੱਚ ਆਏ ਧਰਮ ਪਰਿਵਰਤਨ ਦੇ ਹੜ੍ਹ ਖ਼ਿਲਾਫ਼

# ਸਮਾਣਾ ਦੇ ਭਾਈ ਭੁਪਿੰਦਰ ਸਿੰਘ ਗਿੰਨੀ ਵੱਲੋਂ ਇਤਿਹਾਸਕ ਪਹਿਲ



**ਅੰਮ੍ਰਿਤਸਰ, 18 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਸਮਾਣਾਂ ਤੋਂ ਪਹੁੰਚੇ ਸਮਾਜ ਸੇਵੀ ਅਤੇ ਕੌਮੀ ਚਿੰਤਕ ਭੁਪਿੰਦਰ ਸਿੰਘ ਜੀ ਗਿੰਨੀ ਵੱਲੋਂ ਸ੍ਰੀ ਅੰਮ੍ਰਿਤਸਰ ਦੀ ਪਵਿੱਤਰ ਧਰਤੀ ਤੇ ਸਾਹਿਬ ਸ੍ਰੀ ਗੁਰੂ ਰਾਮਦਾਸ ਜੀ ਦੇ ਦਰ ਤੇ ਨਤਮਸਤਕ ਹੋਣ ਉਪਰੰਤ ਅੱਜ ਧਰਮ ਪਰਿਵਰਤਨ ਦੇ ਸੰਵੇਦਨਸ਼ੀਲ ਅਤੇ ਗੰਭੀਰ ਮਸਲੇ ਨੂੰ ਲੈ ਕੇ ਇੱਕ ਅਹਿਮ ਪ੍ਰੈਸ ਕਾਨਫਰੰਸ ਕੀਤੀ ਗਈ। ਇਸ ਪ੍ਰੈਸ ਕਾਨਫਰੰਸ ਦੌਰਾਨ ਉਨ੍ਹਾਂ ਨੇ ਸਿੱਖ ਤੇ ਹੋਰ ਧਰਮ ਛੱਡ ਕੇ ਇਸਾਈ ਧਰਮ ਅਪਣਾਂ ਚੁੱਕੇ ਪਰਿਵਾਰਾਂ ਦੀ ਘਰ ਵਾਪਸੀ ਸਬੰਧੀ ਆਪਣਾਂ ਸਪਸ਼ਟ ਦ੍ਰਿਸ਼ਟੀਕੋਣ ਅਤੇ ਕਾਰਜ ਯੋਜਨਾਂ ਸਾਹਮਣੇਂ ਰੱਖੀ। ਭਾਈ ਭੁਪਿੰਦਰ ਸਿੰਘ ਗਿੰਨੀ ਨੇ ਕਿਹਾ ਕਿ ਪਿਛਲੇ ਕੁਝ ਸਾਲਾਂ ਤੋਂ ਪੰਜਾਬ ਦੇ ਕਈ ਇਲਾਕਿਆਂ ਖ਼ਾਸਕਰ ਜਿਲਾ ਅੰਮ੍ਰਿਤਸਰ ਵਿੱਚ ਆਰਥਿਕ ਤੰਗੀ, ਬੇਰੁਜ਼ਗਾਰੀ, ਬਿਮਾਰੀਆਂ ਅਤੇ ਸਮਾਜਿਕ ਮਜਬੂਰੀਆਂ ਦਾ ਫਾਇਦਾ ਚੁੱਕ ਕੇ ਗਰੀਬ ਅਤੇ ਕਮਜ਼ੋਰ ਵਰਗਾਂ ਨੂੰ ਯੋਜਨਾਬੱਧ ਢੰਗ ਨਾਲ ਧਰਮ ਪਰਿਵਰਤਨ ਵੱਲ ਧੱਕਿਆ ਜਾ ਰਿਹਾ ਹੈ। ਉਨ੍ਹਾਂ ਸਪਸ਼ਟ ਕੀਤਾ ਕਿ ਅਜਿਹੇ ਪਰਿਵਾਰ ਧਰਮ ਨਾਲ ਗੱਦਾਰੀ ਨਹੀਂ ਕਰਦੇ, ਸਗੋਂ ਮਜਬੂਰੀਆਂ ਦੇ ਹੱਥੋਂ ਮਜਬੂਰ ਹੋ ਕੇ ਗਲ਼ਤ ਫੈਸਲੇ ਲੈ ਬੈਠਦੇ ਹਨ। ਉਨ੍ਹਾਂ ਇਸ ਸੰਦਰਭ ਵਿੱਚ ਸਿੱਖ ਸੰਸਥਾਵਾਂ ਦੀਆਂ ਕੁਝ ਕਮਜ਼ੋਰੀਆਂ ਵੱਲ ਵੀ ਝਾਤ ਪਾਉਂਦਿਆਂ ਕਿਹਾ ਕਿ ਕਈ ਵਾਰ ਲੋੜਵੰਦ ਪਰਿਵਾਰਾਂ ਤੱਕ ਸਮੇਂ ਸਿਰ ਮਦਦ, ਮਾਰਗਦਰਸ਼ਨ ਅਤੇ ਸਮਾਜਿਕ ਸਹਾਰਾ ਨਹੀਂ ਪਹੁੰਚ ਪਾਂਉਂਦਾ, ਜਿਸ ਕਾਰਨ ਦੁਖੀ ਮਨੁੱਖ ਖੁਦ ਨੂੰ ਇਕੱਲਾ ਮਹਿਸੂਸ ਕਰਦਾ ਹੈ। ਇਨ੍ਹਾਂ ਖਾਮੀਆਂ ਦਾ ਲਾਭ ਚੁੱਕ ਕੇ ਕੁਝ ਤਾਕਤਾਂ ਲੋਕਾਂ ਨੂੰ ਧਰਮ ਪਰਿਵਰਤਨ ਵੱਲ ਧੱਕਣ ਵਿੱਚ ਕਾਮਯਾਬ ਹੋ ਜਾਂਦੀਆਂ ਹਨ। ਉਨ੍ਹਾਂ ਜ਼ੋਰ ਦਿੱਤਾ ਕਿ ਹੁਣ ਸਮਾਂ ਆ ਗਿਆ ਹੈ ਕਿ ਸਿੱਖ ਸੰਸਥਾਵਾਂ ਆਪਣੀ ਜ਼ਿੰਮੇਵਾਰੀ ਨੂੰ ਹੋਰ ਗੰਭੀਰਤਾ ਨਾਲ ਸਮਝਣ ਅਤੇ ਮੈਦਾਨੀ ਪੱਧਰ ’ਤੇ ਕਮਜ਼ੋਰ ਵਰਗਾਂ ਦੀ ਬਾਂਹ ਫੜਨ। ਉਨ੍ਹਾਂ ਕਿਹਾ ਕਿ ਅਜਿਹੇ ਪਰਿਵਾਰਾਂ ਨੂੰ ਦੋਸ਼ੀ ਠਹਿਰਾਉਣ ਦੀ ਬਜਾਏ ਉਨ੍ਹਾਂ ਦੇ ਦੁੱਖ ਨੂੰ ਸਮਝਣਾਂ, ਉਨ੍ਹਾਂ ਨੂੰ ਸਹਾਰਾ ਦੇਣਾਂ ਅਤੇ ਉਨ੍ਹਾਂ ਦੀ ਸਿੱਖ ਧਰਮ ਵਿੱਚ ਸਤਿਕਾਰਯੋਗ ਵਾਪਸੀ ਯਕੀਨੀ ਬਣਾਉਣਾ ਸਾਰੀ ਸਿੱਖ ਕੌਮ ਦੀ ਨੈਤਿਕ ਅਤੇ ਧਾਰਮਿਕ ਜ਼ਿੰਮੇਵਾਰੀ ਹੈ। ਇਸ ਮੌਕੇ ਭਾਈ ਭੁਪਿੰਦਰ ਸਿੰਘ ਗਿੰਨੀ ਨੇ ਐਲਾਨ ਕੀਤਾ ਕਿ ਪੰਜਾਬ ਵਿੱਚ ਆਏ ਧਰਮ ਪਰਿਵਰਤਨ ਦੇ ਹੜ ਨੂੰ ਬੰਨ੍ਹ ਲਾਉਣ ਲਈ ਇੱਕ ਸੁਚੱਜੀ, ਲਗਾਤਾਰ ਅਤੇ ਜੜ੍ਹ ਤੋਂ ਹੱਲ ਕੱਢਣ ਵਾਲੀ ਮੁਹਿੰਮ ਸ਼ੁਰੂ ਕੀਤੀ ਜਾਵੇਗੀ, ਜਿਸ ਦਾ ਮਕਸਦ ਸਿਰਫ਼ ਘਰ ਵਾਪਸੀ ਕਰਵਾਉਣਾ ਹੀ ਨਹੀਂ, ਸਗੋਂ ਭਵਿੱਖ ਵਿੱਚ ਕਿਸੇ ਵੀ ਪਰਿਵਾਰ ਨੂੰ ਮਜਬੂਰੀ ਵੱਸ ਧਰਮ ਪਰਿਵਰਤਨ ਕਰਨ ਤੋਂ ਰੋਕਣਾਂ ਵੀ ਹੋਵੇਗਾ। ਭਾਈ ਗਿੰਨੀ ਨੇ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਕਿ ਸਿੱਖ ਧਰਮ ਵਿੱਚ ਘਰ ਵਾਪਸੀ ਕਰਵਾਉਣ ਲਈ ਜੇਕਰ ਉਨ੍ਹਾਂ ਨੂੰ ਕਿਸੇ ਵੀ ਕਿਸਮ ਦੀ ਆਰਥਿਕ, ਸਮਾਜਿਕ ਜਾਂ ਵਿਅਕਤੀਗਤ ਕੀਮਤ ਅਦਾ ਕਰਨੀ ਪਈ, ਤਾਂ ਉਹ ਉਸ ਤੋਂ ਪਿੱਛੇ ਨਹੀਂ ਹੱਟਣਗੇ। ਇਸ ਮੌਕੇ ਉਨ੍ਹਾਂ ਨੇ ਪੂਰੀ ਪਾਰਦਰਸ਼ਤਾ ਨਾਲ ਆਪਣੇਂ ਮੋਬਾਈਲ ਨੰਬਰ ( 7860786660 ) ਜਨਤਕ ਕਰਦਿਆਂ ਕਿਹਾ ਕਿ ਜੋ ਵੀ ਪਰਿਵਾਰ ਜਾਂ ਵਿਅਕਤੀ ਕਿਸੇ ਲਾਲਚ, ਡਰ ਜਾਂ ਮਜਬੂਰੀ ਕਾਰਨ ਦੂਸਰੇ ਧਰਮ ਵਿੱਚ ਚਲਾ ਗਿਆ ਹੈ ਅਤੇ ਹੁਣ ਆਪਣੇਂ ਮੂਲ ਸਿੱਖ ਜਾਂ ਹੋਰ ਧਰਮ ਵਿੱਚ ਵਾਪਸੀ ਕਰਨਾਂ ਚਾਹੁੰਦਾ ਹੈ, ਉਹ ਬਿਨਾਂ ਕਿਸੇ ਸੰਕੋਚ ਦੇ ਸਿੱਧਾ ਉਨ੍ਹਾਂ ਨਾਲ ਸੰਪਰਕ ਕਰ ਸਕਦਾ ਹੈ। ਉਨ੍ਹਾਂ ਭਰੋਸਾ ਦਿਵਾਇਆ ਕਿ ਉਨ੍ਹਾਂ ਨੂੰ ਕਿਸੇ ਤਰ੍ਹਾਂ ਦੀ ਸਮਾਜਿਕ ਸ਼ਰਮਿੰਦਗੀ ਦਾ ਸਾਹਮਣਾਂ ਨਹੀਂ ਕਰਨਾ ਪਵੇਗਾ। ਉਨ੍ਹਾਂ ਇਹ ਵੀ ਸਪਸ਼ਟ ਕੀਤਾ ਕਿ ਸਹਾਇਤਾ ਸਿਰਫ਼ ਧਾਰਮਿਕ ਰਸਮਾਂ ਤੱਕ ਸੀਮਿਤ ਨਹੀਂ ਰਹੇਗੀ, ਸਗੋਂ ਅਜਿਹੇ ਪਰਿਵਾਰਾਂ ਨੂੰ ਰੋਜ਼ਗਾਰ, ਸਿਹਤ, ਸਿੱਖਿਆ ਅਤੇ ਸਮਾਜਿਕ ਸਹਾਰੇ ਦੇ ਪੱਧਰ ’ਤੇ ਵੀ ਪੂਰੀ ਮਦੱਦ ਦਿੱਤੀ ਜਾਵੇਗੀ, ਤਾਂ ਜੋ ਉਹ ਮੁੜ ਕਿਸੇ ਮਜਬੂਰੀ ਜਾਂ ਦਬਾਅ ਦਾ ਸ਼ਿਕਾਰ ਨਾਂ ਬਨਣ। ਇਸ ਦੇ ਨਾਲ ਹੀ ਭਾਈ ਗਿੰਨੀ ਨੇ ਸਮੂਹ ਪੰਜਾਬੀਆਂ ਅਤੇ ਸਿੱਖ ਕੌਮ ਨੂੰ ਭਾਵੁਕ ਅਪੀਲ ਕਰਦਿਆਂ ਕਿਹਾ ਕਿ ਜਿਵੇਂ ਪੰਜਾਬ ਵਿੱਚ ਆਏ ਹੜਾਂ ਵੇਲੇ ਬਿਨਾਂ ਕਿਸੇ ਭੇਦਭਾਵ ਦੇ ਹੜਾਂ ਦੀ ਮਾਰ ਹੇਠ ਆਏ ਲੋਕਾਂ ਦੀ ਬਾਂਹ ਫੜੀ ਗਈ ਸੀ, ਓਸੇ ਤਰ੍ਹਾਂ ਅੱਜ ਮਜਬੂਰੀਆਂ ਕਾਰਨ ਧਰਮ ਪਰਿਵਰਤਨ ਕਰਕੇ ਇਸਾਈ ਧਰਮ ਵਿੱਚ ਜਾ ਚੁੱਕੇ ਸਿੱਖਾਂ ਅਤੇ ਹੋਰ ਧਰਮਾਂ ਦੇ ਲੋਕਾਂ ਨੂੰ ਵਾਪਸ ਲਿਆਉਣ ਲਈ ਵੀ ਇਕਸਾਰ ਹੋ ਕੇ ਹੰਭਲਾ ਮਾਰਨ ਦੀ ਲੋੜ ਹੈ। ਉਨ੍ਹਾਂ ਸਿੱਖ ਸੰਸਥਾਵਾਂ, ਗੁਰਦੁਆਰਾ ਪ੍ਰਬੰਧਕਾਂ, ਸਮਾਜ ਸੇਵੀ ਸੰਗਠਨਾਂ ਅਤੇ ਸਮੁੱਚੀ ਸਿੱਖ ਸੰਗਤ ਨੂੰ ਅਪੀਲ ਕੀਤੀ ਕਿ ਇਸ ਮਸਲੇ ਨੂੰ ਸਿਆਸੀ ਤਣਾਅ ਦਾ ਰੂਪ ਦੇਣ ਦੀ ਥਾਂ ਕੌਮੀ ਅਤੇ ਪੰਥਕ ਜ਼ਿੰਮੇਵਾਰੀ ਸਮਝ ਕੇ ਇਕੱਠੇ ਹੋ ਕੇ ਕੰਮ ਕੀਤਾ ਜਾਵੇ। ਪ੍ਰੈਸ ਕਾਨਫਰੰਸ ਦੇ ਅੰਤ ਵਿੱਚ ਭੁਪਿੰਦਰ ਸਿੰਘ ਜੀ ਗਿੰਨੀ ਨੇ ਕਿਹਾ ਕਿ, “ਘਰ ਵਾਪਸੀ ਕੋਈ ਪ੍ਰਚਾਰਕ ਮੁਹਿੰਮ ਨਹੀਂ, ਸਗੋਂ ਗੁਰੂ ਸਾਹਿਬ ਦੀ ਗੋਦ ਵਿੱਚ ਭਟਕੇ ਹੋਏ ਬੱਚਿਆਂ ਨੂੰ ਮੁੜ ਲਿਆਉਣ ਦਾ ਪਵਿੱਤਰ ਕਾਰਜ ਹੈ ਅਤੇ ਮੈਂ ਇਸ ਮਿਸ਼ਨ ਨੂੰ ਅੰਤ ਤੱਕ ਲੈ ਕੇ ਜਾਣ ਲਈ ਪੂਰੀ ਤਰ੍ਹਾਂ ਵਚਨਬੱਧ ਹਾਂ।”

### ਸਿੱਖ ਧਰਮ ਛੱਡ ਇਸਾਈ ਧਰਮ ਅਪਣਾਂ ਚੁੱਕੇ ਪਰਿਵਾਰਾਂ ਦੀ ਘਰ ਵਾਪਸੀ ਲਈ ਪੰਥਕ ਮੁਹਿੰਮ ਦਾ ਐਲਾਨ

ਆਵਾਜ਼ਿ ਕੌਮ AWAZE QAUM International Newspaper & WEB TV

# ਸ੍ਰੀ ਗੁਰੂ ਰਾਮਦਾਸ ਸਾਹਿਬ ਸੇਵਾ ਸੋਸਾਇਟੀ ਵਡਾਲੀ ਡੋਗਰਾਂ ਵੱਲੋਂ ਨਵੀਆਂ ਨਿਯੁਕਤੀਆਂ ਕਰਕੇ ਸੇਵਾਦਾਰਾਂ ਨੂੰ ਸੌਂਪੀਆਂ ਜ਼ਿੰਮੇਵਾਰੀਆਂ-ਭਾਈ ਸਾਹਿਬ ਸਿੰਘ ਸੰਧੂ



**ਜੰਡਿਆਲਾ ਗੁਰੂ, 18 ਜਨਵਰੀ ( ਕੁਲਵੰਤ ਸਿੰਘ ਵਿਰਦੀ )**-ਸਿੱਖ ਧਰਮ ਅਤੇ ਗੁਰਮਤਿ ਸਿਧਾਂਤਾਂ ਦੇ ਪ੍ਰਚਾਰ ਪ੍ਰਸਾਰ ਦੇ ਖੇਤਰ ਵਿੱਚ ਨਾਮਵਾਰ ਸੰਸਥਾ ਸ੍ਰੀ ਗੁਰੂ ਰਾਮਦਾਸ ਜੀ ਸੇਵਾ ਸੋਸਾਇਟੀ (ਰਜਿ.) ਪਿੰਡ ਵਡਾਲੀ ਡੋਗਰਾਂ, ਸ੍ਰੀ ਅੰਮ੍ਰਿਤਸਰ ਸਾਹਿਬ ਵੱਲੋਂ ਅੱਜ ਆਪਣੇ ਪਰਿਵਾਰ ਵਿੱਚ ਵਾਧਾ ਕਰਦਿਆਂ ਬਿਕਰਮਜੀਤ ਸਿੰਘ ਖ਼ਾਲਸਾ (ਦੁਬਈ ਵਾਲੇ) ਨੂੰ ਸੋਸਾਇਟੀ ਵਿੱਚ ਸ਼ਾਮਲ ਕਰਦਿਆਂ ਉਨ੍ਹਾਂ ਨੂੰ ÷ਸਲਾਹਕਾਰ” ਦੇ ਅਹੁਦੇ ’ਤੇ ਨਿਯੁਕਤ ਕੀਤਾ ਗਿਆ। ਇਸ ਮੌਕੇ ਸੋਸਾਇਟੀ ਦੇ ਮੁੱਖ ਸੇਵਾਦਾਰ ਭਾਈ ਸਾਹਿਬ ਸਿੰਘ ਸੰਧੂ ਅਤੇ ਮੀਤ ਪ੍ਰਧਾਨ ਸੰਦੀਪ ਸਿੰਘ ਮੌਜੀ ਨੇ ਸਾਡੇ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਬਿਕਰਮਜੀਤ ਸਿੰਘ ਖ਼ਾਲਸਾ ਪਿਛਲੇ ਕਾਫ਼ੀ ਸਮੇਂ ਤੋਂ ਦੁਬਈ ਵਿੱਚ ਵਾਸ ਕਰ ਰਹੇ ਹਨ। ਉੱਥੇ ਰਹਿੰਦਿਆਂ ਜਿੱਥੇ ਇਨ੍ਹਾਂ ਨੇ ਆਪਣੀ ਸ਼ਖਸੀਅਤ ਨੂੰ ਗੁਰਮਤਿ ਦੇ ਫਲਸਫ਼ੇ ਅਨੁਸਾਰ ਉਸਾਰਿਆ ਅਤੇ ਸਿੱਖ ਧਰਮ ਦੀ ਵਿਲੱਖਣਤਾ ਦੀ ਪਛਾਣ “ਦਸਤਾਰ” ਦਾ ਸਨਮਾਨ ਵਧਾਇਆਂ ਹੈ, ਉੱਥੇ ਹੀ ਆਪਣੇ ਕਾਰਜ ਖੇਤਰ ਵਿੱਚ ਹੋਰ ਵੀ ਪ੍ਰਾਣੀਆਂ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਲੜ੍ਹ ਲਾਇਆ। ਇਨਾ ਸੇਵਾਵਾਂ ਨੂੰ ਦੇਖਦਿਆਂ ਅੱਜ ਸ੍ਰੀ ਗੁਰੂ ਰਾਮਦਾਸ ਜੀ ਸੇਵਾ ਸੋਸਾਇਟੀ (ਰਜਿ.) ਨੇ ਇਨ੍ਹਾਂ ਨੂੰ ਨਿਯੁਕਤੀ ਪੱਤਰ ਨਾਲ ਨਿਵਾਜ਼ ਕੇ ਤਿੰਨ ਸਾਲ ਲਈ “ਸਲਾਹਕਾਰ” ਵਜੋਂ ਸੋਸਾਇਟੀ ਵਿੱਚ ਸ਼ਾਮਲ ਕੀਤਾ। ਇਸ ਮੌਕੇ ਬਿਕਰਮਜੀਤ ਸਿੰਘ ਖ਼ਾਲਸਾ ਨੇ ਸੋਸਾਇਟੀ ਦਾ ਧੰਨਵਾਦ ਕੀਤਾ ਅਤੇ ਪੂਰਨ ਵਿਸ਼ਵਾਸ ਦਿਵਾਇਆ ਕਿ ਉਹ ਗੁਰਮਤਿ ਦੇ ਪ੍ਰਚਾਰ ਪ੍ਰਸਾਰ ਹਿੱਤ ਸੋਸਾਇਟੀ ਵਲੋਂ ਲਗਾਈ ਹਰ ਜ਼ਿੰਮੇਵਾਰੀ ਨੂੰ ਬੜੀ ਦ੍ਰਿੜ੍ਹਤਾ ਨਾਲ ਨਿਭਾਉਣਗੇ ਅਤੇ ਸੋਸਾਇਟੀ ਦੇ ਮਿੱਥੇ ਟੀਚਿਆਂ ਨੂੰ ਪੂਰਾ ਕਰਨ ਵਿੱਚ ਆਪਣਾ ਪੂਰਨ ਸਹਿਯੋਗ ਦੇਣਗੇ। ਜ਼ਿਕਰਯੋਗ ਹੈ ਕਿ ਬਿਕਰਮਜੀਤ ਸਿੰਘ ਖ਼ਾਲਸਾ ਦੁਬਈ ਵਿੱਚ ਆਪਣੀ ਕਿਰਤ ਕਰਦੇ ਹਨ ਅਤੇ ਬਾਬਾ ਜੁਝਾਰ ਸਿੰਘ ਦਸਤਾਰ ਕਲੱਬ ਨਾਲ ਜੁੜੇ ਹਨ। ਇਸ ਲਹਿਰ ਨਾਲ ਜੁੜ ਉਨ੍ਹਾਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਬਖ਼ਸ਼ੇ ਤਾਜ “ਦਸਤਾਰ” ਨੂੰ ਆਪਣੇ ਸਿਰ ਉੱਤੇ ਸਜਾਇਆ ਅਤੇ ਹੋਰਾਂ ਦੇ ਸਿਰ ਤੇ ਵੀ ਲਗਾਤਾਰ ਸਜਾ ਰਹੇ ਹਨ। ਇਸ ਨਿਯੁਕਤੀ ਸਭਾ ਮੌਕੇ ਸੋਸਾਇਟੀ ਦੇ ਮੁੱਖ ਸੇਵਾਦਾਰ ਭਾਈ ਸਾਹਿਬ ਸਿੰਘ ਸੰਧੂ, ਮੀਤ ਪ੍ਰਧਾਨ ਸੰਦੀਪ ਸਿੰਘ ਮੌਜੀ, ਖ਼ਜ਼ਾਨਚੀ ਦਵਿੰਦਰਪਾਲ ਸਿੰਘ ਗੋਰਾ, ਸਲਾਹਕਾਰ ਹਰਭਜਨ ਸਿੰਘ ਮੌਜੀ, ਸਲਾਹਕਾਰ ਮਨਜਿੰਦਰ ਸਿੰਘ, ਸਮਸ਼ੇਰ ਸਿੰਘ, ਗੁਰਪ੍ਰੀਤ ਸਿੰਘ, ਕਰਨਬੀਰ ਸਿੰਘ,ਆਦਿ ਹਾਜ਼ਰ ਸਨ!

ਆਵਾਜ਼ਿ ਕੌਮ AWAZE QAUM International Newspaper & WEB TV

# ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਬਿਹਾਰ ਵਿੱਚ ਆਨੰਦ ਮੈਰਿਜ ਐਕਟ ਲਾਗੂ ਹੋਣ ’ਤੇ ਮੁੱਖ ਮੰਤਰੀ ਨਿਤੀਸ਼ ਕੁਮਾਰ ਦਾ ਕੀਤਾ ਧੰਨਵਾਦ



ਨਵੀਂ ਦਿੱਲੀ, 18 ਜਨਵਰੀ (ਮਨਪ੍ਰੀਤ ਸਿੰਘ ਖਾਲਸਾ): ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ, ਪੂਰਬੀ ਭਾਰਤ ਦੇ ਪ੍ਰਧਾਨ ਸੂਰਜ ਸਿੰਘ ਨਲਵਾ ਅਤੇ ਉਨ੍ਹਾਂ ਦੀ ਪੂਰੀ ਟੀਮ ਨੇ ਬਿਹਾਰ ਵਿੱਚ ਆਨੰਦ ਮੈਰਿਜ ਐਕਟ ਲਾਗੂ ਹੋਣ ‘ਤੇ ਖੁਸ਼ੀ ਦਾ ਇਜ਼ਹਾਰ ਕਰਦੇ ਹੋਏ ਬਿਹਾਰ ਦੇ ਮੁੱਖ ਮੰਤਰੀ ਨਿਤੀਸ਼ ਕੁਮਾਰ ਦਾ ਧੰਨਵਾਦ ਕੀਤਾ। ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਨਿਤੀਸ਼ ਕੁਮਾਰ ਵੱਲੋਂ ਬਿਹਾਰ ਵਿੱਚ ਆਨੰਦ ਮੈਰਿਜ ਐਕਟ ਨੂੰ ਲਾਗੂ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸਿੱਖ ਗੁਰਦੁਆਰਾ ਕਮੇਟੀ ਦੀ ਪੂਰੀ ਟੀਮ ਇਸ ਲਈ ਲਗਾਤਾਰ ਸੰਘਰਸ਼ ਕਰ ਰਹੀ ਸੀ ਅਤੇ ਅੱਜ ਸਾਨੂੰ ਖੁਸ਼ੀ ਹੈ ਕਿ ਸਾਡੀ ਮਹਿਨਤ ਰੰਗ ਲਿਆਈ ਹੈ। ਇਸ ਨਾਲ ਹੁਣ ਸਿੱਖਾਂ ਦੇ ਵਿਆਹ ਆਨੰਦ ਮੈਰਿਜ ਐਕਟ ਅਧੀਨ ਰਜਿਸਟਰ ਹੋ ਸਕਣਗੇ । ਸ: ਸੂਰਜ ਸਿੰਘ ਨਲਵਾ ਨੇ ਦੱਸਿਆ ਕਿ ਇਸ ਤੋਂ ਪਹਿਲਾਂ ਦੇਸ਼ ਦੇ 7 ਰਾਜਾਂ ਵਿੱਚ ਇਹ ਕਾਨੂੰਨ ਪਹਿਲਾਂ ਹੀ ਲਾਗੂ ਹੋ ਚੁੱਕਾ ਹੈ ਅਤੇ ਹੁਣ ਬਿਹਾਰ ਦੇਸ਼ ਦਾ ਅੱਠਵਾਂ ਰਾਜ ਬਣ ਗਿਆ ਹੈ ਜਿੱਥੇ ਆਨੰਦ ਮੈਰਿਜ ਐਕਟ ਲਾਗੂ ਕੀਤਾ ਗਿਆ ਹੈ। ਇਸ ਤੋਂ ਪਹਿਲਾਂ ਸਿੱਖਾਂ ਦੇ ਅਨੰਦਕਾਰਜ ਦੀ ਰਜਿਸਟ੍ਰੇਸ਼ਨ ਹਿੰਦੂ ਮੈਰਿਜ ਐਕਟ ਅਧੀਨ ਹੀ ਹੁੰਦੀ ਸੀ। ਉਨ੍ਹਾਂ ਕਿਹਾ ਕਿ ਸਾਨੂੰ ਇਸ ਗੱਲ ਦੀ ਖੁਸ਼ੀ ਵੀ ਹੈ ਅਤੇ ਮਾਣ ਵੀ ਹੈ ਕਿ ਮਾਣਯੋਗ ਮੁੱਖ ਮੰਤਰੀ ਨਿਤੀਸ਼ ਕੁਮਾਰ ਵੱਲੋਂ ਸਿੱਖ ਭਾਈਚਾਰੇ ਦੀਆਂ ਮੰਗਾਂ ਨੂੰ ਇੱਕ-ਇੱਕ ਕਰਕੇ ਪੂਰਾ ਕੀਤਾ ਜਾ ਰਿਹਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਮਜੀਠਾ ਦੀ ਰੈਲੀ ਵਿਚ ਸ਼ਾਮਲ ਹੋਣ ਮੌਕੇ ਐਸੀ ਸੈਲ ਦੇ ਜਨਰਲ ਸਕੱਤਰ ਬਲਜੀਤ ਸਿੰਘ ਸਰਾਂ, ਸਰਪੰਚ ਬਲਰਾਜ ਸਿੰਘ ਕੰਗ



**ਚੌਕ ਮਹਿਤਾ, 18 ਜਨਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਸ. ਤਲਬੀਰ ਸਿੰਘ ਗਿੱਲ ਦੀ ਅਗਵਾਈ ਹੇਠ ਮਜੀਠਾ ਦਾਣਾ ਮੰਡੀ ਵਿੱਚ ਇੱਕ ਵਿਸ਼ਾਲ ਰੈਲੀ ਹੋਈ। ਜਿਸ ਵਿਚ ਮੁੱਖ ਮਹਿਮਾਨ ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਸਨ। ਇਸ ਰੈਲੀ ਵਿਚ ਸ਼ਾਮਲ ਹੋਣ ਲਈ ਐਸੀ ਸੈਲ ਦੇ ਜਨਰਲ ਸਕੱਤਰ ਬਲਜੀਤ ਸਿੰਘ ਸਰਾਂ ਸਰਪੰਚ ਬਲਰਾਜ ਸਿੰਘ ਕੰਗ ਨੇਂ ਆਪਣੇਂ ਪਿੰਡ ਵਿੱਚੋ ਬਹੁਤ ਗਿਣਤੀ ਵਿਚ ਹਾਜ਼ਰੀਆਂ ਭਰੀਆਂ। ਉਨ੍ਹਾਂ ਨੇ ਇੱਕ ਬੱਸ, ਕਾਰਾਂ ਦੇ ਕਾਫਲੇ ਰੂਪ ਵਿੱਚ ਹਾਜ਼ਰ ਹੋਏ। ਇਸ ਮੌਕੇ ਤੇ ਐਸ਼ੀ ਸੈਲ ਦੇ ਜਨਰਲ ਸਕੱਤਰ ਸ, ਬਲਜੀਤ ਸਿੰਘ ਸਰਾਂ, ਸਰਪੰਚ ਬਲਰਾਜ ਸਿੰਘ ਕੰਗ ਸਰਾਂ, ਸੁਖਦੀਪ ਸਿੰਘ ਮੈਂਬਰ, ਲਵਪ੍ਰੀਤ ਸਿੰਘ ਰਮਨਦੀਪ ਸਿੰਘ, ਬਲਕਾਰ ਸਿੰਘ,ਗੁਰਨਿਸਾਨ ਸਿੰਘ ਤਰਲੋਕ ਸਿੰਘ, ਦਵਿੰਦਰਪਾਲ ਸਿੰਘ ਬਿੱਟੂ ਆਦਿ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਹਾਜ਼ਰ ਸਨ। ਇਸ ਮੌਕੇ ਤੇ ਬਲਜੀਤ ਸਿੰਘ ਸਰਾਂ ਸਰਪੰਚ ਬਲਰਾਜ ਸਿੰਘ ਸਾਰੇ ਮੋਹਤਬਰਾਂ ਦਾ ਧੰਨਵਾਦ ਕੀਤਾ।

**ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਗੁਰੂ ਗੋਬਿੰਦ ਸਿੰਘ ਜੀ ਦੇ ਸਿਪਾਹੀ ਹੁੰਦੇ ਤਾਂ ਮੈਨੂੰ ਬੇਹੱਦ ਖ਼ੁਸ਼ੀ ਹੁੰਦੀ, ਪਰ ਉਹ ਸੁਖਬੀਰ ਬਾਦਲ ਦੇ ਸਿਪਾਹੀ ਹਨ ਅਤੇ ਉਹ ਖੁਦ ਕਹਿੰਦੇ ਹਨ ਕਿ ਮੈਂ ਬਾਦਲ ਦਾ ਸਿਪਾਹੀ ਹਾਂ-ਮੁੱਖ ਮੰਤਰੀ ਭਗਵੰਤ ਸਿੰਘ ਮਾਨ**

# ਆਪ ਨੇ 2027 ਦੀਆਂ ਚੋਣਾਂ ਲਈ ਤਲਵੀਰ ਸਿੰਘ ਗਿੱਲ ਨੂੰ ਮਜੀਠਾ ਹਲਕੇ ਤੋਂ ਉਮੀਦਵਾਰ ਐਲਾਨਿਆ

**☛ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੁਖੀ ਦੇ ਸੂਬੇ ਨੂੰ ਮੁੜ ਬੇਅਦਬੀ ਅਤੇ ਗੁੰਡਾਗਰਦੀ ਦੇ ਕਾਲੇ ਦੌਰ ਵਿੱਚ ਧੱਕਣ ਦੇ ਮਨਸੂਬਿਆਂ ਨੂੰ ਲੋਕ ਸਫਲ ਨਹੀਂ ਹੋਣ ਦੇਣਗੇ-ਮੁੱਖ ਮੰਤਰੀ ਭਗਵੰਤ ਸਿੰਘ ਮਾਨ ☛ ਮੈਂ ਸ੍ਰੀ ਅਕਾਲ ਤਖ਼ਤ ਸਾਹਿਬ ਦਾ ਸਤਿਕਾਰ ਰਾਸ਼ਟਰਪਤੀ ਨਾਲੋਂ ਉੱਪਰ ਰੱਖਿਆ- ਮੁੱਖ ਮੰਤਰੀ ਭਗਵੰਤ ਸਿੰਘ ਮਾਨ ☛ ਪਿਛਲੀਆਂ ਸਰਕਾਰਾਂ ਦੌਰਾਨ ਜਨਤਾ ਦਾ ਪੈਸਾ ਸਿਆਸਤਦਾਨਾਂ ਵੱਲੋਂ ਲੁੱਟਿਆ ਜਾਂਦਾ ਸੀ, ਪਰ ਹੁਣ ਸ਼ਾਨਦਾਰ ਸੜਕਾਂ ਬਣ ਰਹੀਆਂ ਹਨ-ਮੁੱਖ ਮੰਤਰੀ ਭਗਵੰਤ ਸਿੰਘ ਮਾਨ ☛ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਮਜੀਠਾ ਵਿੱਚ 20 ਸਾਲਾਂ ਬਾਅਦ 11.32 ਕਰੋੜ ਦੀ ਲਾਗਤ ਨਾਲ ਬਣ ਰਹੀਆਂ 23 ਪੇਂਡੂ ਸੜਕਾਂ ਦਾ ਨੀਂਹ ਪੱਥਰ ਰੱਖਿਆ**





**ਚੌਕ ਮਹਿਤਾ,,18 ਜਨਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)-** ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਇੱਥੇ ਮਜੀਠਾ ਵਿਖੇ ਸੂਬਾ ਪੱਧਰੀ ਸਮਾਗਮ ਦੌਰਾਨ 23 ਪੇਂਡੂ ਲਿੰਕ ਸੜਕਾਂ ਦਾ ਨੀਂਹ ਪੱਥਰ ਰੱਖਦਿਆਂ ਐਲਾਨ ਕੀਤਾ ਕਿ ਪੰਜਾਬ ਵਿੱਚ ਖ਼ੌਫ਼ ਦਾ ਦੌਰ, "ਪਰਚੀ ਦਾ ਦੌਰ" (ਜਬਰੀ ਵਸੂਲੀ) ਅਤੇ ਅਕਾਲੀਆਂ ਦੀ ਧੱਕੇਸ਼ਾਹੀ ਦਾ ਦੌਰ ਖਤਮ ਹੋ ਗਿਆ ਹੈ। ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਦੇ ਲੋਕਾਂ ਨੇ ਡਰਾਉਣ-ਧਮਕਾਉਣ ਵਾਲੀ ਸਿਆਸਤ ਨੂੰ ਪੂਰੀ ਤਰ੍ਹਾਂ ਨਾਕਾਰ ਦਿੱਤਾ ਹੈ ਅਤੇ ਵਿਕਾਸ, ਜਵਾਬਦੇਹੀ ਤੇ ਲੋਕ ਭਲਾਈ 'ਤੇ ਕੇਂਦਰਿਤ ਮਾਡਲ ਨੂੰ ਅਪਣਾਇਆ ਹੈ।

ਮੁੱਖ ਮੰਤਰੀ ਨੇ ਚੇਤਾਵਨੀ ਦਿੱਤੀ ਕਿ ਅਕਾਲੀਆਂ ਦੀ ਸੱਤਾ ਵਿੱਚ ਵਾਪਸੀ ਦਾ ਭਾਵ ਬੇਅਦਬੀਆਂ ਅਤੇ ਨਿਰਦੋਸ਼ ਲੋਕਾਂ 'ਤੇ ਗੋਲੀਬਾਰੀ ਵੱਲ ਵਾਪਸੀ ਹੋਵੇਗਾ। ਉਨ੍ਹਾਂ ਨੇ ਜਲ੍ਹਿਆਂਵਾਲਾ ਬਾਗ ਕਤਲੇਆਮ ਤੋਂ ਬਾਅਦ ਜਨਰਲ ਡਾਇਰ ਨੂੰ ਰਾਤ ਦੇ ਖਾਣੇ ਦੀ ਮੇਜ਼ਬਾਨੀ ਨੂੰ ਸੂਬੇ ਪ੍ਰਤੀ ਵਿਸ਼ਵਾਸਘਾਤ ਦੱਸਿਆ ਜੋ ਪੰਜਾਬ ਦੇ

ਆਵਾਜ਼ਿ ਕੌਮ
AWAZE QAUM
International Newspaper & WEB TV

ਲੋਕ ਕਦੇ ਨਹੀਂ ਭੁੱਲਣਗੇ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਧਾਰਮਿਕ ਸੰਸਥਾਵਾਂ ਨੂੰ ਗੁਰੂ ਸਾਹਿਬ ਦੀ ਸੇਵਾ ਕਰਨੀ ਚਾਹੀਦੀ ਹੈ, ਨਾ ਕਿ ਕਿਸੇ ਸਿਆਸੀ ਪਰਿਵਾਰਾਂ ਦਾ ਪੱਖ ਪੂਰਨਾ ਚਾਹੀਦਾ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਮੁਫ਼ਤ ਬਿਜਲੀ, ਸੜਕਾਂ ਦਾ ਨਵੀਨੀਕਰਨ ਅਤੇ ਲੋਕ ਪੱਖੀ ਪ੍ਰਸ਼ਾਸਨ ਨੇ ਸੌੜੀ ਰਾਜਨੀਤੀ ਦੀ ਥਾਂ ਲੈ ਲਈ ਹੈ, ਜਿਸ ਨਾਲ ਮਜੀਠੀਆ ਵਿੱਚ 11.32 ਕਰੋੜ ਰੁਪਏ ਦੀ ਲਾਗਤ ਵਾਲੇ ਪ੍ਰੋਜੈਕਟਾਂ ਨਾਲ ਵਿਕਾਸ ਦੇ ਇੱਕ ਨਵੇਂ ਅਧਿਆਇ ਦੀ ਸ਼ੁਰੂਆਤ ਹੋਈ ਹੈ।

ਮਜੀਠਾ ਵਿੱਚ 23 ਨਵੀਆਂ ਪੇਂਡੂ ਲਿੰਕ ਸੜਕਾਂ ਦਾ ਨੀਂਹ ਪੱਥਰ ਰੱਖਣ ਉਪਰੰਤ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਪਹਿਲਾਂ, ਇਹ ਇਲਾਕਾ ਲਗਾਤਾਰ ਡਰ ਹੇਠ ਰਹਿੰਦਾ ਸੀ। ਇਸ ਖੇਤਰ ਦੇ ਖੁਦ ਨੂੰ 'ਜਰਨੈਲ' ਦੱਸਣ ਵਾਲੇ ਵਿਅਕਤੀ ਨੇ ਆਮ ਲੋਕਾਂ ਵਿਰੁੱਧ ਝੂਠੇ ਕੇਸਾਂ ਨੂੰ ਹਥਿਆਰ ਵਜੋਂ ਵਰਤਿਆ। ਕਾਂਗਰਸ ਅਤੇ ਅਕਾਲੀ, ਦੋਵਾਂ ਸਰਕਾਰਾਂ ਦੀ ਆਪਸੀ ਮਿਲੀਭੁਗਤ ਨਾਲ ਦਹਿਸ਼ਤ ਭਰੇ ਰਾਜ ਦੀ ਸ਼ੁਰੂਆਤ ਹੋਈ ਅਤੇ ਲੋਕ ਸਰਕਾਰ ਖਿਲਾਫ ਬੋਲਣ ਤੋਂ ਡਰਦੇ ਸਨ।" ਉਨ੍ਹਾਂ ਕਿਹਾ ਕਿ ਇਹ ਡਰ ਹੁਣ ਪੂਰੀ ਤਰ੍ਹਾਂ ਖਤਮ ਹੋ ਗਿਆ ਹੈ ਕਿਉਂਕਿ ਹੁਣ ਲੋਕਾਂ ਦਾ ਰਾਜ ਹੈ ਅਤੇ ਉਨ੍ਹਾਂ ਨੇ ਅਜਿਹੀ ਸੌੜੀ ਰਾਜਨੀਤੀ ਨੂੰ ਨਿਰਣਾਇਕ ਤੌਰ 'ਤੇ ਸੂਬੇ ਵਿੱਚੋਂ ਬਾਹਰ ਦਾ ਰਸਤਾ ਦਿਖਾਇਆ ਹੈ। ਮੁੱਖ ਮੰਤਰੀ ਨੇ ਕਿਹਾ ਕਿ ਲੋਕਾਂ ਨੇ ਮਜੀਠੀਆ ਅਤੇ ਬਾਦਲ ਪਰਿਵਾਰਾਂ ਵੱਲੋਂ ਚਲਾਈ ਜਾ ਰਹੀ ਡਰਾਉਣ-ਧਮਕਾਉਣ ਵਾਲੀ ਰਾਜਨੀਤੀ ਨੂੰ ਦਰਕਿਨਾਰ ਕਰਕੇ ਇਕ ਨਵਾਂ ਰਾਹ ਚੁਣਿਆ ਹੈ। ਉਨ੍ਹਾਂ ਕਿਹਾ, "ਇਹੀ ਮਜੀਠਾ ਇਲਾਕਾ ਕਦੇ ਉਨ੍ਹਾਂ ਲੋਕਾਂ ਦੇ ਕਬਜ਼ੇ ਵਿੱਚ ਸੀ ਜਿਨ੍ਹਾਂ ਨੇ 1919 ਵਿੱਚ ਜਲ੍ਹਿਆਂਵਾਲਾ ਬਾਗ ਕਤਲੇਆਮ ਵਾਲੇ ਦਿਨ ਜਨਰਲ ਡਾਇਰ ਨੂੰ ਰਾਤ ਦੇ ਖਾਣੇ 'ਤੇ ਬੁਲਾਇਆ ਸੀ। ਅਜਿਹੇ ਵਿਸ਼ਵਾਸਘਾਤ ਭਰੇ ਗੁਨਾਹਾਂ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ। ਪੰਜਾਬ ਦੇ ਲੋਕ ਉਨ੍ਹਾਂ ਲੋਕਾਂ ਨੂੰ ਕਦੇ ਮੁਆਫ਼ ਨਹੀਂ ਕਰਨਗੇ ਜਿਨ੍ਹਾਂ ਦੇ ਹੱਥ ਮਾਸੂਮ ਲੋਕਾਂ ਦੇ ਖ਼ੂਨ ਨਾਲ ਰੰਗੇ ਹੋਏ ਸਨ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਚੇਤਾਵਨੀ ਦਿੱਤੀ ਕਿ ਅਕਾਲੀ ਦਲ ਨੂੰ ਸੱਤਾ ਵਿੱਚ ਵਾਪਸ ਲਿਆਉਣ ਦਾ ਭਾਵ ਪੰਜਾਬ ਨੂੰ ਹਨੇਰ ਯੁੱਗ ਵਿੱਚ ਵਾਪਸ ਧੱਕਣਾ ਹੋਵੇਗਾ। ਉਨ੍ਹਾਂ ਕਿਹਾ, "ਇਸ ਦਾ ਭਾਵ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਦੁਬਾਰਾ 'ਬੇਅਦਬੀ', ਨਿਰਦੋਸ਼ ਪ੍ਰਦਰਸ਼ਨਕਾਰੀਆਂ 'ਤੇ ਗੋਲੀਬਾਰੀ ਅਤੇ ਆਮ ਲੋਕਾਂ ਵਿਰੁੱਧ ਅੱਤਿਆਚਾਰ ਵੱਲ ਵਧਣ ਦੇ ਬਰਾਬਰ ਹੋਵੇਗਾ।"

ਉਨ੍ਹਾਂ ਅੱਗੇ ਕਿਹਾ ਕਿ ਅਕਾਲੀਆਂ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਐਸ.ਜੀ.ਪੀ.ਸੀ.) ਦੇ ਮਾੜੇ ਕੰਮਾਂ ਕਾਰਨ ਹੀ ਸੂਬਾ ਸਰਕਾਰ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਲਾਪਤਾ ਹੋਏ 328 ਸਰੂਪਾਂ ਦੀ ਜਾਂਚ ਲਈ ਵਿਸ਼ੇਸ਼ ਜਾਂਚ ਟੀਮ (ਐਸ.ਆਈ.ਟੀ.) ਦਾ ਗਠਨ ਕਰਨ ਲਈ ਮਜਬੂਰ ਹੋਣਾ ਪਿਆ। ਉਨ੍ਹਾਂ ਕਿਹਾ, "ਸਾਡਾ ਇੱਕੋ ਇੱਕ ਉਦੇਸ਼ ਗੁੰਮ ਹੋਏ ਸਰੂਪਾਂ ਦਾ ਪਤਾ ਲਾਉਣਾ ਹੈ। ਸਾਡਾ ਧਾਰਮਿਕ ਸੰਸਥਾਵਾਂ ਵਿੱਚ ਦਖਲ ਦੇਣ ਦਾ ਕੋਈ ਇਰਾਦਾ ਨਹੀਂ ਹੈ।"

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਮੰਦਭਾਗਾ



ਹੈ ਕਿ ਆਪਣੀਆਂ ਮੁੱਢਲੀਆਂ ਜ਼ਿੰਮੇਵਾਰੀਆਂ 'ਤੇ ਧਿਆਨ ਕੇਂਦਰਿਤ ਕਰਨ ਦੀ ਬਜਾਏ ਐਸ.ਜੀ.ਪੀ.ਸੀ. ਮੁਖੀ ਸਿਆਸੀ ਰੈਲੀਆਂ ਦੇ ਪ੍ਰਬੰਧ ਕਰਨ ਵਿੱਚ ਰੁੱਝੇ ਹੋਏ ਸਨ। ਉਨ੍ਹਾਂ ਕਿਹਾ, "ਆਪਣੇ ਆਪ ਨੂੰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸੱਚੇ ਸਿਪਾਹੀ ਕਹਿਣ ਦੀ ਬਜਾਏ, ਉਹ ਮਾਣ ਨਾਲ ਆਪਣੇ ਆਪ ਨੂੰ ਸੁਖਬੀਰ ਸਿੰਘ ਬਾਦਲ ਦਾ ਸਿਪਾਹੀ ਕਹਿੰਦੇ ਹਨ। ਅਜਿਹੇ ਵਿਅਕਤੀ ਤੋਂ ਭਲੇ ਦੀ ਕੀ ਉਮੀਦ ਕੀਤੀ ਜਾ ਸਕਦੀ ਹੈ, ਜੋ ਕਿਸੇ ਅਜਿਹੇ ਵਿਅਕਤੀ ਦੀ ਸੇਵਾ ਕਰਨ 'ਤੇ ਮਾਣ ਕਰਦਾ ਹੈ ਜਿਸ ਨੇ ਆਪਣੀਆਂ ਹਰਕਤਾਂ ਨਾਲ ਪੰਜਾਬ ਨੂੰ ਬਰਬਾਦ ਕਰ ਦਿੱਤਾ ਹੋਵੇ।÷

ਮੁੱਖ ਮੰਤਰੀ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਵਉੱਚਤਾ ਨੂੰ ਜ਼ਿਕਰ ਕਰਦਿਆਂ ਕਿਹਾ, "ਸ੍ਰੀ ਅਕਾਲ ਤਖ਼ਤ ਸਾਹਿਬ ਸਾਡੇ ਸਾਰਿਆਂ ਤੋਂ ਉੱਪਰ ਹਨ। ਇਸੇ ਲਈ ਮੈਂ ਭਾਰਤ ਦੇ ਰਾਸ਼ਟਰਪਤੀ ਦੇ ਸਮਾਗਮ ਵਿੱਚ ਸ਼ਾਮਲ ਹੋਣ ਦੀ ਬਜਾਏ ਤਖ਼ਤ ਸਾਹਿਬ ਅੱਗੇ ਪੇਸ਼ ਹੋਇਆ।" ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਸਰਕਾਰ ਦੇ ਉਲਟ, ਅਕਾਲੀਆਂ ਨੇ ਵਾਰ-ਵਾਰ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਵਉੱਚਤਾ ਨੂੰ ਢਾਹ ਲਾਈ। ਉਨ੍ਹਾਂ ਕਿਹਾ, "ਜਥੇਦਾਰਾਂ ਨੂੰ ਆਪਣੀ ਮਰਜ਼ੀ ਨਾਲ ਨਿਯੁਕਤ ਕੀਤਾ ਅਤੇ ਅਹੁਦੇ ਤੋਂ ਹਟਾਇਆ ਗਿਆ, ਜਿਸ ਨਾਲ ਇਨ੍ਹਾਂ ਸੰਸਥਾਵਾਂ ਦੀ ਪਵਿੱਤਰਤਾ ਨੂੰ ਭਾਰੀ ਸੱਟ ਵੱਜੀ ਹੈ।" ਉਨ੍ਹਾਂ ਨੇ ਇਹ ਵੀ ਟਿੱਪਣੀ ਕੀਤੀ ਕਿ ਕਾਂਗਰਸੀ ਆਗੂ ਲਗਾਤਾਰ ਹਾਰਾਂ ਦਾ ਸਾਹਮਣਾ ਕਰਨ ਤੋਂ ਬਾਅਦ ਆਪਣਾ ਸਿਆਸੀ ਸੰਤੁਲਨ ਗੁਆ ਚੁੱਕੇ ਹਨ।

ਮਜੀਠਾ ਤੋਂ ਇੱਕ ਵੱਡਾ ਐਲਾਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਮਜੀਠਾ ਤੋਂ ਆਪ ਆਗੂ ਤਲਬੀਰ ਸਿੰਘ ਗਿੱਲ ਆਪ ਦੇ ਉਮੀਦਵਾਰ ਹੋਣਗੇ। ਉਨ੍ਹਾਂ ਕਿਹਾ, "ਸਮਾਂ ਆ ਗਿਆ ਹੈ ਕਿ ਮਜੀਠਾ ਦੇ ਲੋਕ ਮੰਗ ਪੱਤਰ ਸੌਂਪਣ ਤੋਂ ਅੱਗੇ ਵਧ ਕੇ ਖੁਦ ਫੈਸਲੇ ਲੈਣੇ ਸ਼ੁਰੂ ਕਰ ਦੇਣ।" ਭਗਵੰਤ ਸਿੰਘ ਮਾਨ ਨੇ ਕਿਹਾ, "ਆਪ ਇੱਕ ਨਵੀਂ ਸਿਆਸਤ ਦੀ ਨੁਮਾਇੰਦਗੀ ਕਰਦੀ ਹੈ ਜਿੱਥੇ ਲੋਕ ਸੱਤਾ ਅੱਗੇ ਪਟੀਸ਼ਨਰ ਨਹੀਂ ਹੁੰਦੇ ਸਗੋਂ ਪ੍ਰਸ਼ਾਸਨ ਵਿੱਚ ਭਾਈਵਾਲ ਬਣਦੇ ਹਨ।" ਉਨ੍ਹਾਂ ਕਿਹਾ ਕਿ ਉਹ ਮਜੀਠਾ ਵਿੱਚ ਇੱਕ ਅਜਿਹਾ ਪ੍ਰਤੀਨਿਧੀ ਭੇਜਣਗੇ ਜੋ ਫੈਸਲਾ ਲੈਣ, ਵਿਕਾਸ ਅਤੇ ਜਵਾਬਦੇਹੀ ਵਿੱਚ ਵਿਸ਼ਵਾਸ ਰੱਖਦਾ ਹੈ, ਡਰਾਉਣ-ਧਮਕਾਉਣ ਅਤੇ ਲੋਕਾਂ ਦੇ ਹੱਕਾਂ 'ਤੇ ਡਾਕਾ ਮਾਰਨ ਵਿੱਚ ਨਹੀਂ।

ਆਪਣੀ ਸਰਕਾਰ ਦੀਆਂ ਲੋਕ-ਪੱਖੀ ਪਹਿਲਕਦਮੀਆਂ ਨੂੰ ਉਜਾਗਰ ਕਰਦਿਆਂ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਮਾਰਚ 2022 ਵਿੱਚ ਸੱਤਾ ਸੰਭਾਲਣ ਤੋਂ ਬਾਅਦ, ਸਾਡਾ ਪਹਿਲਾ ਫੈਸਲਾ 90 ਫ਼ੀਸਦੀ ਘਰਾਂ ਨੂੰ ਮੁਫ਼ਤ ਬਿਜਲੀ ਪ੍ਰਦਾਨ ਕਰਨਾ ਸੀ।" ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਹੁਣ ਨਿਰਵਿਘਨ ਬਿਜਲੀ ਸਪਲਾਈ ਮਿਲ ਰਹੀ ਹੈ, ਜਿਸ ਨਾਲ ਉਨ੍ਹਾਂ ਨੂੰ ਠੰਢੀਆਂ ਰਾਤਾਂ ਵਿੱਚ ਆਪਣੇ ਖੇਤਾਂ ਦੀ ਸਿੰਚਾਈ ਲਈ ਬਾਹਰ ਨਹੀਂ ਜਾਣਾ ਪੈਂਦਾ। ਉਨ੍ਹਾਂ ਕਿਹਾ, "ਪੰਜਾਬ ਅੱਜ ਬਿਜਲੀ ਦੀ ਬਹੁਤਾਤ ਵਾਲਾ ਸੂਬਾ ਹੈ। ਲੋੜੀਂਦੀ ਕੋਲੇ ਦੀ ਸਪਲਾਈ ਅਤੇ ਪੂਰੀ ਤਰ੍ਹਾਂ ਕਾਰਜਸ਼ੀਲ ਥਰਮਲ ਪਲਾਂਟਾਂ ਦੇ ਨਾਲ, ਪੰਜਾਬ ਦੇਸ਼ ਵਿੱਚ ਮੋਹਰੀ ਸੂਬਾ ਬਣ ਕੇ ਉੱਭਰ ਰਿਹਾ ਹੈ।"

ਕਾਂਗਰਸ ਆਗੂ ਰਾਹੁਲ ਗਾਂਧੀ 'ਤੇ ਨਿਸ਼ਾਨਾ ਸਾਧਦੇ ਹੋਏ ਮੁੱਖ ਮੰਤਰੀ ਨੇ ਕਿਹਾ, "ਕੁਝ ਆਗੂ ਗਰੀਬ ਵਿਅਕਤੀ ਦੇ ਘਰ ਇੱਕ ਰਾਤ ਰਹਿਣਾ ਇੱਕ ਨਵੀਂ ਗੱਲ ਸਮਝਦੇ ਹਨ। ਮੈਂ ਖੁਦ ਇੱਕ ਆਮ ਆਦਮੀ ਹਾਂ ਅਤੇ ਮੈਂ ਆਮ ਲੋਕਾਂ ਦੇ ਰੋਜ਼ਾਨਾ ਦੇ ਸੰਘਰਸ਼ਾਂ ਨੂੰ ਚੰਗੀ ਤਰ੍ਹਾਂ ਸਮਝਦਾ ਹਾਂ।" ਉਨ੍ਹਾਂ ਨੇ ਸ੍ਰੀ ਗੁਰੂ ਤੇਗ ਬਹਾਦਰ ਜੀ ਦੇ 350ਵੇਂ ਸ਼ਹੀਦੀ ਦਿਵਸ ਨੂੰ ਸਮਰਪਿਤ ਹਾਲ ਹੀ ਵਿੱਚ ਹੋਏ ਸਮਾਗਮਾਂ ਦਾ ਹਵਾਲਾ ਦਿੰਦਿਆਂ ਕਿਹਾ ਕਿ ਸੂਬਾ ਸਰਕਾਰ ਪੰਜਾਬ ਦੀ ਮਹਾਨ ਵਿਰਾਸਤ ਨੂੰ ਸੰਭਾਲਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਸੂਬੇ ਦੇ ਅਮੀਰ ਵਿਰਸੇ ਤੋਂ ਵਿਦਿਆਰਥੀਆਂ ਨੂੰ ਜਾਣੂੰ ਕਰਵਾਉਣ ਲਈ ਅਜਿਹੀਆਂ ਹੋਰ ਪਹਿਲਕਦਮੀਆਂ ਕੀਤੀਆਂ ਜਾਣਗੀਆਂ।

ਸਰਹੱਦੀ ਵਸਨੀਕਾਂ ਨੂੰ ਸੱਚੇ ਦੇਸ਼ ਭਗਤ ਦੱਸਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਦੀ ਭਲਾਈ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਉਨ੍ਹਾਂ ਕਿਹਾ, "ਸਰਹੱਦੀ ਪੱਟੀ ਦੇ ਕਿਸਾਨਾਂ ਲਈ ਇੱਕ ਵੱਡੀ ਰਾਹਤ ਵਜੋਂ, ਕੇਂਦਰ ਸਰਕਾਰ ਨੇ ਸਰਹੱਦੀ ਵਾੜ ਨੂੰ ਕੌਮਾਂਤਰੀ ਸਰਹੱਦ ਦੇ ਨੇੜੇ ਤਬਦੀਲ ਕਰਨ ਲਈ ਸਿਧਾਂਤਕ ਤੌਰ 'ਤੇ ਪ੍ਰਵਾਨਗੀ ਦੇ ਦਿੱਤੀ ਹੈ।" ਉਨ੍ਹਾਂ ਕਿਹਾ ਕਿ ਇਸ ਨਾਲ ਕਿਸਾਨ ਵਾੜ ਤੋਂ ਪਰੇ ਹਜ਼ਾਰਾਂ ਏਕੜ ਜ਼ਮੀਨ 'ਤੇ ਬੇਰੋਕ ਖੇਤੀ ਕਰ ਸਕਣਗੇ। ਉਨ੍ਹਾਂ ਕਿਹਾ ਕਿ ਉਨ੍ਹਾਂ ਨੇ ਇਹ ਮੁੱਦਾ ਕੇਂਦਰੀ ਗ੍ਰਹਿ ਮੰਤਰੀ ਕੋਲ ਉਠਾਉਂਦਿਆਂ ਕਿਸਾਨਾਂ ਨੂੰ ਦਰਪੇਸ਼ ਰੋਜ਼ਾਨਾ ਮੁਸ਼ਕਲਾਂ ਵੱਲ ਧਿਆਨ ਦਵਾਇਆ ਜਿਨ੍ਹਾਂ ਨੂੰ 532 ਕਿਲੋਮੀਟਰ ਲੰਬੀ ਭਾਰਤ-ਪਾਕਿਸਤਾਨ ਸਰਹੱਦ 'ਤੇ ਆਪਣੇ ਖੇਤਾਂ ਤੱਕ ਜਾਣ ਲਈ ਬੀ.ਐਸ.ਐਫ. ਦੀ ਸੁਰੱਖਿਆ ਹੇਠ ਵਾੜ ਪਾਰ ਕਰਨ ਲਈ ਮਜਬੂਰ ਹੋਣਾ ਪੈਂਦਾ ਸੀ।

ਮੁੱਖ ਮੰਤਰੀ ਨੇ ਕਿਹਾ ਕਿ ਮਜੀਠਾ ਹਲਕੇ ਵਿੱਚ 11.32 ਕਰੋੜ ਰੁਪਏ ਦੀ ਲਾਗਤ ਨਾਲ 23 ਪੇਂਡੂ ਲਿੰਕ ਸੜਕਾਂ ਦਾ ਨਵੀਨੀਕਰਨ ਕੀਤਾ ਜਾਵੇਗਾ। ਉਨ੍ਹਾਂ ਕਿਹਾ "ਮਜੀਠਾ ਹਲਕੇ ਦੇ ਕਈ ਪਿੰਡਾਂ ਵਿੱਚ ਲਿੰਕ ਸੜਕਾਂ ਦੇ ਨਵੀਨੀਕਰਨ ਲਈ 11.32 ਕਰੋੜ ਰੁਪਏ ਦੇ ਪ੍ਰੋਜੈਕਟ ਸ਼ੁਰੂ ਕੀਤੇ ਗਏ ਹਨ। ਇਸ ਵਿੱਚੋਂ ਅਗਲੇ ਪੰਜ ਸਾਲਾਂ ਦੌਰਾਨ 9.94 ਕਰੋੜ ਰੁਪਏ ਸੜਕਾਂ ਦੇ ਨਵੀਨੀਕਰਨ 'ਤੇ ਅਤੇ 1.38 ਕਰੋੜ ਰੁਪਏ ਉਨ੍ਹਾਂ ਦੀ ਸਾਂਭ-ਸੰਭਾਲ 'ਤੇ ਖਰਚ ਕੀਤੇ ਜਾਣਗੇ। ਇਹਨਾਂ ਸੜਕਾਂ ਦੀ ਹਾਲਤ ਬਹੁਤ ਖਸਤਾ ਸੀ, ਜਿਸ ਕਾਰਨ ਆਉਣ-ਜਾਣ ਵਾਲਿਆਂ ਅਤੇ ਕਿਸਾਨਾਂ ਨੂੰ ਆਪਣੀ ਉਪਜ ਮੰਡੀਆਂ ਵਿੱਚ ਲਿਜਾਣ ਲਈ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ।" ਉਨ੍ਹਾਂ ਆਸ ਪ੍ਰਗਟਾਈ ਕਿ ਇਨ੍ਹਾਂ ਸੜਕਾਂ ਦੇ ਨਵੀਨੀਕਰਨ ਨਾਲ ਮਜੀਠਾ ਅਤੇ ਆਸ ਪਾਸ ਦੇ ਇਲਾਕਿਆਂ ਦੇ ਵਸਨੀਕਾਂ ਨੂੰ ਕਾਫ਼ੀ ਲਾਭ ਹੋਵੇਗਾ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਸੂਬੇ ਭਰ ਵਿੱਚ ਲਿੰਕ ਸੜਕਾਂ ਦੀ ਮੁਰੰਮਤ ਅਤੇ ਅਪਗ੍ਰੇਡ ਕਰਨ ਸਬੰਧੀ ਇੱਕ ਵਿਆਪਕ ਪ੍ਰੋਗਰਾਮ ਸ਼ੁਰੂ ਕੀਤਾ ਹੈ। ਉਨ੍ਹਾਂ ਕਿਹਾ, "ਪੰਜਾਬ ਵਿੱਚ ਲਗਭਗ 43,000 ਕਿਲੋਮੀਟਰ ਲਿੰਕ ਸੜਕਾਂ ਹਨ। ਇਨ੍ਹਾਂ ਦੀ ਮੁਰੰਮਤ ਦੇ ਨਾਲ-ਨਾਲ, ਅਸੀਂ ਅਗਲੇ ਪੰਜ ਸਾਲਾਂ ਲਈ ਉਨ੍ਹਾਂ ਦੀ ਸਾਂਭ-ਸੰਭਾਲ ਨੂੰ ਯਕੀਨੀ ਬਣਾਉਣ ਦਾ ਇਤਿਹਾਸਕ ਫੈਸਲਾ ਲਿਆ ਹੈ।" ਉਨ੍ਹਾਂ ਕਿਹਾ ਕਿ ਗੁਣਵੱਤਾ ਨੂੰ ਯਕੀਨੀ ਬਣਾਉਣ ਲਈ, ਇੱਕ ਮੁੱਖ ਮੰਤਰੀ ਫਲਾਇੰਗ ਸਕੁਐਡ ਦਾ ਗਠਨ ਕੀਤਾ ਗਿਆ ਹੈ ਅਤੇ ਪ੍ਰਵਾਨਗੀਆਂ ਦੇਣ ਤੋਂ ਪਹਿਲਾਂ ਇੱਕ ਆਰਟੀਫੀਸ਼ੀਅਲ ਇੰਟੈਲੀਜੈਂਸ-ਅਧਾਰਤ ਸਰਵੇਖਣ ਕੀਤਾ ਗਿਆ ਸੀ ਜਿਸ ਨਾਲ 226.89 ਕਰੋੜ ਰੁਪਏ ਦੀ ਬੱਚਤ ਹੋਈ।

ਮੁੱਖ ਮੰਤਰੀ ਨੇ ਕਿਹਾ, "ਇਹ ਪੈਸਾ ਪਹਿਲਾਂ ਪਿਛਲੀਆਂ ਸਰਕਾਰਾਂ ਦੇ ਆਗੂਆਂ ਵੱਲੋਂ ਲੁੱਟਿਆ ਗਿਆ ਸੀ।" ਉਨ੍ਹਾਂ ਕਿਹਾ, "ਇਸ 'ਤੇ ਰੋਕ ਲਗਾ ਕੇ ਅਸੀਂ ਹੁਣ ਇਨ੍ਹਾਂ ਫੰਡਾਂ ਦੀ ਵਰਤੋਂ ਪੰਜਾਬ ਦੇ ਵਿਕਾਸ ਅਤੇ ਇਸ ਦੇ ਲੋਕਾਂ ਦੀ ਖੁਸ਼ਹਾਲੀ ਲਈ ਕਰ ਰਹੇ ਹਾਂ।" ਉਨ੍ਹਾਂ ਅੱਗੇ ਕਿਹਾ ਕਿ ਆਮ ਆਦਮੀ ਕਲੀਨਿਕ, ਸਕੂਲ ਆਫ਼ ਐਮੀਨੈਂਸ ਅਤੇ ਮੁਫ਼ਤ ਬਿਜਲੀ ਵਰਗੀਆਂ ਪਹਿਲਕਦਮੀਆਂ ਸਦਕਾ ਪੰਜਾਬ ਵਿੱਚ ਪ੍ਰਸ਼ਾਸਨ ਹੁਣ ਪੂਰੀ ਤਰ੍ਹਾਂ ਜਨਤਕ ਭਲਾਈ 'ਤੇ ਕੇਂਦ੍ਰਿਤ ਹੈ।

ਇਸ ਤੋਂ ਪਹਿਲਾਂ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ ਮੁੱਖ ਮੰਤਰੀ ਅਤੇ ਹੋਰ ਪਤਵੰਤਿਆਂ ਦਾ ਸਵਾਗਤ ਕੀਤਾ। ਇਸ ਮੌਕੇ ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ., ਵਿਧਾਇਕ ਸਰਵਣ ਸਿੰਘ ਧੁੰਨ, ਸੀਨੀਅਰ ਆਪ ਆਗੂ ਤਲਬੀਰ ਸਿੰਘ ਗਿੱਲ ਅਤੇ ਹੋਰ ਆਗੂ ਮੌਜੂਦ ਸਨ।

### ਪੱਤਰਕਾਰ ਗੌਰੀ ਲੰਕੇਸ਼ ਦੇ ਕਤਲ ਕੇਸ ਦੇ ਦੋਸ਼ੀ ਸ਼੍ਰੀਕਾਂਤ ਪੰਗਾਰਕਰ ਨੇ

# ਮਹਾਰਾਸ਼ਟਰ ਨਗਰ ਨਿਗਮ ਦੀਆਂ ਚੋਣਾਂ ਜਿੱਤੀਆਂ

**ਨਵੀਂ ਦਿੱਲੀ, 18 ਜਨਵਰੀ (ਮਨਪ੍ਰੀਤ ਸਿੰਘ ਖਾਲਸਾ)**-ਪੱਤਰਕਾਰ ਗੌਰੀ ਲੰਕੇਸ਼ ਦੇ ਕਤਲ ਦੇ 17 ਮੁਲਜ਼ਮਾਂ ਵਿੱਚੋਂ ਇੱਕ, ਸ਼੍ਰੀਕਾਂਤ ਪੰਗਾਰਕਰ ਨੇ ਮਹਾਰਾਸ਼ਟਰ ਦੇ ਜਾਲਨਾ ਨਗਰ ਨਿਗਮ ਚੋਣਾਂ ਜਿੱਤ ਲਈਆਂ ਹਨ । ਆਜ਼ਾਦ ਉਮੀਦਵਾਰ ਵਜੋਂ ਚੋਣ ਲੜਦੇ ਹੋਏ, ਪੰਗਾਰਕਰ ਨੂੰ 2,621 ਵੋਟਾਂ ਮਿਲੀਆਂ।ਉਨ੍ਹਾਂ ਨੇ ਆਪਣੇ ਨਜ਼ਦੀਕੀ ਵਿਰੋਧੀ, ਭਾਜਪਾ ਦੇ ਉਮੀਦਵਾਰ ਨੂੰ 144 ਵੋਟਾਂ ਨਾਲ ਹਰਾਇਆ। ਜਾਲਨਾ ਵਿੱਚ ਆਪਣੀ ਜਿੱਤ ਤੋਂ ਬਾਅਦ, ਪੰਗਾਰਕਰ ਹੁਣ ਜਾਲਨਾ ਨਗਰ ਕੌਂਸਲ ਦੇ ਵਾਰਡ 13-ਡੀ ਤੋਂ ਕੌਂਸਲਰ ਵਜੋਂ ਸੇਵਾ ਨਿਭਾਉਣਗੇ। ਜਿਕਰਯੋਗ ਹੈ ਕਿ ਸ਼ਿਵ ਸੈਨਾ (ਸ਼ਿੰਦੇ ਧੜੇ) ਨੇ ਵਾਰਡ 13 ਵਿੱਚ ਕੋਈ ਉਮੀਦਵਾਰ ਖੜ੍ਹਾ ਨਹੀਂ ਕੀਤਾ ਸੀ, ਨੇ ਵੀ ਉਸਨੂੰ ਜਿੱਤਣ ਵਿੱਚ ਮਦਦ ਕੀਤੀ ਅਤੇ ਦੱਸਿਆ ਜਾ ਰਿਹਾ ਹੈ ਕਿ ਪੰਗਾਰਕਰ ਦੀ ਸਾਬਕਾ ਪਾਰਟੀ, ਸ਼ਿਵ ਸੈਨਾ ਨੇ ਜਾਲਨਾ ਚੋਣਾਂ ਵਿੱਚ ਉਨ੍ਹਾਂ ਦੀ ਆਜ਼ਾਦ ਉਮੀਦਵਾਰੀ ਦਾ ਸਮਰਥਨ ਕੀਤਾ ਸੀ। ਜਦੋਂ ਕਿ ਪੰਗਾਰਕਰ ਨੇ ਇੱਕ ਮੀਡੀਆ ਇੰਟਰਵਿਊ ਵਿੱਚ ਇਸ ਤੋਂ ਇਨਕਾਰ ਕੀਤਾ, ਉਨ੍ਹਾਂ ਨੇ ਮਹਾਰਾਸ਼ਟਰ ਦੇ ਉਪ ਮੁੱਖ ਮੰਤਰੀ ਏਕਨਾਥ ਸ਼ਿੰਦੇ ਦੀ ਅਗਵਾਈ ਵਾਲੀ ਸ਼ਿਵ ਸੈਨਾ ਵਿੱਚ ਭਵਿੱਖ ਵਿੱਚ ਵਾਪਸੀ ਦੀ ਸੰਭਾਵਨਾ ਤੋਂ ਇਨਕਾਰ ਨਹੀਂ ਕੀਤਾ ।ਪੰਗਾਰਕਰ ਦਾ ਸ਼ਿਵ ਸੈਨਾ ਨਾਲ ਲੰਮਾ ਸਬੰਧ ਰਿਹਾ ਹੈ। ਉਸਨੇ 2001 ਤੋਂ 2006 ਤੱਕ ਪਾਰਟੀ ਦੇ ਕੌਂਸਲਰ ਵਜੋਂ ਸੇਵਾ ਨਿਭਾਈ। 2024 ਵਿੱਚ, ਉਸਨੇ ਸ਼ਿੰਦੇ ਦੀ ਅਗਵਾਈ ਵਾਲੀ ਸ਼ਿਵ ਸੈਨਾ ਵਿੱਚ ਦੁਬਾਰਾ ਸ਼ਾਮਲ ਹੋਣ ਦੀ ਕੋਸ਼ਿਸ਼ ਕੀਤੀ, ਪਰ ਪੱਤਰਕਾਰ ਗੌਰੀ ਲੰਕੇਸ਼ ਦੀ ਹੱਤਿਆ ਸਮੇਤ ਗੰਭੀਰ ਦੋਸ਼ਾਂ ਕਾਰਨ ਵਿਰੋਧ ਦਾ ਸਾਹਮਣਾ ਕਰਨ ਤੋਂ ਬਾਅਦ ਇਸ ਕਦਮ ਨੂੰ ਵਾਪਸ ਲੈ ਲਿਆ। 5 ਸਤੰਬਰ 2017 ਨੂੰ ਪੱਤਰਕਾਰ ਗੌਰੀ ਲੰਕੇਸ਼ ਦੀ ਬੰਗਲੁਰੂ ਵਿੱਚ ਉਨ੍ਹਾਂ ਦੇ ਘਰ ਦੇ ਬਾਹਰ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਗਈ ਸੀ। ਲੰਕੇਸ਼ ਦੇ ਕਤਲ ਤੋਂ ਲਗਭਗ ਇੱਕ ਦਹਾਕੇ ਬਾਅਦ, ਪੰਗਾਰਕਰ ਅਤੇ ਹੋਰ ਦੋਸ਼ੀਆਂ ਵਿਰੁੱਧ ਕੇਸ ਕਰਨਾਟਕ ਦੇ ਬੈਂਗਲੁਰੂ ਵਿੱਚ ਮੁਕੱਦਮੇ ਦੇ ਪੜਾਅ 'ਤੇ ਹੈ। ਰਾਜ ਸਰਕਾਰ ਨੇ ਕਤਲ ਦੀ ਜਾਂਚ ਲਈ ਇੱਕ ਵਿਸ਼ੇਸ਼ ਜਾਂਚ ਟੀਮ ਬਣਾਈ। ਇਹ ਕਤਲ ਸੀਸੀਟੀਵੀ ਵਿੱਚ ਕੈਦ ਹੋਏ ਬਾਈਕ ਸਵਾਰ ਹਮਲਾਵਰਾਂ ਦੁਆਰਾ ਦਿਨ-ਦਿਹਾੜੇ ਕੀਤਾ ਗਿਆ ਸੀ, ਅਤੇ ਸੀਟ ਨੇ 2018 ਵਿੱਚ ਵਾਹਨ ਬਰਾਮਦ ਕੀਤਾ ਸੀ । ਐਸਆਈਟੀ ਨੇ 2018 ਵਿੱਚ ਲਗਭਗ 650 ਪੰਨਿਆਂ ਦੀ ਚਾਰਜਸ਼ੀਟ ਦਾਇਰ ਕੀਤੀ । ਕਤਲ ਤੋਂ ਚਾਰ ਸਾਲ ਬਾਅਦ ਨਵੰਬਰ 2021 ਵਿੱਚ ਦੋਸ਼ ਆਇਦ ਕੀਤੇ ਗਏ ਸਨ , ਪਰ ਅਜੇ ਤੱਕ ਕੋਈ ਫੈਸਲਾ ਨਹੀਂ ਆਇਆ ਹੈ। ਇਹ ਮੁਕੱਦਮਾ ਬੰਗਲੁਰੂ ਸ਼ਹਿਰ ਅਤੇ ਸੈਸ਼ਨ ਅਦਾਲਤ ਦੇ ਅੰਦਰ ਸਥਾਪਤ ਇੱਕ ਵਿਸ਼ੇਸ਼ ਅਦਾਲਤ ਵਿੱਚ ਚੱਲ ਰਿਹਾ ਹੈ। ਦੋਸ਼ੀਆਂ 'ਤੇ ਕਰਨਾਟਕ ਸੰਗਠਿਤ ਅਪਰਾਧ ਨਿਯੰਤਰਣ ਐਕਟ , ਅਸਲਾ ਐਕਟ ਅਤੇ ਭਾਰਤੀ ਦੰਡ ਸੰਹਿਤਾ ਦੀ ਧਾਰਾ 302 ਦੇ ਤਹਿਤ ਦੋਸ਼ ਲਗਾਏ ਗਏ ਹਨ । ਸਤੰਬਰ 2024 ਵਿੱਚ, ਕਰਨਾਟਕ ਹਾਈ ਕੋਰਟ ਨੇ ਪੰਗਾਰਕਰ ਨੂੰ ਇਸ ਆਧਾਰ 'ਤੇ ਜ਼ਮਾਨਤ ਦੇ ਦਿੱਤੀ ਕਿ ਉਹ 2018 ਤੋਂ ਲਗਭਗ ਛੇ ਸਾਲਾਂ ਤੋਂ ਜੇਲ੍ਹ ਵਿੱਚ ਸੀ ਅਤੇ ਮੁਕੱਦਮਾ ਪੂਰਾ ਹੋਣ ਦੀ ਸੰਭਾਵਨਾ ਨਹੀਂ ਸੀ। ਮੁਕੱਦਮਾ 2022 ਵਿੱਚ ਸ਼ੁਰੂ ਹੋਇਆ ਸੀ। ਕਈ ਹੋਰ ਦੋਸ਼ੀ ਵੀ 2025 ਦੀ ਸ਼ੁਰੂਆਤ ਤੋਂ ਜ਼ਮਾਨਤ 'ਤੇ ਹਨ। ਪੰਗਾਰਕਰ ਦੇ ਸਹਿ-ਮੁਲਜ਼ਮ ਮੋਹਨ ਨਾਇਕ ਨੂੰ ਦਿੱਤੀ ਗਈ ਜ਼ਮਾਨਤ ਨੂੰ ਅਗਸਤ 2024 ਵਿੱਚ ਸੁਪਰੀਮ ਕੋਰਟ ਨੇ ਮੁਕੱਦਮੇ ਵਿੱਚ ਦੇਰੀ ਦੇ ਆਧਾਰ 'ਤੇ ਬਰਕਰਾਰ ਰੱਖਿਆ ਸੀ। ਸਤੰਬਰ 2025 ਤੱਕ, ਅੱਠ ਮੁਲਜ਼ਮਾਂ ਨੂੰ ਮੁਕੱਦਮੇ ਵਿੱਚ ਦੇਰੀ ਦੇ ਆਧਾਰ 'ਤੇ ਜ਼ਮਾਨਤ ਦਿੱਤੀ ਗਈ ਸੀ । ਸੁਤੰਤਰ ਨਿਗਰਾਨੀ ਸੰਗਠਨਾਂ ਦਾ ਕਹਿਣਾ ਹੈ ਕਿ 100 ਤੋਂ ਵੱਧ ਗਵਾਹਾਂ ਦੀ ਗਵਾਹੀ ਅਜੇ ਵੀ ਬਾਕੀ ਹੈ। ਮੁਕੱਦਮਾ ਸ਼ੁਰੂ ਹੋਣ ਤੋਂ ਬਾਅਦ ਗਵਾਹਾਂ ਦੇ ਬਿਆਨ ਲਏ ਗਏ ਹਨ, ਪਰ ਪ੍ਰਗਤੀ ਬਹੁਤ ਹੌਲੀ ਰਹੀ ਹੈ। ਕਤਲ ਤੋਂ ਇਲਾਵਾ, ਪੰਗਾਰਕਰ 'ਤੇ ਹਥਿਆਰਾਂ ਦੀ ਤਸਕਰੀ ਦੇ ਦੋਸ਼ ਵੀ ਹਨ । 2018 ਵਿੱਚ, ਐਸਆਈਟੀ ਦੇ ਸਾਹਮਣੇ ਇੱਕ ਗਵਾਹ ਨੇ ਦਾਅਵਾ ਕੀਤਾ ਕਿ ਪੰਗਾਰਕਰ ਨੇ ਲੰਕੇਸ਼ ਦੇ ਕਾਤਲਾਂ ਨੂੰ ਹਥਿਆਰ ਖਰੀਦਣ ਲਈ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਸੀ। ਉਸ ਸਮੇਂ, ਪੰਗਾਰਕਰ ਪਹਿਲਾਂ ਹੀ ਮੁੰਬਈ ਵਿੱਚ ਨਿਆਂਇਕ ਹਿਰਾਸਤ ਵਿੱਚ ਸੀ। ਮਹਾਰਾਸ਼ਟਰ ਪੁਲਿਸ ਦੇ ਅੱਤਵਾਦ ਵਿਰੋਧੀ ਦਸਤੇ ਨੇ ਉਸਨੂੰ ਅਗਸਤ 2018 ਵਿੱਚ ਗੋਲਾ ਬਾਰੂਦ, ਕੱਚੇ ਬੰਬਾਂ ਦੀ ਤਸਕਰੀ ਅਤੇ ਟੀਚਿਆਂ ਦੀ ਜਾਸੂਸੀ ਕਰਨ ਦੇ ਦੋਸ਼ਾਂ ਵਿੱਚ ਗ੍ਰਿਫ਼ਤਾਰ ਕੀਤਾ ਸੀ। ਉਸ 'ਤੇ ਯੂਏਪੀਏ ਦੇ ਤਹਿਤ ਵੀ ਦੋਸ਼ ਲਗਾਏ ਗਏ ਸਨ । 'ਨਾਲਾਸੋਪਾਰਾ ਹਥਿਆਰ ਜ਼ਬਤ ਕੇਸ' ਵਜੋਂ ਜਾਣੇ ਜਾਂਦੇ ਮਾਮਲੇ ਵਿੱਚ, ਮਹਾਰਾਸ਼ਟਰ ਹਾਈ ਕੋਰਟ ਨੇ ਅਗਸਤ 2024 ਵਿੱਚ ਪੰਗਾਰਕਰ ਅਤੇ ਚਾਰ ਹੋਰ ਮੁਲਜ਼ਮਾਂ ਨੂੰ ਜ਼ਮਾਨਤ ਦੇ ਦਿੱਤੀ ਸੀ । ਜਾਂਚ ਏਜੰਸੀਆਂ ਦਾ ਇਹ ਵੀ ਦੋਸ਼ ਹੈ ਕਿ ਲੰਕੇਸ਼ ਦੇ ਕਤਲ ਵਿੱਚ ਵਰਤਿਆ ਗਿਆ ਹਥਿਆਰ ਅਗਸਤ 2015 ਵਿੱਚ ਕਰਨਾਟਕ ਦੇ ਤਰਕਸ਼ੀਲ ਪ੍ਰੋਫੈਸਰ ਐਮਐਮ ਕਲਬੁਰਗੀ ਦੇ ਕਤਲ ਵਿੱਚ ਵੀ ਵਰਤਿਆ ਗਿਆ ਸੀ । ਇਸ ਮਾਮਲੇ ਵਿੱਚ, ਪੁਲਿਸ ਨੇ ਕੁੱਲ 18 ਮੁਲਜ਼ਮਾਂ ਦੀ ਪਛਾਣ ਕੀਤੀ ਸੀ, ਜਿਨ੍ਹਾਂ ਵਿੱਚੋਂ 17 ਨੂੰ ਗ੍ਰਿਫ਼ਤਾਰ ਕਰ ਲਿਆ ਗਿਆ ਸੀ, ਜਦੋਂ ਕਿ ਇੱਕ ਮੁਲਜ਼ਮ ਸਾਲਾਂ ਤੋਂ ਫਰਾਰ ਰਿਹਾ।



**ਪੰਗਾਰਕਰ ਨੂੰ ਗੋਲਾ ਬਾਰੂਦ, ਕੱਚੇ ਬੰਬਾਂ ਦੀ ਤਸਕਰੀ ਅਤੇ ਜਾਸੂਸੀ ਕਰਨ ਦੇ ਦੋਸ਼ਾਂ ਅਧੀਨ ਕੀਤਾ ਗਿਆ ਸੀ ਗ੍ਰਿਫਤਾਰ**

### ਮੱਸਿਆ ਦੇ ਸ਼ੁਭ ਮੌਕੇ 'ਤੇ ਗੁਰਦੁਆਰਾ ਜਾਮਨੀ ਸਾਹਿਬ ਵਿਖੇ

# ਮੁਫ਼ਤ ਡੈਂਟਲ ਚੈਕਅੱਪ ਕੈਂਪ

ਫ਼ਿਰੋਜ਼ਪੁਰ, 18 ਜਨਵਰੀ (ਮਨੋਹਰ ਲਾਲ):—ਅੱਜ ਐਤਵਾਰ ਨੂੰ ਮੱਸਿਆ ਦੇ ਪਾਵਨ ਮੌਕੇ 'ਤੇ ਸ੍ਰੀ ਗੁਰਦੁਆਰਾ ਜਾਮਨੀ ਸਾਹਿਬ ਬਾਜ਼ੀਦਪੁਰ ਵਿਖੇ ਜੈਨੇਸਿਸ ਡੈਂਟਲ ਕਾਲਜ ਵੱਲੋਂ ਮੁਫ਼ਤ ਦੰਦਾਂ ਦਾ ਚੈਕਅੱਪ ਕੈਂਪ ਦਾ ਆਯੋਜਨ ਕੀਤਾ ਗਿਆ। ਧਾਰਮਿਕ ਮਾਹੌਲ ਵਿੱਚ ਲਗਾਏ ਗਏ ਇਸ ਸੇਵਾ ਕੈਂਪ ਵਿੱਚ 150 ਤੋਂ ਵੱਧ ਸ਼ਰਧਾਲੂਆਂ ਨੇ ਉਤਸ਼ਾਹ ਨਾਲ ਭਾਗ ਲਿਆ ਅਤੇ ਆਪਣੇ ਦੰਦਾਂ ਦੀ ਜਾਂਚ ਕਰਵਾਈ। ਕੈਂਪ ਦੌਰਾਨ ਜੈਨੇਸਿਸ ਡੈਂਟਲ ਕਾਲਜ ਦੀ ਡਾਕਟਰੀ ਟੀਮ ਵਿੱਚ ਡਾ: ਸੁਕੀਰਤ ਕੌਰ ਅਤੇ ਡਾ: ਸੁਮੇਰ ਕੰਬੋਜ ਨੇ ਸ਼ਰਧਾਲੂਆਂ ਦੀ ਡੈਂਟਲ ਜਾਂਚ ਕੀਤੀ, ਨਾਲ ਹੀ ਉਨ੍ਹਾਂ ਨੇ ਦੰਦਾਂ ਨਾਲ ਸੰਬੰਧਿਤ ਆਮ ਸਮੱਸਿਆਵਾਂ, ਸਹੀ ਬਰਸ਼ਿੰਗ ਤਰੀਕਾ, ਦਿਨ ਵਿੱਚ ਦੋ ਵਾਰੀ ਬਰਸ਼ ਕਰਨ, ਸਾਫ਼—ਸਫ਼ਾਈ ਬਣਾਈ ਰੱਖਣ ਅਤੇ ਸਮੇਂ—ਸਮੇਂ 'ਤੇ ਡੈਂਟਲ ਚੈਕਅੱਪ ਕਰਵਾਉਣ ਦੀ ਲੋੜ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ।

ਡਾਕਟਰਾਂ ਨੇ ਦੱਸਿਆ ਕਿ ਦੰਦਾਂ ਦੀ ਅਣਦੇਖੀ ਕਰਨ ਨਾਲ ਗੰਭੀਰ ਬਿਮਾਰੀਆਂ ਪੈਦਾ ਹੋ ਸਕਦੀਆਂ ਹਨ, ਇਸ ਲਈ ਸ਼ੁਰੂਆਤੀ ਜਾਂਚ ਅਤੇ ਸਹੀ ਦੇਖਭਾਲ ਬਹੁਤ ਜ਼ਰੂਰੀ ਹੈ। ਕੈਂਪ ਵਿੱਚ ਆਏ ਕਈ ਸ਼ਰਧਾਲੂਆਂ ਨੂੰ ਲੋੜੀਂਦਾ ਪਰਾਮਰਸ਼ ਦੇ ਕੇ ਅੱਗੇ ਦੇ ਇਲਾਜ ਲਈ ਵੀ ਮਾਰਗਦਰਸ਼ਨ ਕੀਤਾ ਗਿਆ। ਇਸ ਮੌਕੇ ਕਾਲਜ ਦੇ ਪੀਆਰਓ ਰਣਜੀਤ ਸਿੰਘ ਅਤੇ ਮਨਜੀਤ ਸਿੰਘ ਵੱਲੋਂ ਸੇਵਾ ਭਾਵਨਾ ਦੇ ਤਹਿਤ ਸ਼ਰਧਾਲੂਆਂ ਨੂੰ ਮੁਫ਼ਤ ਟੂਥਬ੍ਰਸ਼ ਅਤੇ ਟੂਥਪੇਸਟ ਵੀ ਵੰਡੇ ਗਏ। ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸੰਗਤ ਵੱਲੋਂ ਜੈਨੇਸਿਸ ਡੈਂਟਲ ਕਾਲਜ ਦੀ ਇਸ ਪਹਲ ਦੀ ਸ਼ਲਾਘਾ ਕਰਦੇ ਹੋਏ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਸਿਹਤ ਕੈਂਪ ਲਗਾਉਣ ਦੀ ਅਪੀਲ ਕੀਤੀ ਗਈ।




### ਮੰਤਰੀ ਸ੍ਰ ਹਰਭਜਨ ਸਿੰਘ ਈਟੀਉ ਤੇ ਪਾਰਟੀ ਹਾਈ ਕਮਾਂਡ ਦਾ ਧੰਨਵਾਦ : ਮੈਡਮ ਸਰਬਜੀਤ ਕੌਰ ਜੰਡਿਆਲਾ ਗੁਰੂ

# ਪਾਰਟੀ ਵੱਲੋਂ ਮਿਲੀ ਜਿੰਮੇਵਾਰੀ ਨੂੰ ਇਮਾਨਦਾਰੀ ਨਾਲ ਨਿਭਾਵਾਂਗੀ

**ਜੰਡਿਆਲਾ ਗੁਰੂ, 18 ਜਨਵਰੀ ( ਕੁਲਵੰਤ ਸਿੰਘ ਵਿਰਦੀ )**-ਮੈਡਮ ਸਰਬਜੀਤ ਕੌਰ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਦੱਸਿਆ ਕਿ ਉਨ੍ਹਾਂ ਨੂੰ ਪਾਰਟੀ ਪ੍ਰਤੀ ਕੀਤੀ ਗਈ ਮਿਹਨਤ ਤੇ ਲਗਨ ਨਾਲ ਕੀਤੇ ਕੰਮ ਨੂੰ ਵੇਖਦੇ ਹੋਏ ਕੈਬਨਿਟ ਮੰਤਰੀ ਸ੍ਰ ਹਰਭਜਨ ਸਿੰਘ ਈਟੀਉ ਜੀ ਤੇ ਪਾਰਟੀ ਹਾਈਕਮਾਂਡ ਨੇ ਜੋ ਬੀਤੇ ਕੱਲ੍ਹ ਅਹੁਦੇਦਾਰਾਂ ਦੀ ਲਿਸਟ ਜਾਰੀ ਕੀਤੀ ਗਈ ਜਿਸ ਵਿੱਚ ਮੈਨੂੰ ਬਤੌਰ ਸੋਸ਼ਲ ਮੀਡੀਆ ਕੁਆਂਡੀਨੇਟਰ ਬਲਾਕ ਜੰਡਿਆਲਾ ਗੁਰੂ ਨਿਯੁਕਤ ਕੀਤਾ ਗਿਆ ਮੈਂ ਆਪਣੀ ਇਸ ਨਿਯੁਕਤੀ ਤੇ ਮੰਤਰੀ ਸ੍ਰ ਹਰਭਜਨ ਸਿੰਘ ਈ ਟੀ ਓ ਤੇ ਆਮ ਆਦਮੀ ਪਾਰਟੀ ਦੀ ਸਮੁੱਚੀ ਹਾਈ ਕਮਾਂਡ ਦਾ ਧੰਨਵਾਦ ਕਰਦੀ ਹਾਂ ।ਮੈਡਮ ਸਰਬਜੀਤ ਕੌਰ ਨੇ ਦੱਸਿਆ ਕਿ ਆਮ ਆਦਮੀ ਪਾਰਟੀ ਦੇ ਵਿੱਚ ਹੀ ਅਜਿਹਾ ਹੋਣਾ ਸੰਭਵ ਹੈ ਜਿਸ ਵਿੱਚ ਆਮ ਘਰਾਂ ਦੇ ਪਾਰਟੀ ਪ੍ਰਤੀ ਮਿਹਨਤ ਕਰਨ ਵਾਲੇ ਵਰਕਰਾਂ ਨੂੰ ਪਾਰਟੀ ਵਿੱਚ ਉੱਚ ਅਹੁਦਿਆਂ ਨਾਲ ਨਿਵਾਜਿਆ ਜਾਂਦਾ ਹੈ ।ਉਨ੍ਹਾਂ ਦੱਸਿਆ ਕਿ 2027 ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣਨਾ ਤੈਅ ਹੈ ਤੇ ਕੈਬਨਿਟ ਮੰਤਰੀ ਸ੍ਰ ਹਰਭਜਨ ਸਿੰਘ ਈ ਟੀ ਓ ਜੰਡਿਆਲਾ ਗੁਰੂ ਹਲਕੇ ਤੋਂ ਵੱਡੇ ਲੀਡ ਨਾਲ ਜਿੱਤ ਹਾਸਲ ਕਰਨਗੇ।



# ਦਿਆਲ ਸਿੰਘ ਈਵਨਿੰਗ ਕਾਲਜ ਦਾ ਨਾਮ ਬਾਬਾ ਬੰਦਾ ਸਿੰਘ ਬਹਾਦਰ ਦੇ ਨਾਮ 'ਤੇ ਰੱਖਣ ਇਤਰਾਜ: ਸਰਨਾ

### ਨਾਮ ਬਦਲਣ ਦੀ ਥਾਂ 'ਤੇ ਨਵੀਂ ਸੰਸਥਾ ਬਾਬਾ ਬੰਦਾ ਸਿੰਘ ਬਹਾਦਰ ਦੇ ਨਾਮ ਤੋਂ ਕੀਤੀ ਜਾਏ ਸਥਾਪਿਤ



ਨਵੀਂ ਦਿੱਲੀ, 18 ਜਨਵਰੀ (ਮਨਪ੍ਰੀਤ ਸਿੰਘ ਖਾਲਸਾ):- ਸ਼੍ਰੋਮਣੀ ਅਕਾਲੀ ਦਲ ਦੀ ਦਿੱਲੀ ਇਕਾਈ ਦੇ ਪ੍ਰਧਾਨ ਸਰਦਾਰ ਪਰਮਜੀਤ ਸਿੰਘ ਸਰਨਾ ਨੇ ਸਰਕਾਰ ਵੱਲੋਂ ਸ਼ਹਿਰ ਦੇ ਪੁਰਾਣੇ ਦਿਆਲ ਸਿੰਘ ਈਵਨਿੰਗ ਕਾਲਜ ਦਾ ਨਾਮ ਬਾਬਾ ਬੰਦਾ ਸਿੰਘ ਬਹਾਦਰ ਦੇ ਨਾਮ 'ਤੇ ਰੱਖਣ ਦੇ ਕਥਿਤ ਕਦਮ ਦੀ ਆਲੋਚਨਾ ਕੀਤੀ ਹੈ, ਉਹਨਾਂ ਇਹ ਦਲੀਲ ਦਿੱਤੀ ਹੈ ਕਿ ਇੱਕ ਪੁਰਾਣੀ ਸੰਸਥਾ ਦਾ ਪ੍ਰਤੀਕਾਤਮਕ ਪੁਨਰਗਠਨ ਵਿਵਹਾਰਕ ਰੂਪ ਵਿੱਚ ਬਹੁਤਾ ਲਾਹੇਵੰਦ ਸਾਬਤ ਨਹੀਂ ਹੁੰਦਾ । ਮੀਡੀਆ ਨੂੰ ਜਾਰੀ ਕੀਤੇ ਇੱਕ ਬਿਆਨ ਵਿੱਚ, ਸਰਨਾ ਨੇ ਕਿਹਾ ਕਿ ਜਦੋਂ ਕਿ ਬਾਬਾ ਬੰਦਾ ਸਿੰਘ ਬਹਾਦਰ ਪਹਿਲੇ ਖਾਲਸਾ ਰਾਜ ਦੇ ਸੰਸਥਾਪਕ ਵਜੋਂ ਸਿੱਖ ਇਤਿਹਾਸ ਵਿੱਚ ਇੱਕ ਕੇਂਦਰੀ ਸਥਾਨ ਰੱਖਦੇ ਹਨ, ਉਨ੍ਹਾਂ ਦਾ ਨਾਮ ਇੱਕ ਪੁਰਾਣੇ ਕਾਲਜ ਦੇ ਬੁਨਿਆਦੀ ਢਾਂਚੇ ਨਾਲ ਜੋੜਨਾ ਸਿੱਖਿਆ ਜਾਂ ਖਾਲਸੇ ਦੀ ਵਿਰਾਸਤ ਨੂੰ ਅੱਗੇ ਨਹੀਂ ਵਧਾਉਂਦਾ ਹੈ। ਸਰਨਾ ਨੇ ਕਿਹਾ ਇੱਕ ਪੁਰਾਣੇ ਜ਼ਮਾਨੇ ਦੇ ਸੰਸਥਾਨ ਦਾ ਨਾਮ ਬਦਲਣ ਨਾਲ ਕੋਈ ਅਸਲ ਉਦੇਸ਼ ਨਹੀਂ ਮਿਲਦਾ । ਇਹ ਵਿਦਿਆਰਥੀਆਂ ਲਈ ਨਵੇਂ ਮੌਕੇ ਪੈਦਾ ਨਹੀਂ ਕਰਦਾ, ਨਾ ਹੀ ਇਹ ਬਾਬਾ ਬੰਦਾ ਸਿੰਘ ਬਹਾਦਰ ਨਾਲ ਜੁੜੀ ਪਰਿਵਰਤਨਸ਼ੀਲ ਭਾਵਨਾ ਨੂੰ ਦਰਸਾਉਂਦਾ ਹੈ ।ਉਨ੍ਹਾਂ ਸਰਕਾਰ ਨੂੰ ਅਪੀਲ ਕੀਤੀ ਕਿ ਉਹ ਆਪਣੇ ਪਹੁੰਚ 'ਤੇ ਮੁੜ ਵਿਚਾਰ ਕਰੇ ਅਤੇ ਖਾਲਸਾ ਪ੍ਰਭੂਸੱਤਾ ਨੂੰ ਸਮਰਪਿਤ ਇੱਕ ਬਿਲਕੁਲ ਨਵੀਂ ਉੱਚ ਸਿੱਖਿਆ ਸੰਸਥਾ ਸਥਾਪਤ ਕਰੇ। ਅਜਿਹੇ ਸੰਸਥਾਨ ਨੂੰ ਸਮਕਾਲੀ ਅਤੇ ਭਵਿੱਖ-ਮੁਖੀ ਵਿਸ਼ਿਆਂ 'ਤੇ ਧਿਆਨ ਕੇਂਦਰਿਤ ਕਰਨਾ ਚਾਹੀਦਾ ਹੈ ਜਿਸ ਵਿੱਚ ਆਰਟੀਫੀਸ਼ੀਅਲ ਇੰਟੈਲੀਜੈਂਸ, ਸੂਚਨਾ ਤਕਨਾਲੋਜੀ ਅਤੇ ਵਿਸ਼ਵ ਪੱਧਰੀ ਵਪਾਰਕ ਸਿੱਖਿਆ ਸ਼ਾਮਲ ਹੈ। ਉਹਨਾਂ ਕਿਹਾ ਕਿ "ਜੇਕਰ ਸਰਕਾਰ ਸੱਚਮੁੱਚ ਬਾਬਾ ਬੰਦਾ ਸਿੰਘ ਬਹਾਦਰ ਦਾ ਸਨਮਾਨ ਕਰਨਾ ਚਾਹੁੰਦੀ ਹੈ, ਤਾਂ ਇਸਨੂੰ ਕੁਝ ਅਗਾਂਹਵਧੂ ਬਣਾ ਕੇ ਅਜਿਹਾ ਕਰਨਾ ਚਾਹੀਦਾ ਹੈ," ਤੇ ਏ.ਆਈ., ਐਡਵਾਂਸਡ ਆਈ.ਟੀ. ਅਤੇ ਗਲੋਬਲ-ਸਟੈਂਡਰਡ ਬਿਜ਼ਨਸ ਸਟੱਡੀਜ਼ ਲਈ ਲੈਸ ਇੱਕ ਨਵੀਂ ਸੰਸਥਾ ਖ਼ਾਲਸੇ ਦੀ ਲੀਡਰਸ਼ਿਪ, ਨਵੀਨਤਾ ਅਤੇ ਸ਼ਾਸਨ ਦੀ ਪਰੰਪਰਾ ਨਾਲ ਕਿਤੇ ਬਿਹਤਰ ਢੰਗ ਨਾਲ ਮੇਲ ਖਾਂਦੀ ਹੈ। ਸਰਨਾ ਨੇ ਅੱਗੇ ਕਿਹਾ ਕਿ ਦਿੱਲੀ ਦੇ ਨੌਜਵਾਨਾਂ ਨੂੰ ਅਤਿ-ਆਧੁਨਿਕ ਸਿੱਖਿਆ ਤੱਕ ਪਹੁੰਚ ਦੀ ਜ਼ਰੂਰਤ ਹੈ ਜੋ ਉਨ੍ਹਾਂ ਨੂੰ ਮੌਜੂਦਾ ਕਾਲਜਾਂ ਵਿੱਚ ਕਾਸਮੈਟਿਕ ਤਬਦੀਲੀਆਂ ਦੀ ਬਜਾਏ ਉੱਭਰ ਰਹੀਆਂ ਵਿਸ਼ਵ ਚੁਣੌਤੀਆਂ ਲਈ ਤਿਆਰ ਕਰਦੀ ਹੈ।ਉਹਨਾਂ ਸਰਕਾਰ ਨੂੰ ਅਜਿਹੇ ਫੈਸਲੇ ਲੈਣ ਤੋਂ ਪਹਿਲਾਂ ਸਿੱਖਿਆ ਸ਼ਾਸਤਰੀਆਂ ਅਤੇ ਭਾਈਚਾਰਕ ਨੁਮਾਇੰਦਿਆਂ ਨਾਲ ਸਲਾਹ-ਮਸ਼ਵਰਾ ਕਰਨ ਦੀ ਸਲਾਹ ਦਿੱਤੀ ।

# ਸੰਤ ਬਾਬਾ ਗੁਰਬਖਸ਼ ਸਿੰਘ ਜੀ ਜੋਤੀਸਰ ਵਾਲਿਆਂ ਦੀ ਯਾਦ ਚ ਪੰਜ ਰੋਜ਼ਾ ਗੁਰਮਤਿ ਸਮਾਗਮਾਂ ਦੀ ਆਰੰਭਤਾ 20 ਜਨਵਰੀ ਨੂੰ ਬਾਬਾ ਸੁੱਖਾ ਸਿੰਘ

### ਵੱਖ-ਵੱਖ ਵੈਬ ਚਾਈਨਲਾਂ ਤੇ ਹੋਵੇਗਾ ਲਾਈਵ ਸਮਗਾਮ ਸੰਗਤਾਂ ਹੁੰਮਹੁੰਮਾ ਕਿ ਪਹੁੰਚੋ

ਜੰਡਿਆਲਾ ਗੁਰੂ 18 ਜਨਵਰੀ ( ਕੁਲਵੰਤ ਸਿੰਘ ਵਿਰਦੀ ) ਤਪ ਅਸਥਾਨ ਸੰਤ ਬਾਬਾ ਗੁਰਬਖਸ਼ ਸਿੰਘ ਜੀ ਗੁਰਦੁਆਰਾ ਜੋਤੀਸਰ ਜੰਡਿਆਲਾ ਗੁਰੂ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਸਚਖੰਡ ਵਾਸੀ ਸ੍ਰੀਮਾਨ 108 ਸੰਤ ਬਾਬਾ ਅਤਰ ਸਿੰਘ ਜੀ ਮਸਤੂਆਣ ਵਾਲਿਆਂ ਤੋਂ ਵਰਸੋਏ ਸਚਖੰਡ ਵਾਸੀ ਸੰਤ ਬਾਬਾ ਗੁਰਬਖਸ਼ ਸਿੰਘ ਜੀ ਦੀ ਨਿਘੀ ਮਿੱਠੀ ਯਾਦ ਵਿੱਚ 67 ਵਾਂ ਪੰਜ ਰੋਜ਼ਾ ਸਲਾਨਾ ਗੁਰਮਤਿ ਸਮਾਗਮ ਕਰਵਾਇਆ ਜਾ ਰਿਹਾ ਹੈ ਜਿਸ ਵਿੱਚ ਪਹਿਲੇ ਪੜਾਅ ਚ 20 ਜਨਵਰੀ ਦਿਨ ਮੰਗਲਵਾਰ ਵਾਲੇ ਦਿਨ ਸਵੇਰੇ 10 ਵਜੇ ਸ੍ਰੀ ਆਖੰਡ ਪਾਠ ਸਾਹਿਬ ਜੀ ਦੀ ਲੜੀ ਆਰੰਭ ਹੋਵੇਗੀ ਜਿਨਾਂ ਦੇ ਭੋਗ 22 ਜਨਵਰੀ ਨੂੰ ਪੈਣਗੇ ਉਪਰੰਤ ਦੂਸਰੇ ਪੜਾਅ ਚ ਸ੍ਰੀ ਆਖੰਡ ਪਾਠ ਸਾਹਿਬ ਜੀ ਦੀ ਦੂਸਰੀ ਲੜੀ ਅਰੰਭ ਹੋਵੇਗੀ ਜਿਨਾਂ ਦੇ ਭੋਗ 24 ਜਨਵਰੀ ਦਿਨ ਸ਼ਨੀਵਾਰ ਨੂੰ ਸਵੇਰੇ 10 ਵਜੇ ਪਾਏ ਜਾਣਗੇ ਅਤੇ ਉਪਰੰਤ ਦੁਪਹਿਰ 2 ਵਜੇ ਤੱਕ ਸੰਤ ਸਮਾਗਮ ਅਤੇ ਧਾਰਮਿਕ ਦੀਵਾਨ ਸਜਾਏ ਜਾਣਗੇ ਅਤੇ ਵੱਖ-ਵੱਖ ਵੈਬ ਚਾਇਨਲਾਂ ਵੱਲੋਂ ਲਾਈਵ ਕੀਤਾ ਜਾਵੇਗਾ ਸਮੂਹ ਇਲਾਕਾ ਨਿਵਾਸੀ ਸੰਗਤਾਂ ਅਤੇ ਦੇਸ ਵਿਦੇਸ ਵਿੱਚ ਵੱਸਦੀਆਂ ਸੰਗਤਾਂ ਨੂੰ ਗੁਰਦੁਆਰਾ ਜੋਤੀਸਰ ਜੰਡਿਆਲ ਗੁਰੂ ਅਤੇ ਜੋਤੀਸਰ ਸ਼ਿਮਲਾ ਹਿਮਾਚਲ ਪ੍ਰਦੇਸ਼ ਦੇ ਮੁੱਖ ਸੇਵਾਦਾਰ ਬਾਬਾ ਸੁੱਖਾ ਸਿੰਘ ਜੀ ਨੇ ਬੇਨਤੀ ਕਰਦਿਆ ਹੋਇਆ ਕਿਹਾ ਕਿ ਸਮੂਹ ਸੰਗਤਾਂ ਤਨ-ਮਨ ਧਨ ਨਾਲ ਸਮਾਗਮਾਂ ਵਿਚ ਹਾਜਰੀਆਂ ਭਰ ਕਿ ਆਪਣੇ ਜੀਵਨ ਨੂੰ ਸਫ਼ਲ ਬਣਾਓ ਅਤੇ ਸੰਤਾਂ ਮਹਾਂਪੁਰਖਾਂ ਦੀਆਂ ਅਤੇ ਗੁਰੂ ਸਾਹਿਬ ਜੀ ਦੀਆਂ ਖੁਸੀਆ ਪ੍ਰਾਪਤ ਕਰੋ ਆਈਆਂ ਸਮੂਹ ਸੰਗਤਾਂ ਨੂੰ ਗੁਰੂ ਸਾਹਿਬ ਜੀ ਦੇ ਅਤੁੱਟ ਲੰਗਰ ਛਕਾਏ ਜਾਣਗੇ !



### ਡੱਬਾ ਬੰਦ ਖਾਦ ਪਦਾਰਥਾਂ ਅਤੇ

# ਖੁੱਲ੍ਹੇ ਖਾਦ ਪਦਾਰਥਾਂ ਦੇ ਫ਼ਾਇਦੇ ਅਤੇ ਨੁਕਸਾਨ



**ਅੱਜ** ਦੀ ਭੱਜ ਦੌੜ ਵਾਲੀ ਦੁਨੀਆ ਵਿੱਚ ਉਪਭੋਗਤਾ ਨੂੰ ਅਕਸਰ ਸੀਲ ਕੀਤੇ ਹੋਏ ਖਾਦ ਪਦਾਰਥਾਂ ਅਤੇ ਖੁੱਲ੍ਹੇ ਖਾਦ ਪਦਾਰਥਾਂ ਵਿਚਕਾਰ ਚੋਣ ਕਰਨ ਦਾ ਸਾਹਮਣਾ ਕਰਨਾ ਪੈਂਦਾ ਹੈ। ਹਰ ਇਕ ਵਿਕਲਪ ਦੇ ਆਪਣੇ ਫ਼ਾਇਦੇ ਅਤੇ ਨੁਕਸਾਨ ਹੁੰਦੇ ਹਨ ਜੋ ਸੁਵਿਧਾ, ਸੁਰੱਖਿਆ, ਤਾਜਗੀ ਅਤੇ ਵਾਤਾਵਰਣੀ ਵਿਚਾਰਾਂ ਵਰਗੇ ਕਾਰਕਾਂ ਨੂੰ ਪ੍ਰਭਾਵਿਤ ਕਰਦੇ ਹਨ।

**ਸੀਲ ਕੀਤੇ ਹੋਏ ਖਾਦ ਪਦਾਰਥ**

**ਫਾਇਦੇ: ਲੰਬੀ ਸ਼ੈਲਫ਼ ਲਾਈਫ:** ਸੀਲ ਕੀਤੇ ਹੋਏ ਖਾਦ ਪਦਾਰਥ ਆਮ ਤੌਰ ’ਤੇ ਹਵਾ ਬੰਦ ਕੰਟੇਨਰਾਂ ਵਿੱਚ ਪੈਕ ਕੀਤੇ ਜਾਂਦੇ ਹਨ, ਜੋ ਤਾਜ਼ਗੀ ਨੂੰ ਬਚਾਉਣ ਅਤੇ ਸ਼ੈਲਫ਼ ਲਾਈਫ ਨੂੰ ਵਧਾਉਣ ਵਿੱਚ ਮਦਦ ਕਰਦੇ ਹਨ। ਇਸ ਨਾਲ ਖਾਦ ਦੀ ਬਰਬਾਦੀ ਘੱਟ ਹੁੰਦੀ ਹੈ ਅਤੇ ਉਪਭੋਗਤਾ ਲੰਬੇ ਸਮੇਂ ਤੱਕ ਬਿਨਾਂ ਖਰਾਬ ਹੋਏ ਖਾਦ ਪਦਾਰਥਾਂ ਨੂੰ ਸਟੋਰ ਕਰ ਸਕਦੇ ਹਨ।

**ਸੁਰੱਖਿਆ ਅਤੇ ਸਫ਼ਾਈ:** ਸੀਲ ਪੈਕੇਜਿੰਗ ਖਾਦ ਪਦਾਰਥਾਂ ਨੂੰ ਸੂਖਮ ਜੀਵਾਂ, ਕੀੜਿਆਂ ਅਤੇ ਵਾਤਾਵਰਣੀ ਕਾਰਕਾਂ ਤੋਂ ਹੋਣ ਵਾਲੇ ਸੰਕ੍ਰਮਣ ਤੋਂ ਬਚਾਉਂਦੀ ਹੈ। ਇਸ ਨਾਲ ਸੀਲ ਕੀਤੇ ਹੋਏ ਵਸਤੂਆਂ ਨੂੰ ਖਾਣ ਲਈ ਆਮ ਤੌਰ ’ਤੇ ਸੁਰੱਖਿਅਤ ਬਣਾਉਂਦਾ ਹੈ, ਖਾਸ ਕਰਕੇ ਨਾਸ਼ਵਾਨ ਵਸਤੂਆਂ ਲਈ।

**ਸੁਵਿਧਾ:** ਬਹੁਤ ਸਾਰੇ ਸੀਲ ਕੀਤੇ ਹੋਏ ਖਾਦ ਪਦਾਰਥ ਤਿਆਰ ਖਾਣੇ ਜਾਂ ਆਸਾਨ ਤਿਆਰੀ ਵਾਲੇ ਫਾਰਮੈਟ ਵਿੱਚ ਆਉਂਦੇ ਹਨ। ਇਹ ਸੁਵਿਧਾ ਵਿਅਸਤ ਉਪਭੋਗਤਾਵਾਂ ਲਈ ਤੇਜ਼ ਖਾਣੇ ਦੇ ਹੱਲ ਦੀ ਤਲਾਸ਼ ਵਿੱਚ ਆਕਰਸ਼ਕ ਹੁੰਦੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

**ਪੋਰਸ਼ਨ ਕੰਟਰੋਲ:** ਸੀਲ ਪੈਕੇਜ ਆਮ ਤੌਰ ’ਤੇ ਪਹਿਲਾਂ ਹੀ ਨਾਪੇ ਗਏ ਹਿੱਸਿਆਂ ਵਿੱਚ ਆਉਂਦੇ ਹਨ, ਜਿਸ ਨਾਲ ਉਪਭੋਗਤਾਵਾਂ ਲਈ ਸਰਵਿੰਗ ਸਾਈਜ਼ ਨੂੰ ਕੰਟਰੋਲ ਕਰਨਾ ਅਤੇ ਆਪਣੇ ਆਹਾਰ ਦਾ ਪ੍ਰਬੰਧਨ ਕਰਨਾ ਆਸਾਨ ਹੋ ਜਾਂਦਾ ਹੈ।

**ਪੋਸ਼ਣ ਸੰਬੰਧੀ ਜਾਣਕਾਰੀ:** ਸੀਲ ਕੀਤੇ ਹੋਏ ਖਾਦ ਪਦਾਰਥ ਆਮ ਤੌਰ ’ਤੇ ਲੇਬਲ ’ਤੇ ਪੋਸ਼ਣ ਸੰਬੰਧੀ ਜਾਣਕਾਰੀ, ਸਮੱਗਰੀ ਅਤੇ ਸਮਾਪਤੀ ਦੀਆਂ ਮਿਤੀਆਂ ਸ਼ਾਮਿਲ ਕਰਦੇ ਹਨ, ਜਿਸ ਨਾਲ ਉਪਭੋਗਤਾਵਾਂ ਨੂੰ ਆਪਣੇ ਆਹਾਰ ਬਾਰੇ ਜਾਣੂ ਫੈਸਲੇ ਲੈਣ ਵਿੱਚ ਮਦਦ ਮਿਲਦੀ ਹੈ।

**ਨੁਕਸਾਨ:**

**ਵਾਤਾਵਰਣੀ ਪ੍ਰਭਾਵ:** ਸੀਲ ਕੀਤੇ ਹੋਏ ਖਾਦ ਪਦਾਰਥਾਂ ਲਈ ਵਰਤੀ ਜਾਣ ਵਾਲੀ ਪੈਕੇਜਿੰਗ ਪਲਾਸਟਿਕ ਕਚਰੇ ਅਤੇ ਵਾਤਾਵਰਣੀ ਪ੍ਰਦੂਸ਼ਣ ਵਿੱਚ ਮਹੱਤਵਪੂਰਕ ਯੋਗਦਾਨ ਕਰ ਸਕਦੀ ਹੈ। ਕਈ ਉਪਭੋਗਤਾ ਪੈਕ ਕੀਤੇ ਖਾਦ ਪਦਾਰਥਾਂ ਦੇ ਵਾਤਾਵਰਣੀ ਪ੍ਰਭਾਵਾਂ ਦੇ ਬਾਰੇ ਚਿੰਤਿਤ ਹਨ।

**ਲਾਗਤ:** ਸੀਲ ਕੀਤੇ ਹੋਏ ਖਾਦ ਪਦਾਰਥ ਖੁੱਲ੍ਹੇ ਵਿਕਲਪਾਂ ਦੀ ਤੁਲਨਾ ਵਿੱਚ ਜ਼ਿਆਦਾ ਮਹਿੰਗੇ ਹੋ ਸਕਦੇ ਹਨ, ਕਿਉਂਕਿ ਇਸ ਵਿੱਚ ਪੈਕੇਜਿੰਗ ਅਤੇ ਪ੍ਰੋਸੈਸਿੰਗ ਦੀ ਲਾਗਤ ਹੁੰਦੀ ਹੈ। ਇਹ ਬਜਟ-ਸਚੇਤ ਉਪਭੋਗਤਾਵਾਂ ’ਤੇ ਪ੍ਰਭਾਵ ਪਾ ਸਕਦਾ ਹੈ।

**ਸੀਮਿਤ ਵਿਰੋਧਤਾ:** ਕੁਝ ਸੀਲ ਕੀਤੇ ਹੋਏ ਖਾਦ ਵਿਕਲਪ ਤਾਜ਼ਾ ਉਤਪਾਦਾਂ ਜਾਂ ਵਿਸ਼ੇਸ਼ ਖਾਦ ਪਦਾਰਥਾਂ ਦੀ ਤੁਲਨਾ ਵਿੱਚ ਸੀਮਿਤ ਵਿਰੋਧਤਾ ਪ੍ਰਦਾਨ ਕਰ ਸਕਦੇ ਹਨ।

**ਰਸਾਇਣਿਕ ਯੋਜਕ:** ਕੁਝ ਸੀਲ ਕੀਤੇ ਹੋਏ ਖਾਦ ਪਦਾਰਥਾਂ ਵਿੱਚ ਸ਼ੈਲਫ਼ ਲਾਈਫ ਜਾਂ ਸਵਾਦ ਨੂੰ ਵਧਾਉਣ ਲਈ ਸੁਰੱਖਿਅਕ ਜਾਂ ਯੋਜਕ ਹੋ ਸਕਦੇ ਹਨ, ਜੋ ਸਿਹਤ-ਸਚੇਤ ਉਪਭੋਗਤਾਵਾਂ ਲਈ ਮਨਪਸੰਦ ਨਹੀਂ ਹੋ ਸਕਦੇ।

**ਖੁੱਲ੍ਹੇ ਖਾਦ ਪਦਾਰਥ ਫਾਇਦੇ:**

**ਤਾਜ਼ਗੀ:** ਖੁੱਲ੍ਹੇ ਖਾਦ ਪਦਾਰਥ ਖਾਸ ਕਰਕੇ ਤਾਜ਼ਾ ਉਤਪਾਦ, ਅਕਸਰ ਸਿੱਧੇ ਸਥਾਨਕ ਬਾਜ਼ਾਰਾਂ ਜਾਂ ਖੇਤਾਂ ਤੋਂ ਪ੍ਰਾਪਤ ਹੁੰਦੇ ਹਨ, ਜਿਸ ਨਾਲ ਕੁਝ ਸੀਲ ਕੀਤੇ ਹੋਏ ਵਿਕਲਪਾਂ ਦੀ ਤੁਲਨਾ ਵਿੱਚ ਵਧੀਆ ਤਾਜ਼ਗੀ ਅਤੇ ਸੁਆਦ ਮਿਲਦਾ ਹੈ।

**ਲਾਗਤ-ਕੁਸ਼ਲਤਾ:** ਖੁੱਲ੍ਹੇ ਖਾਦ ਪਦਾਰਥ ਖਰੀਦਣਾ ਜ਼ਿਆਦਾ ਆਰਥਿਕ ਹੋ ਸਕਦਾ ਹੈ ਕਿਉਂਕਿ ਇਹ ਆਮ ਤੌਰ ’ਤੇ ਪੈਕੇਜਿੰਗ ਦੀ ਵਾਧੂ ਲਾਗਤ ਦੇ ਬਿਨਾ ਆਉਂਦੇ ਹਨ। ਉਪਭੋਗਤਾ ਥੋਕ ਵਿੱਚ ਖਰੀਦ ਸਕਦੇ ਹਨ ਜਾਂ ਕੇਵਲ ਉਹੀ ਲੈ ਸਕਦੇ ਹਨ ਜਿਸ ਦੀ ਉਨ੍ਹਾਂ ਨੂੰ ਜ਼ਰੂਰਤ ਹੈ, ਜਿਸ ਨਾਲ ਬਰਬਾਦੀ ਘੱਟ ਹੁੰਦੀ ਹੈ।

**ਵਿਰੋਧਤਾ ਅਤੇ ਅਨੁਕੂਲਤਾ:** ਖੁੱਲ੍ਹੇ ਖਾਦ ਪਦਾਰਥ ਵਿਕਲਪਾਂ ਦੀ ਇੱਕ ਵਿਸ਼ਾਲ ਸ਼੍ਰੇਣੀ ਪ੍ਰਦਾਨ ਕਰਦੇ ਹਨ, ਜਿਸ ਨਾਲ ਉਪਭੋਗਤਾਵਾਂ ਨੂੰ ਆਪਣੀ ਪਸੰਦ ਦੇ ਅਨੁਸਾਰ ਵਿਸ਼ੇਸ਼ ਕਿਸਮ ਜਾਂ ਮਾਤਰਾ ਚੁਣਨ ਦੀ ਆਗਿਆ ਮਿਲਦੀ ਹੈ। ਇਹ ਵਿਸ਼ੇਸ਼ ਕਰਕੇ ਮਸਾਲਿਆਂ, ਅਨਾਜ ਅਤੇ ਥੋਕ ਵਸਤੂਆਂ ਲਈ ਸੱਚ ਹੈ।

**ਘੱਟ ਵਾਤਾਵਰਣੀ ਪ੍ਰਭਾਵ:** ਖੁੱਲ੍ਹੇ ਖਾਦ ਪਦਾਰਥ ਖਰੀਦਣਾ ਪੈਕੇਜਿੰਗ ਕਚਰੇ ਨੂੰ ਘੱਟ ਕਰਦਾ ਹੈ ਅਤੇ ਇਹ ਆਮ ਤੌਰ ’ਤੇ ਜ਼ਿਆਦਾ ਵਾਤਾਵਰਣ-ਅਨੁਕੂਲ ਹੁੰਦਾ ਹੈ, ਜੋ ਪਰਸਥਿਤਿਕੀ ਦੇ ਪ੍ਰਤੀ ਜਾਗਰੂਕ ਉਪਭੋਗਤਾਵਾਂ ਨੂੰ ਆਕਰਸ਼ਿਤ ਕਰਦਾ ਹੈ।

**ਨੁਕਸਾਨ:**

**ਘੱਟ ਸ਼ੈਲਫ਼ ਲਾਈਫ:** ਖੁੱਲ੍ਹੇ ਖਾਦ ਪਦਾਰਥ ਆਮ ਤੌਰ ’ਤੇ ਸੀਲ ਕੀਤੇ ਹੋਏ ਉਤਪਾਦਾਂ ਦੀ ਤੁਲਨਾ ਵਿੱਚ ਘੱਟ ਸ਼ੈਲਫ਼ ਲਾਈਫ ਰੱਖਦੇ ਹਨ, ਜਿਸ ਨਾਲ ਜੇ ਜਲਦੀ ਨਹੀਂ ਖਾਧਾ ਗਿਆ ਤਾਂ ਜਲਦੀ ਖਰਾਬ ਹੋਣ ਦੀ ਸੰਭਾਵਨਾ ਹੁੰਦੀ ਹੈ।

**ਸਫਾਈ ਸੰਬੰਧੀ ਚਿੰਤਾਵਾਂ:** ਖੁੱਲ੍ਹੇ ਖਾਦ ਪਦਾਰਥ ਸੰਭਾਲਣ, ਕੀੜਿਆਂ ਜਾਂ ਵਾਤਾਵਰਣੀ ਤੱਤਾਂ ਦੇ ਸੰਪਰਕ ਵਿੱਚ ਆਉਣ ਕਾਰਨ ਸੰਕ੍ਰਮਣ ਦੇ ਪ੍ਰਤੀ ਜ਼ਿਆਦਾ ਸੰਵੇਦਨਸ਼ੀਲ ਹੋ ਸਕਦੇ ਹਨ, ਜੋ ਸੰਭਾਵਿਤ ਸਿਹਤ ਜੋਖ਼ਮ ਪੈਦਾ ਕਰ ਸਕਦੇ ਹਨ।

**ਸੀਮਿਤ ਪੋਸ਼ਣ ਸੰਬੰਧੀ ਜਾਣਕਾਰੀ:** ਖੁੱਲ੍ਹੇ ਆਈਟਮ ਅਕਸਰ ਵਿਸ਼ਿਤ੍ਰਤ ਲੇਬਲਿੰਗ ਦੀ ਕਮੀ ਰੱਖਦੇ ਹਨ, ਜਿਸ ਨਾਲ ਉਪਭੋਗਤਾਵਾਂ ਲਈ ਪੋਸ਼ਣ ਸੰਬੰਧੀ ਸਮੱਗਰੀ ਜਾਂ ਸਮੱਗਰੀ ਦੇ ਸਰੋਤ ਨੂੰ ਟ੍ਰੈਕ ਕਰਨਾ ਮੁਸ਼ਕਿਲ ਹੋ ਜਾਂਦਾ ਹੈ।

**ਅਸੁਵਿਧਾ:** ਖੁੱਲ੍ਹੇ ਖਾਦ ਪਦਾਰਥ ਖਰੀਦਣਾ ਜ਼ਿਆਦਾ ਸਮਾਂ ਅਤੇ ਕੋਸ਼ਿਸ਼ ਲੈ ਸਕਦਾ ਹੈ, ਕਿਉਂਕਿ ਉਪਭੋਗਤਾਵਾਂ ਨੂੰ ਆਪਣੀ ਪਸੰਦ ਨੂੰ ਮਾਪਣਾ ਜਾਂ ਤੋਲਣਾ ਪੈਂਦਾ ਹੈ ਅਤੇ ਭਾਰ ਦੇ ਅਧਾਰ ’ਤੇ ਕੀਮਤਾਂ ਦਾ ਸਾਹਮਣਾ ਕਰਨਾ ਪੈਂਦਾ ਹੈ।

ਸੀਲ ਕੀਤੇ ਹੋਏ ਅਤੇ ਖੁੱਲ੍ਹੇ ਖਾਦ ਪਦਾਰਥ ਦੋਹਾਂ ਦੇ ਆਪਣੇ ਆਪਣੇ ਫ਼ਾਇਦੇ ਅਤੇ ਨੁਕਸਾਨ ਹੁੰਦੇ ਹਨ। ਸੀਲ ਕੀਤੇ ਹੋਏ ਖਾਦ ਪਦਾਰਥ ਸੁਵਿਧਾ, ਸੁਰੱਖਿਆ ਅਤੇ ਲੰਬੀ ਸ਼ੈਲਫ਼ ਲਾਈਫ ਪ੍ਰਦਾਨ ਕਰਦੇ ਹਨ, ਜਦੋਂ ਕਿ ਖੁੱਲ੍ਹੇ ਖਾਦ ਪਦਾਰਥ ਤਾਜ਼ਗੀ, ਲਾਗਤ-ਕੁਸ਼ਲਤਾ ਅਤੇ ਘੱਟ ਵਾਤਾਵਰਣੀ ਪ੍ਰਭਾਵ ਪ੍ਰਦਾਨ ਕਰਦੇ ਹਨ। ਅੰਤ ਵਿੱਚ, ਸੀਲ ਕੀਤੇ ਹੋਏ ਅਤੇ ਖੁੱਲ੍ਹੇ ਖਾਦ ਪਦਾਰਥਾਂ ਵਿਚਕਾਰ ਚੋਣ ਵਿਅਕਤੀਗਤ ਪਹਿਲੂਆਂ, ਆਹਾਰ ਸੰਬੰਧੀ ਜ਼ਰੂਰਤਾਂ, ਬਜਟ ਵਿਚਾਰਾਂ ਅਤੇ ਸਥਿਰਤਾ ਨਾਲ ਸੰਬੰਧਿਤ ਮੁੱਲਾਂ ’ਤੇ ਨਿਰਭਰ ਕਰਦੀ ਹੈ। ਇਨ੍ਹਾਂ ਕਾਰਕਾਂ ਦਾ ਭਾਰ ਕਰਨ ਦੁਆਰਾ, ਉਪਭੋਗਤਾ ਐਸੇ ਫੈਸਲੇ ਲੈ ਸਕਦੇ ਹਨ ਜੋ ਉਨ੍ਹਾਂ ਦੇ ਜੀਵਨ ਸ਼ੈਲੀ ਲਈ ਸਭ ਤੋਂ ਉਚਿਤ ਹੋਣ।

**-ਡਾ. ਸੁਰਿੰਦਰਪਾਲ ਸਿੰਘ, ਵਿਗਿਆਨ ਅਧਿਆਪਕ**
**ਸ੍ਰੀ ਅਮ੍ਰਿਤਸਰ ਸਾਹਿਬ, ਪੰਜਾਬ।**

### ਲੈਕਚਰਾਰ ਪਰਮਜੀਤ ਕੌਰ ਨੂੰ ਬਨੂੜ ਇਲਾਕੇ ਦੀ

# ਵਧੀਆ ਅਧਿਆਪਕ ਵਜੋਂ ਕੀਤਾ ਸਨਮਾਨਿਤ



**ਬਨੂੜ, 18 ਜਨਵਰੀ (ਸਰਬਜੀਤ ਸਿੰਘ ਬਨੂੜ)**-ਭਿੰਦਾ- ਡਾ. ਬੀ. ਆਰ. ਅੰਬੇਡਕਰ ਐਜੂਕੇਸ਼ਨ ਸੁਸਾਇਟੀ ਡੇਰਾਬਸੀ (ਮੋਹਾਲੀ) ਵੱਲੋਂ ਭਾਰਤ ਦੀ ਪਹਿਲੀ ਮਹਿਲਾ ਅਧਿਆਪਕਾ ਸ੍ਰੀਮਤੀ ਸਾਵਿਤਰੀ ਬਾਈ ਫੁੱਲੇ ਦੇ ਜਨਮ ਦਿਹਾੜੇ ਨੂੰ ਸਮਰਪਿਤ ਅਧਿਆਪਕ ਪੁਰਸਕਾਰ ਸਮਾਰੋਹ ਕਰਵਾਇਆ ਗਿਆ। ਇਸ ਸਮਾਗਮ ਵਿੱਚ ਵਿਧਾਇਕ ਡੇਰਾਬਸੀ ਕੁਲਜੀਤ ਸਿੰਘ ਰੰਧਾਵਾ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ, ਜਦਕਿ ਡਾ. ਜਸਵਿੰਦਰ ਸਿੰਘ, ਪ੍ਰਿੰਸੀਪਲ ਸ੍ਰੀ ਗੁਰੂ ਗੋਬਿੰਦ ਸਿੰਘ ਕਾਲਜ ਚੰਡੀਗੜ੍ਹ, ਵਿਸ਼ੇਸ਼ ਮਹਿਮਾਨ ਵਜੋਂ ਹਾਜ਼ਰ ਰਹੇ।

ਇਸ ਸਨਮਾਨ ਸਮਾਰੋਹ ਦੌਰਾਨ ਜ਼ਿਲ੍ਹੇ ਦੇ ਅੱਠ ਅਧਿਆਪਕਾਂ ਨੂੰ ਉਨ੍ਹਾਂ ਦੀ ਸ਼ਾਨਦਾਰ ਕਾਰਗੁਜ਼ਾਰੀ ਅਤੇ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਲਈ ਕੀਤੀ ਗਈ ਸੇਵਾ ਦੇ ਮੱਦੇਨਜ਼ਰ ਸਨਮਾਨਿਤ ਕੀਤਾ ਗਿਆ। ਇਨ੍ਹਾਂ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਬੂਟਾ ਸਿੰਘ ਵਾਲਾ (ਨੇੜੇ ਬਨੂੜ) ਦੀ ਰਾਜਨੀਤਿਕ ਵਿਗਿਆਨ ਦੀ ਲੈਕਚਰਾਰ ਪਰਮਜੀਤ ਕੌਰ ਨੂੰ ਬਨੂੜ ਇਲਾਕੇ ਦੀ ਵਧੀਆ ਅਧਿਆਪਕ ਵਜੋਂ ਸਨਮਾਨਿਤ ਕੀਤਾ ਗਿਆ।

ਜ਼ਿਕਰਯੋਗ ਹੈ ਕਿ ਪਰਮਜੀਤ ਕੌਰ 2008 ਤੋਂ 2010 ਤੱਕ ਇਸੇ ਸਕੂਲ ਵਿੱਚ ਇੰਚਾਰਜ ਪ੍ਰਿੰਸੀਪਲ ਵਜੋਂ ਵੀ ਆਪਣੀਆਂ ਸੇਵਾਵਾਂ ਨਿਭਾ ਚੁੱਕੀਆਂ ਹਨ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਜੋਤੀ ਚਾਵਲਾ ਵੱਲੋਂ ਪਰਮਜੀਤ ਕੌਰ ਨੂੰ ਇਹ ਸਨਮਾਨ ਪ੍ਰਾਪਤ ਕਰਨ ‘ਤੇ ਵਧਾਈ ਦਿੱਤੀ ਗਈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਸ਼ਹੀਦ ਭਾਈ ਰਸਾਲ ਸਿੰਘ ਆਰਿਫਕੇ ਦੀ ਪੋਤਰੀ ਅਮਨਦੀਪ ਕੌਰ ਦਾ ਆਨੰਦ ਕਾਰਜ ਭਾਈ ਜਗਰੂਪ ਸਿੰਘ ਨਿਵਾਸੀ ਆਮੇਵਾਲਾ ਨਾਲ ਗੁਰਮਰਿਯਾਦਾ ਨਾਲ ਹੋਇਆ




ਫ਼ਿਰੋਜ਼ਪੁਰ, 18 ਜਨਵਰੀ (ਮਨੋਹਰ ਲਾਲ) :— 1984 ਦੇ ਸ਼ਹੀਦ ਭਾਈ ਰਸਾਲ ਸਿੰਘ ਆਰਿਫਕੇ ਦੀ ਪੋਤਰੀ ਅਤੇ ਭਾਈ ਨਿਰਮਲ ਸਿੰਘ ਆਰਿਫਕੇ ਦੀ ਬੇਟੀ ਅਮਨਦੀਪ ਕੌਰ ਦਾ ਆਨੰਦ ਕਾਰਜ ਭਾਈ ਜਗਰੂਪ ਸਿੰਘ ਪੁੱਤਰ ਕਾਰਜ ਸਿੰਘ ਨਿਵਾਸੀ ਪਿੰਡ ਆਮੇਵਾਲਾ ਫ਼ਿਰੋਜ਼ਪੁਰ ਦੇ ਨਾਲ ਗੁਰਮਰਿਯਾਦਾ ਅਨੁਸਾਰ ਬੜੇ ਹੀ ਸਾਦੇ ਢੰਗ ਨਾਲ ਹੋਇਆ। ਇਸ ਮੌਕੇ ਤੇ ਵੱਖ—ਵੱਖ ਜਥੇਬੰਦੀਆਂ ਦੇ ਆਗੂ, ਸੰਤਾਂ, ਮਹਾਂਪੁਰਖਾਂ ਨੇ ਸੁਭਾਗੀ ਜੋੜੀ ਨੂੰ ਅਸ਼ੀਰਵਾਦ ਦਿੱਤਾ। ਇਸ ਮੌਕੇ ਤੇ ਸੰਤ ਬਾਬਾ ਜਸਵੰਤ ਸਿੰਘ ਸੋਢੀ, ਬਾਬਾ ਸੱਜਣ ਸਿੰਘ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ, ਬਾਬਾ ਜਰਨੈਲ ਸਿੰਘ, ਬਾਬਾ ਅਮਰਜੀਤ ਸਿੰਘ, ਭਾਈ ਹਰਜੀਤ ਸਿੰਘ ਖਾਲਸਾ, ਮੈਗਾ ਫਗਵਾੜਾ, ਭਾਈ ਨਰੈਣ ਸਿੰਘ ਆਰਿਫਕੇ, ਬਾਬਾ ਰਜਿੰਦਰ ਸਿੰਘ ਵਾਸੀ ਮੁਗਲਵਾਲਾ, ਬਾਬਾ ਗਿਆਨ ਸਿੰਘ, ਯਾਦਵਿੰਦਰ ਸਿੰਘ, ਭਾਈ ਲਖਵੀਰ ਸਿੰਘ ਮਹਾਲਮ, ਪ੍ਰਧਾਨ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਸੰਤਾਂ ਮਹਾਂਪੁਰਖਾਂ ਨੇ ਸੁਭਾਗੀ ਜੋੜੀ ਨੂੰ ਅਸ਼ੀਰਵਾਦ ਦਿੱਤਾ। ਇਥੇ ਇਹ ਦਸਣਯੋਗ ਹੈ ਕਿ ਜੂਨ 1984 ਵਿਚ ਸ਼ਹੀਦ ਭਾਈ ਰਸਾਲ ਸਿੰਘ, 20ਵੀਂ ਸਦੀ ਦੇ ਮਹਾਨ ਯੋਧੇ ਸੰਤ ਬਾਬਾ ਜਰਨੈਲ ਸਿੰਘ ਨਾਲ ਸ਼ਹੀਦ ਹੋ ਗਏ ਅਤੇ ਪਰਿਵਾਰ ਉਸ ਟਾਈਮ ਤੋਂ ਤੰਗੀ ਤੁਰਸ਼ੀ ਨਾਲ ਦਿਨ ਕੱਟੇ ਸਨ ਅਤੇ ਅੱਜ ਉਨ੍ਹਾਂ ਦੀ ਪੋਤਰੀ ਅਮਨਦੀਪ ਕੌਰ ਦਾ ਆਨੰਦ ਕਾਰਜ ਵਿਚ ਅਸ਼ੀਰਵਾਦ ਦਿੰਦਿਆਂ ਕਿਹਾ ਕਿ ਇਹ ਪਰਿਵਾਰ ਤੰਗੀ ਤੁਰਸ਼ੀ ਵਿਚ ਹੀ ਰਿਹਾ ਹੈ, ਅੱਜ ਉਨ੍ਹਾਂ ਦੀ ਪੋਤਰੀ ਅਮਨਦੀਪ ਕੌਰ ਦਾ ਆਨੰਦ ਕਾਰਜ ਗੁਰਮਰਿਯਾਦਾ ਅਨੁਸਾਰ ਚਾਵਾਂ ਨਾਲ ਹੋਇਆ। ਇਸ ਮੌਕੇ ਤੇ ਆਨੰਦ ਕਾਰਜ ਗੁਰਦੁਆਰਾ ਬਾਬਾ ਰਾਮ ਲਾਲ ਵਿਖੇ ਹੋਇਆ।

## ਪਰਮਜੀਤ ਸਿੰਘ ਸਰਨਾਂ ਨਾਲ ਮਾਤਾ ਬਲਵਿੰਦਰ ਕੋਰ ਦੀ ਬਾਦਲਾਂ ਨਾਲ ਸਿਆਸੀ ਸਾਂਝ ਦੀ ਖ਼ਬਰ ਕੋਰਾ ਝੂਠ

# ਪਰਮਜੀਤ ਸਿੰਘ ਸਰਨਾਂ ਨਾਲ ਪਾਰਟੀ ਦੀ ਸਿਆਸੀ ਸਾਂਝ ਸਬੰਧੀ ਮੇਰੀ ਕੋਈ ਗੱਲਬਾਤ ਨਹੀਂ ਹੋਈ : ਮਾਤਾ ਬਲਵਿੰਦਰ ਕੌਰ

**ਅੰਮ੍ਰਿਤਸਰ 18 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਜੀ ਦੇ ਮਾਤਾ ਬਲਵਿੰਦਰ ਕੌਰ ਜੀ ਨੇ ਭਾਈ ਪਰਮਜੀਤ ਸਿੰਘ ਸਰਨਾ ਵੱਲੋਂ ਜਾਰੀ ਕਰਵਾਈ ਗਈ ਉਸ ਖ਼ਬਰ ਦਾ ਖੰਡਨ ਕੀਤਾ ਹੈ, ਜਿਸ ਵਿੱਚ ਪਰਮਜੀਤ ਸਿੰਘ ਸਰਨਾ ਵੱਲੋਂ ਇਹ ਦਾਅਵਾ ਕੀਤਾ ਗਿਆ ਹੈ ਕਿ ਉਹਨਾਂ ਦੀ ਮਾਤਾ ਬਲਵਿੰਦਰ ਕੌਰ ਜੀ ਨਾਲ ਕੋਈ ਫ਼ੋਨ ’ਤੇ ਗੱਲਬਾਤ ਹੋਈ ਹੈ ਅਤੇ ਉਸ ਗੱਲਬਾਤ ਦੇ ਆਧਾਰ ’ਤੇ ਅਕਾਲੀ ਦਲ ਵਾਰਿਸ ਪੰਜਾਬ ਦੇ ਨਾਲ ਕਿਸੇ ਕਿਸਮ ਦੀ ਸਿਆਸੀ ਸਾਂਝ ਜਾਂ ਇਕੱਠ ਦੀ ਸੰਭਾਵਨਾ ਦੱਸੀ ਗਈ ਹੈ। ਪ੍ਰੈਸ ਸਕੱਤਰ ਭਾਈ ਸ਼ਮਸ਼ੇਰ ਸਿੰਘ ਪੱਧਰੀ ਵੱਲੋਂ ਜਾਰੀ ਕੀਤੇ ਗਏ ਇਕ ਪ੍ਰੈਸ ਨੋਟ ਰਾਹੀਂ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਜੀ ਦੇ ਮਾਤਾ ਬਲਵਿੰਦਰ ਕੌਰ ਜੀ ਨੇ ਕਿਹਾ ਕਿ ਉਹਨਾਂ ਦੀ ਭਾਈ ਪਰਮਜੀਤ ਸਿੰਘ ਸਰਨਾਂ ਨਾਲ ਨਾਂ ਤਾਂ ਕੋਈ ਅਜਿਹੀ ਗੱਲਬਾਤ ਹੋਈ ਹੈ ਅਤੇ ਨਾਂ ਹੀ ਕਿਸੇ ਤਰ੍ਹਾਂ ਦਾ ਕੋਈ ਸਹਿਮਤੀ ਭਰਿਆ ਬਿਆਨ ਦਿੱਤਾ ਗਿਆ ਹੈ। ਉਹਨਾਂ ਕਿਹਾ ਕਿ ਇਸ ਸਬੰਧ ਵਿੱਚ ਅਖ਼ਬਾਰਾਂ ਵਿੱਚ ਮੇਰੇ ਨਾਮ ’ਤੇ ਛਾਪਿਆ ਗਿਆ ਵਰਜ਼ਨ ਅਤੇ ਕੁਝ ਕੁ ਚੈਨਲਾਂ ਤੇ ਚਲਾਈ ਜਾ ਰਹੀ ਖ਼ਬਰ ਪੂਰੀ ਨੂੰ ਤਰ੍ਹਾਂ ਤੋੜ ਮਰੋੜ ਕੇ ਪੇਸ਼ ਕੀਤਾ ਜਾ ਰਿਹਾ ਹੈ, ਜੋ ਕਿ ਸੱਚਾਈ ਤੋਂ ਕੋਹਾਂ ਦੂਰ ਹੈ। ਉਹਨਾਂ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਦਾ ਕਿਸੇ ਵੀ ਪੰਥਕ ਕੌਮ ਤੋਂ ਭਗੋੜੇ ਦਲ, ਵਿਅਕਤੀ ਜਾਂ ਉਸ ਤਰ੍ਹਾਂ ਦੀ ਸੋਚ ਨਾਲ ਕੋਈ ਵੀ ਸਾਂਝ ਜਾਂ ਸਿਆਸੀ ਸਮਝੌਤਾ ਨਹੀਂ ਹੈ। ਉਹਨਾਂ ਕਿਹਾ ਕਿ ਪਰਮਜੀਤ ਸਿੰਘ ਸਰਨਾ ਅਤੇ ਅਕਾਲੀ ਦਲ ਬਾਦਲ ਵੱਲੋਂ ਇਕ ਗਿਣੀਮਿਥੀ ਸਾਜ਼ਿਸ਼ ਦੇ ਤਹਿਤ ਅਕਾਲੀ ਦਲ ਵਾਰਿਸ ਪੰਜਾਬ ਦੇ ਅਕਸ ਨੂੰ ਢਾਹ ਲਗਾਉਣ ਲਈ ਅਜਿਹੀਆਂ ਝੂਠੀਆਂ ਖ਼ਬਰਾਂ ਜਾਣਬੁੱਝ ਕੇ ਪ੍ਰਕਾਸ਼ਿਤ ਕਰਵਾਈਆਂ ਜਾ ਰਹੀਆਂ ਹਨ ਜੋ ਪੰਥਕ ਧਿਰਾਂ, ਵਰਕਰਾਂ ਅਤੇ ਸੰਗਤ ਵਿੱਚ ਭਰਮ ਪੈਦਾ ਕਰਦੀ ਹਨ। ਇਸ ਕਰਕੇ ਅਸੀਂ ਪਰਮਜੀਤ ਸਿੰਘ ਸਰਨਾ ਨੂੰ ਸਖ਼ਤ ਤੌਰ ’ਤੇ ਅਪੀਲ ਅਤੇ ਚੇਤਾਵਨੀ ਦਿੰਦੇ ਹਾਂ ਕਿ ਉਹ ਮੇਰਾ ਨਾਮ ਵਰਤ ਕੇ ਝੂਠੀਆਂ ਅਫ਼ਵਾਹਾਂ ਫੈਲਾਉਣ ਤੋਂ ਤੁਰੰਤ ਗੁਰੇਜ਼ ਕਰਨ, ਜੇਕਰ ਦੋਬਾਰਾ ਇਸ ਤਰਾਂ ਹੁੰਦਾ ਹੈ ਤਾਂ ਕਨੂੰਨੀ ਰੁੱਖ ਵੀ ਅਪਣਾਇਆ ਜਾਏਗਾ।

# ਗੁਰਦੁਆਰਾ ਬਾਬਾ ਬੀਰ ਸਿੰਘ ਪਿੰਡ ਉਸਮਾਨ ਵਾਲਾ ਵਿਖੇ ਧੰਨ-ਧੰਨ ਬਾਬਾ ਬੀਰ ਸਿੰਘ ਦੀ ਯਾਦ ਵਿਚ ਜੋੜ ਮੇਲਾ 11 ਫਰਵਰੀ ਨੂੰ




ਫ਼ਿਰੋਜ਼ਪੁਰ, 18 ਜਨਵਰੀ (ਮਨੋਹਰ ਲਾਲ) :— ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਗੁਰਦੁਆਰਾ ਬਾਬਾ ਬੀਰ ਸਿੰਘ ਪਿੰਡ ਉਸਮਾਨ ਵਾਲਾ ਵਿਚ ਧੰਨ—ਧੰਨ ਬਾਬਾ ਬੀਰ ਸਿੰਘ ਨੌਰੰਗਾ ਬਾਟੂ ਵਾਲਿਆਂ ਦੀ ਮਿੱਠੀ ਯਾਦ ਵਿਚ ਸਲਾਨਾ ਜ਼ੋੜ ਮੇਲਾ 11 ਫਰਵਰੀ ਦਿਨ ਬੁੱਧਵਾਰ ਨੂੰ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਜਾ ਰਿਹਾ ਹੈ। ਇਸ ਮੌਕੇ ਤੇ ਸਭ ਤੋਂ ਪਹਿਲਾਂ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ, ਭੋਗ ਉਪਰੰਤ ਦੀਵਾਨ ਸਜਾਏ ਜਾਣਗੇ, ਜਿਸ ਵਿਚ ਕਵੀਸ਼ਰੀ ਭਾਈ ਚਾਨਣ ਸਿੰਘ ਬੀ.ਏ ਅਤੇ ਰਾਗੀ ਢਾਡੀ ਜਥਿਆਂ ਵੱਲੋਂ ਸੰਗਤਾਂ ਨੂੰ ਗੁਰਬਾਨੀ ਨਾਲ ਜ਼ੋੜਿਆ ਜਾਵੇਗਾ। ਇਹ ਜਾਣਕਾਰੀ ਗੁਰਦੁਆਰਾ ਬਾਬਾ ਬੀਰ ਸਿੰਘ ਪਿੰਡ ਉਸਮਾਨ ਵਾਲਾ ਦੇ ਮੁੱਖ ਸੇਵਾਦਾਰ ਬਾਬਾ ਜਰਨੈਲ ਸਿੰਘ ਨੇ ਗੱਲਬਾਤ ਕਰਦਿਆਂ ਦੱਸਿਆ ਕਿ ਇਸ ਸਮਾਗਮ ਵਿਚ ਭਾਰੀ ਗਿਣਤੀ ਵਿਚ ਸੰਤ ਮਹਾਂਪੁਰਸ਼ ਪਹੁੰਚ ਰਹੇ ਹਨ ਅਤੇ ਇਸ ਮੌਕੇ ਤੇ ਨਿਹੰਗ ਸਿੰਘ ਜਥੇਬੰਦੀਆਂ, ਦਲ ਪੰਥ ਵਾਲੇ ਮੁਹੱਲਾ ਵੀ ਖੇਡਿਆ ਜਾਵੇਗਾ। ਇਸ ਤੋਂ ਇਲਾਵਾ ਕਬੱਡੀ ਦੇ ਮੈਚ ਵੀ ਕਰਵਾਏ ਜਾਣਗੇ। ਇਸ ਮੌਕੇ ਤੇ ਸਿੰਘ ਸਾਹਿਬ ਸੰਤ ਬਾਬਾ ਕੁਲਦੀਪ ਸਿੰਘ ਦਲ ਸਾਹਿਬ ਵਾਲੇ ਵਿਸ਼ੇਸ਼ ਤੌਰ ਤੇ ਹਾਜ਼ਰੀ ਭਰਨਗੇ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ। ਇਸ ਮੌਕੇ ਗੁਰਦੁਆਰਾ ਬਾਬਾ ਬੀਰ ਸਿੰਘ ਪਿੰਡ ਉਸਮਾਨ ਵਾਲਾ ਨੇ ਇਲਾਕੇ ਭਰ ਦੀਆਂ ਸੰਗਤਾਂ ਨੂੰ ਬੇਨਤੀ ਕੀਤੀ ਕਿ ਉਹ ਭਾਰੀ ਗਿਣਤੀ ਵਿਚ ਪਹੁੰਚ ਕੇ ਆਏ ਹੋਏ ਮਹਾਂਪੁਰਸ਼ਾਂ ਦੇ ਵਿਚਾਰ ਸੁਣ ਕੇ ਆਪਣਾ ਜੀਵਣ ਸਫਲ ਬਣਾਉ।

## ਜਥੇਦਾਰ ਕੁਲਦੀਪ ਸਿੰਘ ਗੜਗੱਜ ਮਰਿਆਦਾ ਦੀ ਉਲੰਘਣਾ ਦੇ ਇੱਕ ਹੋਰ ਵਿਵਾਦ ਵਿੱਚ ਬੁਰੀ ਤਰ੍ਹਾਂ ਫਸੇ

# ਪੰਜ ਸਿੰਘ ਸਾਹਿਬਾਨਾਂ ਦੇ ਫ਼ੈਸਲੇ ਨੂੰ ਕੇਵਲ ਇੱਕ ਜਥੇਦਾਰ ਕਿਵੇਂ ਬਦਲ ਸਕਦਾ ਹੈ: ਪ੍ਰੋ. ਸਰਚਾਂਦ ਸਿੰਘ ਖਿਆਲਾ

## ਗੜਗੱਜ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਰੂਪਾਂ ਦੀ ਬੇਢੰਗੀ ਕਟਿੰਗ ਕਰਨ ਵਾਲੇ ਮਨਵੀਰ ਸਿੰਘ ਨੂੰ ਨਿਰਦੋਸ਼ ਕਰਾਰ



ਸਕੱਤਰੇਤ
ਸ੍ਰੀ ਅਕਾਲ ਤਖ਼ਤ ਸਾਹਿਬ
ਸ੍ਰੀ ਅੰਮ੍ਰਿਤਸਰ ਸਾਹਿਬ
Secretariat
Sri Akal Takhat Sahib, Sri Amritsar Sahib

ਨੰਬਰ ਅ:3/26/400 ਮਿਤੀ 16-01-2026

ਸਮੂਹ ਸਿੱਖ ਸੰਗਤ
ਅਤੇ ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀਆਂ/ਸਿੱਖ ਸੰਸਥਾਵਾਂ/ਜਥੇਬੰਦੀਆਂ
ਯੂ.ਕੇ.


ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

ਗੁਰੂ ਸਵਾਰੇ ਜੀਓ,

ਸ. ਮਨਵੀਰ ਸਿੰਘ ਮੁੱਖ ਸੇਵਾਦਾਰ ਸਤਿਕਾਰ ਕਮੇਟੀ ਯੂ.ਕੇ. ਦੇ ਖਿਲਾਫ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸ਼ਿਕਾਇਤਾਂ ਪੁੱਜੀਆਂ ਸਨ ਕਿ ਇਨ੍ਹਾਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਤਿਕਾਰ ਦੇ ਨਾਮ 'ਤੇ ਕਈ ਮਰਯਾਦਾ ਵਿਹੂਣੇ ਕੰਮ ਕੀਤੇ ਹਨ। ਜਿਸ ਦੀ ਪੜਤਾਲ ਕਰਨ ਲਈ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਪੱਤ੍ਰਿਕਾ ਨੰਬਰ ਅ:3/22/੧੨੬ ਮਿਤੀ ੧੬-੦੬-੨੦੨੨ ਰਾਹੀਂ ਪੰਜ ਮੈਂਬਰੀ ਕਮੇਟੀ ਬਣਾਈ ਗਈ ਸੀ। ਉਸ ਕਮੇਟੀ ਦੀ ਪੁੱਜੀ ਰਿਪੋਰਟ ਦੇ ਅਧਾਰ 'ਤੇ ਮਨਵੀਰ ਸਿੰਘ ਦੋਸ਼ੀ ਪਾਇਆ ਗਿਆ ਸੀ ਤੇ ਉਸ ਦੇ ਖਿਲਾਫ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਕਾਰਵਾਈ ਕੀਤੀ ਗਈ। ਸ. ਮਨਵੀਰ ਸਿੰਘ ਵੱਲੋਂ ਵਾਰ-ਵਾਰ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਮੁਆਫੀਨਾਮਾ ਭੇਜ ਕੇ ਬੇਨਤੀ ਕੀਤੀ ਗਈ ਕਿ ਪੜਤਾਲ ਕਰਨ ਵਾਲੇ ਸਿੰਘਾਂ ਵੱਲੋਂ ਇੱਕ ਤਰਫਾ ਫੈਸਲਾ ਕਰਦਿਆਂ ਉਨ੍ਹਾਂ ਨੂੰ ਦੋਸ਼ੀ ਠਹਿਰਾਇਆ ਤੇ ਉਨ੍ਹਾਂ ਦਾ ਪੱਖ ਨਹੀਂ ਸੁਣਿਆ ਗਿਆ। ਜਿਸ ਸਬੰਧੀ ਸਤਿਕਾਰਯੋਗ ਸਿੰਘ ਸਾਹਿਬ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਪੱਤ੍ਰਿਕਾ ਨੰਬਰ ਅ:3/25/400 ਮਿਤੀ ੧੨-੧੨-੨੦੨੫ ਰਾਹੀਂ ਉਕਤ ਮਾਮਲੇ ਦੀ ਨਵੇਂ ਸਿਰਿਓਂ ਨਿਰਪੱਖ ਜਾਂਚ ਕਰਵਾਉਣ ਦੀ ਸੇਵਾ ਪੰਜ ਮੈਂਬਰੀ ਕਮੇਟੀ ਨੂੰ ਸੌਂਪੀ ਸੀ। ਜਿਸ ਦੀ ਪੁੱਜੀ ਰਿਪੋਰਟ ਅਨੁਸਾਰ ਸ. ਮਨਵੀਰ ਸਿੰਘ ਪੁਰ ਲੱਗੇ ਦੋਸ਼ ਬੇਬੁਨਿਆਦ ਪਾਏ ਗਏ ਹਨ ਪਰੰਤੂ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਮਿਤੀ ੦੬-੧੨-੨੦੨੨ ਵਿਚ ਜਾਰੀ ਹੋਏ ਆਦੇਸ਼ (ਅ:3/੧੬੫) ਅਨੁਸਰ ਇਨ੍ਹਾਂ ਪੁਰ ਹੋਈ ਕਾਰਵਾਈ ਦਾ ਮਾਮਲਾ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੰਜ ਸਿੰਘ ਸਾਹਿਬਾਨ ਦੀ ਹੋਣ ਵਾਲੀ ਅਗਲੀ ਇਕੱਤਰਤਾ ਵਿਚ ਵਿਚਾਰ ਕੇ ਫੈਸਲਾ ਕੀਤਾ ਜਾਵੇਗਾ। ਸਤਿਕਾਰਯੋਗ ਸਿੰਘ ਸਾਹਿਬ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਵੱਲੋਂ ਆਦੇਸ਼ ਕੀਤਾ ਗਿਆ ਹੈ ਕਿ ਆਪ ਜੀ ਵੱਲੋਂ ਸ. ਮਨਵੀਰ ਸਿੰਘ ਪੁਰ ਯੂ.ਕੇ ਦੀ ਅਦਾਲਤ ਵਿਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਦਬ ਸਤਿਕਾਰ ਨੂੰ ਲੈ ਕੇ ਚਲਦੇ ਕੋਰਟ ਕੇਸ ਵਿਚ ਇਨ੍ਹਾਂ ਦਾ ਪੂਰਨ ਸਹਿਯੋਗ ਕੀਤਾ ਜਾਵੇ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸਿੱਖਾਂ ਦੇ ਜਾਗਤ ਜੋਤ ਗੁਰੂ ਹਨ, ਇਸ ਲਈ ਗੁਰੂ ਸਾਹਿਬ ਜੀ ਦੇ ਅਦਬ ਸਤਿਕਾਰ ਲਈ ਇਕਜੁੱਟ ਹੋ ਕੇ ਯੂ.ਕੇ. ਦੀ ਅਦਾਲਤ ਵਿਚ ਚੱਲ ਰਹੇ ਕੇਸ ਅੰਦਰ ਸਹਿਯੋਗ ਕਰਨਾ ਸਾਡਾ ਸਭ ਦਾ ਸਾਂਝਾ ਫਰਜ਼ ਹੈ।

ਧੰਨਵਾਦ ਸਹਿਤ

ਸ਼ੁਭਚਿੰਤਕ,
(ਬਗੀਚਾ ਸਿੰਘ)
ਇੰਚਾਰਜ,
ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ,
ਸ੍ਰੀ ਅੰਮ੍ਰਿਤਸਰ।



੧ੴ ਵਾਹਿਗੁਰੂ ਜੀ ਕੀ ਫ਼ਤਹ ॥
ਸ੍ਰੀ ਅਕਾਲ ਤਖ਼ਤ ਸਾਹਿਬ
ਸ੍ਰੀ ਅੰਮ੍ਰਿਤਸਰ ਸਾਹਿਬ
Sri Akal Takhat Sahib, Sri Amritsar Sahib

ਨੰਬਰ ਅ:3/੧੬੫ ਮਿਤੀ ੦੬-੧੨-੨੦੨੨

ਆਦੇਸ਼

ਅੱਜ ਮਿਤੀ ੨੧ ਮੱਘਰ ਨਾਨਕਸ਼ਾਹੀ ਸੰਮਤ ੫੫੪ ਮੁਤਾਬਿਕ ੦੬ ਦਸੰਬਰ ੨੦੨੨ ਨੂੰ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਹੋਈ ਜਿਸ ਵਿਚ ਸਤਿਕਾਰ ਕਮੇਟੀ ਵਾਲੇ ਮਨਵੀਰ ਸਿੰਘ ਯੂ.ਕੇ ਦਾ ਮਾਮਲਾ ਵਿਚਾਰਿਆ ਗਿਆ। ਇਸ ਨੇ ਸਤਿਕਾਰ ਕਮੇਟੀ ਬਣਾ ਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਤਿਕਾਰ ਦੇ ਨਾਮ 'ਤੇ ਕਈ ਮਰਯਾਦਾ ਵਿਹੂਣੇ ਕੰਮ ਕੀਤੇ ਅਤੇ ਇਨ੍ਹਾਂ ਕੰਮਾਂ ਲਈ ਸੰਗਤਾਂ ਨੂੰ ਗੁੰਮਰਾਹ ਕਰਕੇ ਮਾਇਆ ਇਕੱਤਰ ਕੀਤੀ ਸੀ। ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਇਸ ਦੇ ਕਾਰਜਾਂ ਦੀ ਪੜਤਾਲ ਕਰਨ ਲਈ ਸਤਿਕਾਰਤ ਪੰਜ ਸਿੰਘਾਂ ਦੀ ਸਬ-ਕਮੇਟੀ ਨੂੰ ਹੀ ਇਸ ਨੇ ਗਲਤ ਠਹਿਰਾਇਆ। ਇਸ ਨੂੰ ਅਤੇ ਇਸ ਦੀ ਟੀਮ ਨੂੰ ਲਿਖਤੀ ਸਮਾਂ ਲੈ ਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਨਮੁਖ ਪੰਜ ਸਿੰਘ ਸਾਹਿਬਾਨ ਦੀ ਹਾਜਰੀ ਵਿਚ ਨਿੱਜੀ ਰੂਪ ਵਿਚ ਪੇਸ਼ ਹੋ ਕੇ ਗੁਰੂ ਪੰਥ ਪਾਸੋਂ ਖਿਮਾ ਜਾਚਨਾ ਲਈ ਕਿਹਾ ਗਿਆ ਸੀ ਪਰੰਤੂ ਇਹ ਅਜੇ ਤੀਕ ਹਾਜਰ ਨਹੀਂ ਹੋਇਆ। ਇਸ ਲਈ ਸੰਗਤਾਂ ਪ੍ਰਤੀ ਵਿਦਤ ਹੈ ਕਿ ਇਸ ਨੂੰ ਮੂੰਹ ਨਾ ਲਾਇਆ ਜਾਵੇ ਅਤੇ ਨਾ ਹੀ ਇਸ ਨੂੰ ਅੱਗੋਂ ਤੋਂ ਕੋਈ ਵੀ ਕਿਸੇ ਪ੍ਰਕਾਰ ਦਾ ਸਹਿਯੋਗ ਕੀਤਾ ਜਾਵੇ। ਇਸ ਦੁਆਰਾ ਬਣਾਇਆ ਜਾ ਰਿਹਾ ਸਥਾਨ ਫਿਲਹਾਲ ਸ੍ਰੀ ਅਕਾਲ ਤਖਤ ਸਾਹਿਬ ਵੱਲੋਂ ਅਪ੍ਰਵਾਨ ਹੈ।

(ਰਘਬੀਰ ਸਿੰਘ)
ਜਥੇਦਾਰ
ਤਖ਼ਤ ਸ੍ਰੀ ਕੇਸਗੜ੍ਹ ਸਾਹਿਬ,
ਸ੍ਰੀ ਅਨੰਦਪੁਰ ਸਾਹਿਬ, ਰੋਪੜ।

(ਹਰਪ੍ਰੀਤ ਸਿੰਘ)
ਜਥੇਦਾਰ
ਸ੍ਰੀ ਅਕਾਲ ਤਖ਼ਤ ਸਾਹਿਬ,
ਸ੍ਰੀ ਅੰਮ੍ਰਿਤਸਰ।
ਜਥੇਦਾਰ ਤਖ਼ਤ ਸ੍ਰੀ ਦਮਦਮਾ ਸਾਹਿਬ।

(ਸੁਲਤਾਨ ਸਿੰਘ)
ਗ੍ਰੰਥੀ
ਸੱਚਖੰਡ ਸ੍ਰੀ ਹਰਿਮੰਦਰ ਸਾਹਿਬ,
ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ।

(ਮਲਕੀਤ ਸਿੰਘ)
ਐਡੀ. ਹੈੱਡ ਗ੍ਰੰਥੀ
ਸ੍ਰੀ ਅਕਾਲ ਤਖ਼ਤ ਸਾਹਿਬ,
ਸ੍ਰੀ ਅੰਮ੍ਰਿਤਸਰ।

(ਮੰਗਲ ਸਿੰਘ)
ਪੰਜ ਪਿਆਰਾ
ਸ੍ਰੀ ਅਕਾਲ ਤਖ਼ਤ ਸਾਹਿਬ,
ਸ੍ਰੀ ਅੰਮ੍ਰਿਤਸਰ।

Phone/Fax : 0183-2540820 | E-Mail : akaltakhatsahib84@gmail.com

**ਅੰਮ੍ਰਿਤਸਰ, 18 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖ਼ਤ ਸਾਹਿਬ ਦੇ ਕਾਰਜਕਾਰੀ ਜਥੇਦਾਰ ਕੁਲਦੀਪ ਸਿੰਘ ਗੜਗੱਜ ਸਿੱਖ ਪਰੰਪਰਾ, ਸਿਧਾਂਤ ਅਤੇ ਮਰਿਆਦਾ ਦੀ ਉਲੰਘਣਾ ਨਾਲ ਜੁੜੇ ਇੱਕ ਹੋਰ ਗੰਭੀਰ ਵਿਵਾਦ ਵਿੱਚ ਬੁਰੀ ਤਰ੍ਹਾਂ ਫਸ ਗਏ ਹਨ। ਸਿੱਖ ਚਿੰਤਕ ਅਤੇ ਪੰਜਾਬ ਭਾਜਪਾ ਦੇ ਬੁਲਾਰੇ ਪ੍ਰੋਫੈਸਰ ਸਰਚਾਂਦ ਸਿੰਘ ਖਿਆਲਾ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਬਿਠਾਏ ਗਏ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਇੱਕ ਹੋਰ ਗੈਰ-ਸਿਧਾਂਤਕ ਅਤੇ ਆਪਹੁਦਰੀ ਕਾਰਵਾਈ ਸਾਹਮਣੇ ਆਈ ਹੈ, ਜਿਸ ਨੂੰ ਲੈ ਕੇ ਯੂ. ਕੇ. ਦੀਆਂ ਸਮੂਹ ਸਿੱਖ ਜਥੇਬੰਦੀਆਂ ਵਿੱਚ ਭਾਰੀ ਰੋਸ ਵਿਆਪਕ ਹੋ ਗਿਆ ਹੈ।

ਪ੍ਰੋ. ਖਿਆਲਾ ਨੇ ਦੱਸਿਆ ਕਿ ਸਤਿਕਾਰ ਕਮੇਟੀ ਯੂ. ਕੇ. ਦੇ ਮੁਖੀ ਮਨਵੀਰ ਸਿੰਘ ਮੰਨਾ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ 'ਤੇ ਪੰਛੀਆਂ ਦੇ ਚਿੱਤਰ ਬਣਾਉਣੇ, ਟਰੈਕਰ ਲਗਾਉਣੇ, ਸਤਿਕਾਰ ਕਮੇਟੀ ਦੀਆਂ ਮੋਹਰਾਂ ਲਗਾਉਣ ਅਤੇ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ

ਆਵਾਜ਼ਿ ਕੌਮ AWAZE QAUM International Newspaper & WEB TV

ਸਾਹਿਬ ਜੀ ਦੇ ਸਰੂਪਾਂ ਦੀ ਇੱਕ ਕਟਰ ਰਾਹੀਂ ਬੇਢੰਗੀ ਕਟਿੰਗ ਕੀਤੀ ਗਈ, ਜਿਨ੍ਹਾਂ ਨੂੰ ਪ੍ਰਕਾਸ਼ ਨਹੀਂ ਕੀਤਾ ਜਾ ਸਕਦਾ। ਇਸ ਤੋਂ ਇਲਾਵਾ, ਯੂ. ਕੇ. ਦੇ ਗੁਰਦੁਆਰਾ ਬਾਬਾ ਸੰਗ ਜੀ ਵਿਖੇ ਜਦੋਂ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਸਨ, ਤਾਂ ਭਾਈ ਮਨਵੀਰ ਸਿੰਘ ਵੱਲੋਂ ਚੱਲਦੇ ਅਖੰਡ ਪਾਠ ਸਾਹਿਬ ਦੌਰਾਨ ਹੀ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਹੇਠੋਂ ਗੱਦੀਆਂ ਕੱਢ ਦਿੱਤੀਆਂ ਗਈਆਂ, ਜੋ ਗੰਭੀਰ ਮਰਿਆਦਾ ਉਲੰਘਣਾ ਹੈ।

ਪ੍ਰੋ. ਖਿਆਲਾ ਨੇ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਰੂਪਾਂ ਨਾਲ ਮਰਿਆਦਾਹੀਣ ਵਰਤਾਰਾ, ਬੇਅਦਬੀ ਅਤੇ ਸੰਗਤਾਂ ਨੂੰ ਗੁਮਰਾਹ ਕਰਕੇ ਮਾਇਆ ਇਕੱਤਰ ਕਰਨ ਸੰਬੰਧੀ ਸ਼ਿਕਾਇਤਾਂ ਨੂੰ ਲੈ ਕੇ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ 16 ਜੂਨ 2022 ਨੂੰ ਪੰਜ ਮੈਂਬਰੀ ਪੜਤਾਲ ਕਮੇਟੀ ਗਠਿਤ ਕੀਤੀ ਗਈ ਸੀ। ਮਨਵੀਰ ਸਿੰਘ ਮੰਨਾ ਨੇ ਨਾ ਸਿਰਫ਼ ਇਸ ਕਮੇਟੀ ਨੂੰ ਹੀ ਗਲਤ ਠਹਿਰਾਇਆ, ਸਗੋਂ ਕਿਸੇ ਕਿਸਮ ਦਾ ਸਹਿਯੋਗ ਵੀ ਨਹੀਂ ਕੀਤਾ। ਪੜਤਾਲ ਕਮੇਟੀ ਦੀ ਰਿਪੋਰਟ ਦੇ ਆਧਾਰ 'ਤੇ ਮਨਵੀਰ ਸਿੰਘ ਨੂੰ ਦੋਸ਼ੀ ਪਾਇਆ ਗਿਆ ਅਤੇ 6 ਦਸੰਬਰ 2022 ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਯੂ. ਕੇ. ਦੀਆਂ ਸੰਗਤਾਂ ਨੂੰ ਉਸ ਨਾਲ ਕਿਸੇ ਵੀ ਤਰ੍ਹਾਂ ਦਾ ਸੰਪਰਕ ਜਾਂ ਸਹਿਯੋਗ ਨਾ ਕਰਨ ਦੇ ਸਪੱਸ਼ਟ ਹੁਕਮ ਜਾਰੀ ਕੀਤੇ ਗਏ।



ਇਸ ਮਾਮਲੇ ਵਿੱਚ ਹੁਣ ਗਿਆਨੀ ਗੜਗੱਜ ਵੱਲੋਂ ਉਸੇ ਦੋਸ਼ੀ ਮਨਵੀਰ ਸਿੰਘ ਦੇ ਹੱਕ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਅਦਬ-ਸਤਿਕਾਰ ਨਾਲ ਸੰਬੰਧਿਤ ਯੂ. ਕੇ. ਦੀ ਅਦਾਲਤ ਵਿੱਚ ਚੱਲ ਰਹੇ ਕੇਸ ਦੌਰਾਨ ਪੂਰਨ ਸਹਿਯੋਗ ਦੇਣ ਲਈ ਯੂ. ਕੇ. ਦੀਆਂ ਸਮੂਹ ਸਿੱਖ ਸੰਗਤਾਂ, ਗੁਰਦੁਆਰਾ ਪ੍ਰਬੰਧਕ ਕਮੇਟੀਆਂ ਅਤੇ ਸਿੱਖ ਸੰਸਥਾਵਾਂ ਨੂੰ ਆਦੇਸ਼ ਜਾਰੀ ਕਰ ਦਿੱਤੇ ਗਏ ਹਨ। ਨਾਲ ਹੀ ਇਹ ਕਿਹਾ ਗਿਆ ਹੈ ਕਿ 12 ਦਸੰਬਰ 2025 ਨੂੰ ਗਠਿਤ ਕਮੇਟੀ ਦੀ ਰਿਪੋਰਟ 'ਤੇ ਪੰਜ ਸਿੰਘ ਸਾਹਿਬਾਨਾਂ ਦੀ ਅਗਲੀ ਇਕੱਤਰਤਾ ਵਿੱਚ ਵਿਚਾਰ ਕਰਕੇ ਫ਼ੈਸਲਾ ਲਿਆ ਜਾਵੇਗਾ।

## ਵਿਚਾਰ ਆਪੋ-ਆਪਣਾ

ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਸਵਾਲ ਉਠਾਇਆ ਕਿ ਪੰਜ ਸਿੰਘ ਸਾਹਿਬਾਨਾਂ ਦੀ ਇਕੱਤਰਤਾ ਵਿੱਚ ਮਾਮਲੇ ਨੂੰ ਵਿਚਾਰੇ ਬਿਨਾਂ ਆਪਣੇ ਤੌਰ 'ਤੇ ਫ਼ੈਸਲਾ ਲੈ ਲੈਣਾ ਕੀ ਮਰਿਆਦਾ ਦਾ ਘਾਣ ਅਤੇ ਗੈਰ-ਸਿਧਾਂਤਕ ਕਦਮ ਨਹੀਂ? ਜਿਹੜਾ ਹੁਕਮ ਪੰਜ ਸਿੰਘ ਸਾਹਿਬਾਨਾਂ ਵੱਲੋਂ ਜਾਰੀ ਕੀਤਾ ਗਿਆ ਹੋਵੇ, ਕੀ ਉਸ ਅਹਿਮ ਪੰਥਕ ਫ਼ੈਸਲੇ ਨੂੰ ਕੇਵਲ ਇੱਕ ਜਥੇਦਾਰ ਬਦਲਣ ਦੀ ਹੈਸੀਅਤ ਰੱਖਦਾ ਹੈ? ਕੀ ਇਹ ਪੰਜ-ਪ੍ਰਧਾਨੀ ਸੰਸਥਾ ਦਾ ਸਿੱਧਾ ਅਪਮਾਨ ਨਹੀਂ?

ਉਨ੍ਹਾਂ ਨੇ ਅੱਗੇ ਕਿਹਾ ਕਿ ਜੇਕਰ ਮਨਵੀਰ ਸਿੰਘ ਸਬੰਧੀ ਦੁਬਾਰਾ ਕਰਵਾਈ ਗਈ ਜਾਂਚ ਵਿੱਚ ਉਸ 'ਤੇ ਲਗਾਏ ਦੋਸ਼ ਬੇਬੁਨਿਆਦ ਪਾਏ ਗਏ ਹਨ, ਤਾਂ ਕੀ ਪਹਿਲੀ ਰਿਪੋਰਟ ਗਲਤ ਸੀ? ਅਤੇ ਜੇ ਗਲਤ ਸੀ, ਤਾਂ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਗਲਤ ਰਿਪੋਰਟ ਸੌਂਪਣ ਵਾਲਿਆਂ ਖ਼ਿਲਾਫ਼ ਕੀ ਕਾਰਵਾਈ ਕੀਤੀ ਜਾਵੇਗੀ?

ਮਾਮਲੇ ਦੇ ਪਿਛੋਕੜ ਬਾਰੇ ਪ੍ਰੋ. ਖਿਆਲਾ ਨੇ ਦੱਸਿਆ ਕਿ ਬਰਤਾਨੀਆ ਦੀਆਂ ਗੁਰਦੁਆਰਾ ਸਾਹਿਬਾਨ ਦੀਆਂ ਪ੍ਰਬੰਧਕ ਕਮੇਟੀਆਂ, ਪੰਥਕ ਜਥੇਬੰਦੀਆਂ ਅਤੇ ਸਿੱਖ ਪ੍ਰਚਾਰਕਾਂ ਵੱਲੋਂ ਜੂਨ 2022 ਦੌਰਾਨ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਸ਼ਿਕਾਇਤ ਪੱਤਰ ਦੇਣ ਤੋਂ ਪਹਿਲਾਂ 29 ਮਈ 2022 ਦਿਨ ਐਤਵਾਰ ਨੂੰ ਯੂ. ਕੇ. ਦੇ ਗੁਰਦੁਆਰਾ ਬਾਬਾ ਸੰਗ ਜੀ ਵਿਖੇ ਪੰਥਕ ਇਕੱਠ ਕੀਤਾ ਗਿਆ। ਇੱਥੇ ਮਤਿਆਂ ਰਾਹੀਂ ਸਤਿਕਾਰ ਕਮੇਟੀ ਯੂ. ਕੇ. ਦੇ ਮੁਖੀ ਮਨਵੀਰ ਸਿੰਘ ਉਰਫ਼ ਮੰਨਾ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦੀ ਬੇਅਦਬੀ ਲਈ ਦੋਸ਼ੀ ਕਰਾਰ ਦਿੱਤਾ ਗਿਆ ਅਤੇ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨੂੰ ਗੁਰਮਤਿ ਮਰਿਆਦਾ ਅਨੁਸਾਰ ਕਾਰਵਾਈ ਕਰਨ ਦੀ ਅਪੀਲ ਕੀਤੀ ਗਈ।

ਜਥੇਬੰਦੀਆਂ ਵਿੱਚ ਇੰਗਲੈਂਡ ਦੇ ਗੁਰਦੁਆਰਾ ਸਾਹਿਬਾਨ ਦੇ ਨੁਮਾਇੰਦਿਆਂ, ਪੰਥਕ ਜਥੇਬੰਦੀਆਂ ਜਿਨ੍ਹਾਂ ਵਿੱਚ ਸੁਪਰੀਮ ਸਿੱਖ ਕੌਂਸਲ, ਫੈਡਰੇਸ਼ਨ ਆਫ਼ ਸਿੱਖ ਆਰਗੇਨਾਈਜ਼ੇਸ਼ਨ, ਯੂਨਾਈਟਿਡ ਖ਼ਾਲਸਾ ਦਲ, ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਰਜਿਸਟਰਡ, ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ, ਧਰਮਯੁੱਧ ਜਥਾ ਯੂ ਕੇ, ਇੰਟਰਨੈਸ਼ਨਲ ਪੰਥਕ ਦਲ, ਸਿੱਖ ਕੌਂਸਲ ਯੂ ਕੇ, ਬ੍ਰਿਟਿਸ਼ ਸਿੱਖ ਕੌਂਸਲ ਯੂ ਕੇ, ਬ੍ਰਿਟਿਸ਼ ਸਿੱਖ ਕੌਂਸਲਿਟਟਿਵ ਫੋਰਮ ਅਤੇ ਰਾਮਗੜ੍ਹੀਆ ਕੌਂਸਲ ਯੂ ਕੇ ਦੀ ਸ਼ਮੂਲੀਅਤ ਰਹੀ। ਮੀਟਿੰਗ ਵਿਚ ਸਤਿਕਾਰ ਕਮੇਟੀ ਯੂ ਕੇ ਦੇ ਮੁਖੀ ਭਾਈ ਮਨਵੀਰ ਸਿੰਘ ਵੱਲੋਂ ਕੀਤੀਆਂ ਆਪ ਹੁਦਰੀਆਂ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਰੂਪਾਂ ਦੀ ਬੇਅਦਬੀ ਬਾਰੇ ਵੀਡੀਓ ਰਾਹੀ ਸਬੂਤਾਂ ਸਮੇਤ ਜਾਣਕਾਰੀ ਦਿੱਤੀ। ਇਹ ਕਿ ਪਿਛਲੇ ਕਾਫ਼ੀ ਸਮੇਂ ਤੋਂ ਗੁਰਦੁਆਰਾ ਬਾਬਾ ਸੰਗ ਦੇ ਪ੍ਰਬੰਧਕਾਂ ਅਤੇ ਸਤਿਕਾਰ ਕਮੇਟੀ ਯੂ ਕੇ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਤਿਕਾਰ ਲਈ ਚੱਲ ਰਹੀਆਂ ਸੇਵਾਵਾਂ ਨੂੰ ਲੈ ਕੇ ਮਾਮਲਾ ਭਖਿਆ ਹੋਇਆ ਸੀ। ਜਿਸ ਨੂੰ ਲੈ ਕੇ ਪ੍ਰਬੰਧਕਾਂ ਨੇ ਸਤਿਕਾਰ ਕਮੇਟੀ ਦੇ ਮੁਖੀ ਮਨਵੀਰ ਸਿੰਘ ਨਾਲ ਬੈਠ ਕੇ ਮਾਮਲੇ ਨੂੰ ਸੁਲਝਾਉਣ ਦੀ ਕੋਸ਼ਿਸ਼ ਕੀਤੀ ਪਰ ਮਨਬੀਰ ਸਿੰਘ ਵੱਲੋਂ ਸਹਿਯੋਗ ਦੇਣ ਦੀ ਬਜਾਏ ਪ੍ਰਬੰਧਕਾਂ ਨੂੰ ਮੀਣੇ, ਮਸੰਦ, ਗੋਲਕ ਚੋਰ ਅਤੇ ਕਾਤਲ ਕਹਿਣਾ ਸ਼ੁਰੂ ਕਰ ਦਿੱਤਾ।

ਇਸ ਤੋਂ ਬਾਅਦ ਯੂ ਕੇ 'ਚ ਪੰਥਕ ਇਕੱਠ ਨੇ ਸਮੁੱਚੇ ਰੂਪ ਵਿੱਚ ਮਨਵੀਰ ਸਿੰਘ ਉਰਫ਼ ਮਨੀਪਾਲ ਸਿੰਘ ਸਤਿਕਾਰ ਕਮੇਟੀ ਯੂ. ਕੇ. ਦੇ ਮੁਖੀ ਵੱਲੋਂ ਕੀਤੀਆਂ ਗਈਆਂ ਕਾਰਵਾਈਆਂ ਕਾਰਨ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਕਰਨ ਦਾ ਦੋਸ਼ੀ ਮੰਨਿਆ ਅਤੇ ਸਾਂਝੇ ਰੂਪ ਵਿੱਚ ਮਤੇ ਪਾਸ ਕਰਕੇ ਸਮੁੱਚੇ ਰੂਪ ਵਿੱਚ ਸਤਿਕਾਰ ਕਮੇਟੀ ਯੂ. ਕੇ. ਨੂੰ ਰੱਦ ਕਰਨ ਦਾ ਫ਼ੈਸਲਾ ਕੀਤਾ। ਅਤੇ ਮਨਵੀਰ ਸਿੰਘ ਉਰਫ਼ ਮਨੀਪਾਲ ਸਿੰਘ ਸਤਿਕਾਰ ਕਮੇਟੀ ਯੂ. ਕੇ. ਦੀਆਂ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਸਤਿਕਾਰ ਹੇਠ ਕੀਤੀਆਂ ਜਾਂਦੀਆਂ ਸਾਰੀਆਂ ਕਾਰਵਾਈਆਂ 'ਤੇ ਤੁਰੰਤ ਰੋਕ ਲਾਈ ਗਈ। ਇਹ ਫ਼ੈਸਲਾ ਵੀ ਲਿਆ ਗਿਆ ਕਿ ਸਤਿਕਾਰ ਕਮੇਟੀ ਯੂ ਕੇ ਜਾਂ ਕਿਸੇ ਵੀ ਇਕੱਲੇ ਵਿਅਕਤੀ ਜਾਂ ਸੰਸਥਾ ਨੂੰ ਅਧਿਕਾਰ ਨਹੀਂ ਹੈ ਕਿ ਗੁਰਦੁਆਰਾ ਸਾਹਿਬ ਤੋਂ ਬਾਹਰ ਦੁਨੀਆ ਵਿੱਚ ਕਿਸੇ ਵੀ ਦੇਸ਼ ਵਿੱਚ ਸੱਚਖੰਡ ਬਣਾਵੇ। ਇਸ ਦੇ ਨਾਲ ਹੀ ਉਸ ਵਕਤ ਸਤਿਕਾਰ ਕਮੇਟੀ ਯੂ. ਕੇ. ਦੇ ਸਾਰੇ ਮੈਂਬਰਾਂ ਖ਼ਿਲਾਫ਼ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਤੁਰੰਤ ਕਾਰਵਾਈ ਕਰਨ ਦੀ ਵੀ ਮੰਗ ਕੀਤੀ ਗਈ ਸੀ।

ਇੰਟਰਨੈਸ਼ਨਲ ਪੰਥਕ ਦਲ ਯੂਕੇ ਬਾਨੀ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ (ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ) ਵੱਲੋਂ

# ਗੁਰਦੁਆਰਾ ਬਾਬਾ ਸੰਗ ਜੀ ਬ੍ਰਮਿੰਘਮ ਇੰਗਲੈਂਡ ਵਿਖੇ 40 ਮੁਕਤਿਆਂ ਅਤੇ ਸਮੂੰਹ ਸ਼ਹੀਦਾਂ ਦੀ ਯਾਦ ਵਿੱਚ ਸ਼ਹੀਦੀ ਕਾਨਫਰੰਸ ਕਰਵਾਈ ਗਈ











**ਬ੍ਰਮਿੰਘਮ (ਇੰਗਲੈਂਡ), 18 ਜਨਵਰੀ (ਆਵਾਜ਼ਿ ਕੌਮ ਬਿਊਰੋ)-** ਇੰਟਰਨੈਸ਼ਨਲ ਪੰਥਕ ਦਲ ਯੂਕੇ ਦੇ ਬਾਨੀ ਅਤੇ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਸਿੰਘ ਸਾਹਿਬ ਭਾਈ ਜਸਬੀਰ ਸਿੰਘ ਦੀ ਅਗਵਾਈ ਹੇਠ 40 ਮੁਕਤਿਆਂ (ਮੁਕਤਸਰ ਸਾਹਿਬ) ਅਤੇ ਖਾਲਸਾ ਪੰਥ ਦੇ ਸਮੂਹ ਸ਼ਹੀਦਾਂ ਦੀ ਯਾਦ ਵਿੱਚ ਗੁਰਦੁਆਰਾ ਬਾਬਾ ਸੰਗ ਜੀ ਸਮੈਦਿਕ, ਵਿਖੇ ਸ਼੍ਰੀ ਅਖੰਡ ਪਾਠ ਸਾਹਿਬ ਕਰਵਾਇਆ ਗਿਆ। ਇਸ ਮੌਕੇ ਸ਼ਹੀਦੀ ਕਾਨਫਰੰਸ ਦਾ ਆਯੋਜਨ ਵੀ ਕੀਤਾ

AWAZE QAUM
International Newspaper & WEB TV

ਗਿਆ, ਜਿਸ ਵਿੱਚ ਇੰਗਲੈਂਡ ਭਰ ਤੋਂ ਵੱਡੀ ਗਿਣਤੀ ਵਿੱਚ ਸੰਗਤਾਂ ਅਤੇ ਪੰਥਕ ਆਗੂ ਸ਼ਾਮਿਲ ਹੋਏ।

ਸ਼੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਆਰਤੀ ਦਾ ਕੀਰਤਨ ਗਿਆਨੀ ਨਿਰਮਲ ਸਿੰਘ ਜੀ ਵੱਲੋਂ ਕੀਤਾ ਗਿਆ। ਇਸ ਤੋਂ ਬਾਅਦ ਗੁਰਦੁਆਰਾ ਸਾਹਿਬ ਦੇ ਸਟੇਜ ਸਕੱਤਰ ਵੱਲੋਂ ਪ੍ਰੋਗਰਾਮ ਦੀ ਜਾਣਕਾਰੀ ਸੰਗਤਾਂ ਨਾਲ ਸਾਂਝੀ ਕੀਤੀ ਗਈ। ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ਼੍ਰੀ ਅਖੰਡ ਪਾਠ ਸਾਹਿਬ ਕਰਵਾਉਣ ਦੀ ਸੇਵਾ ਨਿਭਾਉਣ ਲਈ ਭਾਈ ਬਲਜੀਤ ਸਿੰਘ ਕੰਗ ਨੂੰ ਸਿਰਪਾਓ ਭੇਟ ਕੀਤਾ ਗਿਆ। ਇਸ ਮੌਕੇ ਦੱਸਿਆ ਗਿਆ ਕਿ ਕੰਗ ਪਰਿਵਾਰ ਨਾਲ ਸਬੰਧਤ ਸਵਰਗਵਾਸੀ ਮਾਤਾ ਨਸੀਬ ਕੌਰ ਜੀ ਵੱਲੋਂ ਇਹ ਅਖੰਡ ਪਾਠ ਸਾਹਿਬ ਸ਼ਹੀਦਾਂ ਦੀ ਯਾਦ ਵਿੱਚ ਸਾਓਊਥਹੈਪਟਨ ਵਿਖੇ ਨਿਰੰਤਰ ਕਰਵਾਏ ਜਾਂਦੇ ਰਹੇ ਹਨ, ਜਿਸ ਪਰੰਪਰਾ ਨੂੰ ਹੁਣ ਭਾਈ ਬਲਜੀਤ ਸਿੰਘ ਕੰਗ ਵੱਲੋਂ ਵੀ ਜਾਰੀ ਰੱਖਿਆ ਜਾ ਰਿਹਾ ਹੈ। ਇਸ ਵਾਰ ਅਖੰਡ ਪਾਠ ਸਾਹਿਬ ਦੀ ਸੇਵਾ ਇੰਟਰਨੈਸ਼ਨਲ ਪੰਥਕ ਦਲ ਦੇ ਸਮੂਹ ਸੇਵਾਦਾਰਾਂ ਅਤੇ ਕੰਗ ਪਰਿਵਾਰ ਦੇ ਸਹਿਯੋਗ ਨਾਲ ਸੰਪੰਨ ਹੋਈ।

ਕਾਨਫਰੰਸ ਦੇ ਬੁਲਾਰਿਆਂ ਵਿੱਚ ਸਭ ਤੋਂ ਪਹਿਲਾਂ ਗੁਰਦੁਆਰਾ ਬਾਬਾ ਸੰਗ ਜੀ ਦੇ ਸਾਬਕਾ ਪ੍ਰਧਾਨ ਭਾਈ ਰਘਬੀਰ ਸਿੰਘ ਨੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਇਸ ਦੌਰਾਨ ਉਨ੍ਹਾਂ ਨੇ ਸ੍ਰੀ ਅਕਾਲ ਤਖਤ ਸਾਹਿਬ ਨਾਲ ਸੰਬੰਧਤ ਇੱਕ ਹਾਲੀਆ ਸੋਸ਼ਲ ਮੀਡੀਆ ਚਿੱਠੀ ਦੇ ਮਾਮਲੇ 'ਤੇ ਗੰਭੀਰ ਸਵਾਲ ਖੜੇ ਕੀਤੇ। ਉਨ੍ਹਾਂ ਕਿਹਾ ਕਿ ਜਿੱਥੇ ਬੇਅਦਬੀ ਦੀ ਘਟਨਾ ਦੱਸੀ ਜਾ ਰਹੀ ਹੈ, ਉਥੇ ਨਾ ਤਾਂ ਕਿਸੇ ਜਾਂਚ ਕਮੇਟੀ ਨੇ ਦੌਰਾ ਕੀਤਾ ਅਤੇ ਨਾ ਹੀ ਗੁਰਦੁਆਰਾ ਪ੍ਰਬੰਧਨ ਨੂੰ ਕੋਈ ਸੂਚਨਾ ਦਿੱਤੀ ਗਈ। ਭਾਈ ਰਘਬੀਰ ਸਿੰਘ ਨੇ ਕਿਹਾ ਕਿ ਪੰਜ ਸਿੰਘ ਸਾਹਿਬਾਨਾਂ ਵੱਲੋਂ ਸਾਂਝੇ ਤੌਰ 'ਤੇ ਕੀਤੇ ਫੈਸਲੇ ਨੂੰ ਕਿਸੇ



ਇੱਕ ਪੀਏ ਜਾਂ ਸਕੱਤਰ ਵੱਲੋਂ ਬਦਲਣਾ ਪੰਥਕ ਮਰਯਾਦਾ ਦੇ ਉਲਟ ਹੈ। ਉਨ੍ਹਾਂ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਨੂੰ ਅਪੀਲ ਕੀਤੀ ਕਿ ਉਹ ਖੁਦ ਜਾਂ ਪੰਜ ਸਿੰਘ ਸਾਹਿਬਾਨਾਂ ਦੀ ਟੀਮ ਨਾਲ ਮੌਕੇ 'ਤੇ ਆ ਕੇ ਹਕੀਕਤ ਦੀ ਜਾਂਚ ਕਰਨ।

ਇਸ ਤੋਂ ਬਾਅਦ ਸਿੱਖ ਫੈਡਰੇਸ਼ਨ ਯੂਕੇ ਦੇ ਪ੍ਰਧਾਨ ਭਾਈ ਪਰਮਿੰਦਰ ਸਿੰਘ ਬੱਲ ਨੇ ਆਪਣੇ ਵਿਚਾਰ ਰੱਖਦੇ ਹੋਏ ਇੰਟਰਨੈਸ਼ਨਲ ਸਿੱਖ ਯੂਥ ਫੈਡਰੇਸ਼ਨ ਦੀ ਸਥਾਪਨਾ, ਉਸ ਦੇ ਇਤਿਹਾਸਕ ਸੰਘਰਸ਼ ਅਤੇ ਬਾਅਦ ਵਿੱਚ ਸਿੱਖ ਫੈਡਰੇਸ਼ਨ ਯੂਕੇ ਅਤੇ ਇੰਟਰਨੈਸ਼ਨਲ ਪੰਥਕ ਦਲ ਦੀ ਭੂਮਿਕਾ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਐਲਾਨ ਕੀਤਾ ਕਿ ਇੰਟਰਨੈਸ਼ਨਲ ਪੰਥਕ ਦਲ ਅਤੇ ਸਿੱਖ ਫੈਡਰੇਸ਼ਨ ਯੂਕੇ ਭਵਿੱਖ ਵਿੱਚ ਇੰਗਲੈਂਡ ਅਤੇ ਪੰਜਾਬ ਦੋਵਾਂ ਥਾਵਾਂ 'ਤੇ ਪੰਜਾਬ ਅਤੇ ਪੰਥਕ ਮੁੱਦਿਆਂ ਲਈ ਰਲ ਕੇ ਸੰਘਰਸ਼ ਕਰਨਗੇ। ਉਨ੍ਹਾਂ ਨੌਜਵਾਨਾਂ ਨੂੰ ਅੱਗੇ ਆ ਕੇ ਸੰਘਰਸ਼ ਦੀ ਅਗਵਾਈ ਸੰਭਾਲਣ ਦੀ ਅਪੀਲ ਵੀ ਕੀਤੀ।

ਇੰਟਰਨੈਸ਼ਨਲ ਪੰਥਕ ਦਲ ਦੇ ਜਨਰਲ ਸਕੱਤਰ ਅਤੇ ਮੁੱਖ ਬੁਲਾਰੇ ਭਾਈ ਕਪਤਾਨ ਸਿੰਘ ਨੇ 40 ਮੁਕਤਿਆਂ ਦੀ ਸ਼ਹਾਦਤ ਅਤੇ 'ਬੇਦਾਵੇ' ਦੀ ਇਤਿਹਾਸਕ ਮਹੱਤਤਾ ਬਾਰੇ ਵਿਸਤਾਰ ਨਾਲ ਰੋਸ਼ਨੀ ਪਾਈ। ਉਨ੍ਹਾਂ ਕਿਹਾ ਕਿ ਅੱਜ ਲੋੜ ਹੈ ਕਿ ਸਿੱਖ ਆਪਣੇ ਅੰਦਰ ਝਾਤੀ ਮਾਰ ਕੇ ਗੁਰੂ ਨਾਲ ਕੀਤੇ ਵਾਅਦਿਆਂ 'ਤੇ ਖਰਾ ਉਤਰਣ। ਉਨ੍ਹਾਂ ਇੰਟਰਨੈਸ਼ਨਲ ਪੰਥਕ ਦਲ ਵੱਲੋਂ ਕੀਤੀਆਂ ਗਈਆਂ ਗਤੀਵਿਧੀਆਂ, ਧੰਨ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350ਵੀਂ ਸ਼ਤਾਬਦੀ ਮੌਕੇ ਪੰਜਾਬ ਭਰ ਵਿੱਚ ਕੱਢੇ 40 ਨਗਰ ਕੀਰਤਨਾਂ ਅਤੇ ਨੌਜਵਾਨਾਂ ਨੂੰ ਸਿੱਖੀ ਨਾਲ ਜੋੜਨ ਲਈ ਕੀਤੇ ਉਪਰਾਲਿਆਂ ਬਾਰੇ ਵੀ ਜਾਣਕਾਰੀ ਦਿੱਤੀ।

ਜਥੇਬੰਦੀ ਇੰਟਰਨੈਸ਼ਨਲ ਪੰਥ ਦਲ ਦੇ ਮੁੱਖ ਬੁਲਾਰੇ ਭਾਈ ਕਪਤਾਨ ਸਿੰਘ ਨੇ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਕਰਨ ਵਾਲਿਆਂ ਤੇ ਬੇਅਦਬੀ ਕਰਨ ਵਾਲਿਆਂ ਨੂੰ ਬਚਾਉਣ ਵਾਲਿਆਂ ਵੱਲ ਵੀ ਇਸ਼ਾਰਾ ਕੀਤਾ ਕਿ ਭਾਵੇਂ ਇਹ ਬੇਅਦਬੀ ਵਿੱਚ ਬਾਦਲ ਦਲ ਨੇ ਨਹੀਂ ਕੀਤੀ ਸੀ ਪਰ ਬਾਦਲ ਦਲ ਦੀ ਸਰਕਾਰ ਨੇ ਬੇਅਦਬੀ ਕਰਨ ਵਾਲਿਆਂ ਨੂੰ ਉਸ ਵੇਲੇ ਬਚਾਇਆ ਜਰੂਰ ਸੀ। ਤੇ ਇਹੀ ਗੱਲ ਅੱਜ ਇੰਗਲੈਂਡ ਦੇ ਵਿੱਚ ਵੀ ਹੋ ਰਹੀ ਹੈ। ਜਿਨਾਂ ਨੇ ਗੁਰਦੁਆਰਾ ਬਾਬਾ ਸੰਗ ਵਿਖੇ ਬੇਅਦਬੀ ਦੀ ਕਾਰਵਾਈ ਕੀਤੀ ਹੈ। ਉਹਨਾਂ ਨੂੰ ਅਕਾਲ ਤਖਤ ਸਾਹਿਬ ਤੇ ਤਲਬ ਕੀਤਾ ਗਿਆ ਹੈ। ਪਰ ਉੱਥੇ ਜਥੇਦਾਰ ਜੋ ਬਾਦਲ ਦਲੀਆਂ ਵੱਲੋਂ ਜੁਗਤ ਕੀਤਾ ਗਿਆ ਹੈ ਉਸਦੇ ਸਕੱਤਰ ਵੱਲੋਂ ਇਹ ਕਹਿਣਾ ਕਿ ਉਹ ਫੈਸਲਾ ਜੋ ਪੰਜ ਸਿੰਘ ਸਾਹਿਬਾਨਾਂ ਨੇ ਕੀਤਾ ਸੀ ਉਹ ਇੱਕ ਪਾਸੜ ਹੈ ਬਹੁਤ ਹੀ ਨਿੰਦਨਯੋਗ ਘਟਨਾ ਹੈ। ਸੋ ਸਿੱਖਾਂ ਨੂੰ ਜਾਗਣਾ ਪਵੇਗਾ ਤੇ ਆਪਣੇ ਫਰਜ ਪਛਾਨਣੇ ਪੈਣਗੇ ਭਾਈ ਕਪਤਾਨ ਸਿੰਘ ਨੇ ਦੱਸਿਆ ਕਿ ਇੰਗਲੈਂਡ ਦੇ ਲਿਵਰਪੂਲ ਸ਼ਹਿਰ ਵਿੱਚ ਇੰਟਰਨੈਸ਼ਨਲ ਪੰਥਕ ਜਥੇਬੰਦੀ ਦੀਆਂ ਸੇਵਾਵਾਂ ਭਾਈ ਗੁਰਬਚਨ ਸਿੰਘ ਨਿਭਾਉਣਗੇ ਤੇ ਉਹਨਾਂ ਨੂੰ ਬੇਨਤੀ ਕੀਤੀ ਕਿ ਤੁਸੀਂ ਆਪਣੀ ਬਰਾਂਚ ਦੇ ਬਾਕੀ ਸਿੰਘਾਂ ਦੀ ਵੀ ਨਿਯੁਕਤੀ ਕਰੋ

ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਗੁਰਨਾਮ ਸਿੰਘ ਨੇ ਇੰਟਰਨੈਸ਼ਨਲ ਪੰਥਕ ਦਲ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਸਿੰਘ ਸਾਹਿਬ ਭਾਈ ਜਸਬੀਰ ਸਿੰਘ ਜੀ ਇੱਕ ਸ਼ਹੀਦ ਪਰਿਵਾਰ ਨਾਲ ਸੰਬੰਧਤ ਹਨ, ਜਿੱਥੋਂ 20ਵੀਂ ਸਦੀ ਦੇ ਮਹਾਨ ਸ਼ਹੀਦ ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਨੇ ਪੰਥ ਨੂੰ ਅਗਵਾਈ ਦਿੱਤੀ। ਪ੍ਰਧਾਨ ਗੁਰਨਾਮ ਸਿੰਘ ਨੇ ਦਮਦਮੀ ਟਕਸਾਲ ਅਤੇ ਇੰਟਰਨੈਸ਼ਨਲ ਪੰਥਕ ਦਲ ਨੂੰ ਇਕੱਠੇ ਹੋ ਕੇ ਕੌਮ ਦੀ ਸੁਚੱਜੀ ਅਗਵਾਈ ਕਰਨ ਦੀ ਅਪੀਲ ਕੀਤੀ। ਸਮਾਗਮ ਦੌਰਾਨ ਗੁਰਬਾਣੀ ਕੀਰਤਨ, ਕਥਾ ਅਤੇ ਕਵੀਸ਼ਰੀ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਸੰਗਤਾਂ ਵੱਲੋਂ ਸਮਾਗਮ ਦੀ ਭਰਪੂਰ ਸ਼ਲਾਘਾ ਕੀਤੀ ਗਈ। ਆਵਾਜਿ ਕੌਮ ਟੀਵੀ ਅਤੇ ਪੀਬੀਸੀ ਟੈਲੀਵਿਜ਼ਨ ਵੱਲੋਂ ਸਮਾਗਮ ਦਾ ਲਾਈਵ ਪ੍ਰਸਾਰਣ ਕੀਤਾ ਗਿਆ, ਜਿਸ ਲਈ ਪ੍ਰਬੰਧਕਾਂ ਵੱਲੋਂ ਮੀਡੀਆ ਦਾ ਵਿਸ਼ੇਸ਼ ਧੰਨਵਾਦ ਕੀਤਾ ਗਿਆ।